ਦੁਕਾਨ ਦਾ ਦਰਵਾਜ਼ਾ ਖੋਲ੍ਹ ਕੇ ਬਾਹਰ ਨਿਕਲਿਆ ਤਾਂ ਪਹਿਲਾਂ ਹੀ ਮੋਟਰਸਾਈਕਲ ਸਟਾਰਟ ਕਰ ਕੇ ਖੜ੍ਹੇ ਆਪਣੇ ਸਾਥੀ ਦੇ ਪਿੱਛੇ ਬੈਠ ਕੇ ਫਰਾਰ ਹੋ ਗਿਆ। ਸਾਬਕਾ ਫੌਜੀ ਨੇ ਪਹਿਲਾਂ ਤਾਂ ਗੋਲੀ ਚਲਾਉਣ ਦੀ ਕੋਸ਼ਿਸ਼ ਕੀਤੀ ਪਰ ਫਾਇਰ ਨਾ ਹੋਣ 'ਤੇ ਉਸ ਨੇ ਪਿੱਛੇ ਬੈਠੇ ਲੁਟੇਰੇ ਦੇ ਸਿਰ 'ਤੇ ਪਿਸਤੌਲ ਮਾਰਨੀ ਚਾਹੀ ਪਰ ਉਹ ਨਹੀਂ ਲੱਗੀ ਅਤੇ ਲੁਟੇਰੇ 600 ਯੂਰੋ ਲੈ ਕੇ ਫਰਾਰ ਹੋ ਗਏ। ਸਾਬਕਾ ਫੌਜੀ ਤਜਿੰਦਰ ਸਿੰਘ ਨੇ ਦੱਸਿਆ ਕਿ ਵਾਰਦਾਤ ਤੋਂ ਬਾਅਦ ਉਸ ਨੇ ਕਈ ਵਾਰ ਪੁਲਸ ਨੂੰ ਫੋਨ ਕੀਤਾ ਪਰ ਕਿਸੇ ਨੇ ਫੋਨ ਨਹੀਂ ਚੁੱਕਿਆ। ਇਸੇ ਦੌਰਾਨ ਉਸ ਦਾ ਜਾਣਕਾਰ ਪੁਲਸ ਮੁਲਾਜ਼ਮ ਦੁਕਾਨ 'ਤੇ ਆਇਆ, ਜਿਸ ਨੇ ਥਾਣਾ ਨੰ. 1 ਦੀ ਪੁਲਸ ਨੂੰ ਸੂਚਨਾ ਦਿੱਤੀ ਅਤੇ ਫਿਰ ਜਾ ਕੇ ਏ. ਐੱਸ. ਪੀ. ਨਾਰਥ ਅਸ਼ੋਕ ਮੀਣਾ ਅਤੇ ਥਾਣਾ ਨੰ. 1 ਦੇ ਇੰਚਾਰਜ ਰਾਕੇਸ਼ ਕੁਮਾਰ ਆਪਣੀ ਟੀਮ ਦੇ ਨਾਲ ਮੌਕੇ 'ਤੇ ਪਹੁੰਚੇ। ਪੁਲਸ ਨੇ ਸੀ. ਸੀ. ਟੀ. ਵੀ. ਕੈਮਰਿਆਂ ਦੀ ਫੁਟੇਜ ਕਢਵਾ ਕੇ ਲੁਟੇਰਿਆਂ ਦੀ ਪਛਾਣ ਕਰਨੀ ਸ਼ੁਰੂ ਕਰ ਦਿੱਤੀ ਹੈ। ਥਾਣਾ ਨੰ. 1 ਦੇ ਇੰਚਾਰਜ ਰਾਕੇਸ਼ ਕੁਮਾਰ ਨੇ ਕਿਹਾ ਕਿ ਜਲਦ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰ ਲਿਆ ਜਾਵੇਗਾ। ਸਾਬਕਾ ਫੌਜੀ ਨੇ ਲੁਟੇਰਿਆਂ ਦਾ ਪਿਸਤੌਲ ਪੁਲਸ ਦੇ ਹਵਾਲੇ ਕਰ ਦਿੱਤਾ ਹੈ, ਜੋ ਮੇਡ ਇਨ ਆਸਟ?ਰੇਲੀਆ ਹੈ ਪਰ ਅਸਲੀ ਨਹੀਂ। ਹਾਲਾਂਕਿ ਉਸ ਨਾਲ ਫਾਇਰ ਹੋਣ 'ਤੇ ਕਿਸੇ ਵਿਅਕਤੀ ਨੂੰ ਗੰਭੀਰ ਸੱਟ ਜ਼ਰੂਰ ਲੱਗ ਸਕਦੀ ਹੈ। ਤਜਿੰਦਰ ਸਿੰਘ ਨੇ ਦੱਸਿਆ ਕਿ ਉਸ ਨੇ ਫੌਜ ਵਿਚ 9 ਸਾਲ ਨੌਕਰੀ ਕੀਤੀ। ਵਿਦੇਸ਼ ਵਿਚ ਵੀਜ਼ਾ ਲੱਗਣ 'ਤੇ ਉਸ ਨੇ ਨੌਕਰੀ ਛੱਡ ਦਿੱਤੀ ਸੀ ਪਰ ਫੌਜ ਵਿਚ ਰਹਿੰਦੇ ਸਮੇਂ ਉਹ ਕਾਫੀ ਸਮਾਂ ਜੰਮੂ-ਕਸ਼ਮੀਰ ਵਿਚ ਰਿਹਾ। ਉਸ ਨੂੰ ਸਾਰੀ ਟ?ਰੇਨਿੰਗ ਦਿੱਤੀ ਗਈ ਸੀ ਕਿ ਕਿਵੇਂ ਅੱਤਵਾਦੀਆਂ ਤੋਂ ਹਥਿਆਰ ਖੋਹਣੇ ਹਨ। ਉਹੀ ਟ?ਰੇਨਿੰਗ ਉਸ ਦੇ ਕੰਮ ਆ ਗਈ। ਸਾਬਕਾ ਫੌਜੀ ਨੇ ਕਿਹਾ ਕਿ ਜਦੋਂ ਉਸ ਨੇ ਲੁਟੇਰੇ ਨੂੰ ਪਿਆਰ ਨਾਲ ਯੂਰੋ ਲਿਜਾਣ ਲਈ ਕਿਹਾ ਤਾਂ ਉਹ ਢਿੱਲਾ ਹੋ ਗਿਆ ਸੀ ਅਤੇ ਪਿਸਤੌਲ ਉਸ ਤੋਂ ਹਟਾ ਕੇ ਯੂਰੋ ਚੁੱਕ ਕੇ ਜੇਬ ਵਿਚ ਪਾਉਣ ਲੱਗਾ ਤਾਂ ਮੌਕਾ ਦੇਖ ਕੇ ਉਸ ਨੇ ਪਿਸਤੌਲ ਖੋਹ ਲਿਆ ਅਤੇ ਉਸ ਦੀ ਬਾਂਹ ਮੋੜ ਕੇ ਉਸੇ ਦੀ ਪਿਸਤੌਲ ਪਿੱਠ 'ਤੇ ਲਾ ਦਿੱਤੀ। ਉਨ੍ਹਾਂ ਕਿਹਾ ਕਿ ਲੁਟੇਰਾ ਵੀ ਹੱਟਾ-ਕੱਟਾ ਸੀ, ਜਿਸ ਨੇ ਛੁਡਵਾਉਣ ਦੀ ਕੋਸ਼ਿਸ਼ ਵੀ ਕੀਤੀ ਪਰ ਉਸ ਨੇ ਲੁਟੇਰੇ ਨੂੰ ਤਿੰਨ ਤੋਂ ਚਾਰ ਵਾਰ ਕੰਧ 'ਤੇ ਮਾਰਿਆ ਅਤੇ ਫਿਰ ਉਹ ਹੱਥ ਛੁਡਵਾ ਕੇ ਬਾਹਰ ਖੜ੍ਹੇ ਸਾਥੀ ਦੇ ਮੋਟਰਸਾਈਕਲ 'ਤੇ ਬੈਠ ਕੇ ਫਰਾਰ ਹੋ ਗਿਆ।

## ਨੌਜਵਾਨ 'ਤੇ ਹਮਲਾ ਕਰਨ ਅਤੇ ਲੁੱਟਣ ਦੇ ਦੋਸ਼ ਹੇਠ 3 ਨੌਜਵਾਨ ਗ੍ਰਿਫ਼ਤਾਰ

ਕੌਮੀ ਪਤ੍ਰਿਕਾ

ਅਬੋਹਰ 17 ਅਕਤੂਬਰ। ਸਥਾਨਕ ਆਰੀਆ ਨਗਰ ਇਲਾਕੇ 'ਚ ਬੀਤੀ ਰਾਤ ਤਿੰਨ ਲੁਟੇਰਿਆਂ ਨੇ ਗਲੀ 'ਚ ਜਾ ਰਹੇ ਇਕ ਨੌਜਵਾਨ ਨੂੰ ਰਸਤੇ 'ਚ ਰੋਕ ਕੇ ਉਸ ਦੀ ਕੁੱਟਮਾਰ ਕਰਦੇ ਹੋਏ ਚਾਂਦੀ ਦਾ ਬਰੇਸਲੈੱਟ ਅਤੇ ਮੋਬਾਇਲ ਫੋਨ ਖੋਹ ਲਿਆ। ਸਿਟੀ ਥਾਣਾ ਨੰਬਰ-2 ਦੀ ਪੁਲਸ ਨੇ ਤੇਜ਼ੀ ਨਾਲ ਕਾਰਵਾਈ ਕਰਦਿਆਂ ਤਿੰਨ ਲੁਟੇਰਿਆਂ ਨੂੰ ਗ੍ਰਿਫ਼ਤਾਰ ਕਰ ਲਿਆ। ਉਨ੍ਹਾਂ ਨੂੰ ਪੁੱਛਗਿੱਛ ਲਈ ਅਦਾਲਤ 'ਚ ਪੇਸ਼ ਕੀਤਾ ਜਾਵੇਗਾ ਅਤੇ ਰਿਮਾਂਡ 'ਤੇ ਲਿਆ ਜਾਵੇਗਾ ਕਿਉਂਕਿ ਉਨ੍ਹਾਂ ਤੋਂ ਲੁੱਟ ਬਾਰੇ ਹੋਰ ਵੇਰਵੇ ਸਾਹਮਣੇ ਆਉਣ ਦੀ ਸੰਭਾਵਨਾ ਹੈ। ਜਾਣਕਾਰੀ ਦਿੰਦੇ ਹੋਏ ਸਿਟੀ ਥਾਣਾ ਇੰਚਾਰਜ ਮਨਿੰਦਰ ਸਿੰਘ ਨੇ ਦੱਸਿਆ ਕਿ ਵਰਿਆਮ ਨਗਰ ਨੇੜੇ ਸੱਚਾ ਸੌਦਾ ਦੇ ਰਹਿਣ ਵਾਲੇ ਨੈਤਿਕ ਕੁਮਾਰ ਪੁੱਤਰ ਰਾਮ ਨਰੇਸ਼ ਨੇ ਉਨ੍ਹਾਂ ਨੂੰ ਦੱਸਿਆ ਸੀ ਕਿ ਬੀਤੀ ਰਾਤ ਲਗਭਗ 9:30 ਵਜੇ ਜਦੋਂ ਉਹ ਆਰੀਆ ਨਗਰ ਵਿਚ ਸੀ ਤਾਂ ਤਿੰਨ ਲੁਟੇਰਿਆਂ ਨੇ ਉਸ ਨੂੰ ਲੁੱਟਣ ਦੇ ਇਰਾਦੇ ਨਾਲ ਸੜਕ 'ਤੇ ਰੋਕਿਆ। ਉਨ੍ਹਾਂ ਨੇ ਉਸ 'ਤੇ ਹਮਲਾ ਕੀਤਾ ਅਤੇ ਉਸ ਦਾ ਮੋਬਾਇਲ ਫੋਨ ਅਤੇ ਇਕ ਚਾਂਦੀ ਦਾ ਬਰੇਸਲੈੱਟ ਜਿਸ ਦੀ ਕੀਮਤ ਕਰੀਬ 14,000 ਰੁਪਏ ਹੈ, ਖੋਹ ਲਿਆ। ਉਸ ਨੇ ਇਸ ਸਬੰਧੀ ਪੁਲਸ ਸ਼ਿਕਾਇਤ ਦਰਜ ਕਰਵਾਈ। ਥਾਣਾ ਇੰਚਾਰਜ ਨੇ ਦੱਸਿਆ ਕਿ ਜਿਵੇਂ ਹੀ ਉਨ੍ਹਾਂ ਨੂੰ ਲੁੱਟ ਦੀ ਸੂਚਨਾ ਮਿਲੀ, ਉਨ੍ਹਾਂ ਨੇ ਜਾਂਚ ਲਈ ਪੁਲਸ ਟੀਮਾਂ ਬਣਾਈਆਂ। ਜਾਂਚ ਤੋਂ ਬਾਅਦ ਉਨ੍ਹਾਂ ਦੀ ਪੁਲਸ ਟੀਮ ਨੇ ਇਸ ਲੁੱਟ ਨੂੰ ਅੰਜਾਮ ਦੇਣ ਵਾਲੇ ਵਿਕਾਸ ਉਰਫ਼ ਸੁਜਲ ਪੁੱਤਰ ਰਮੇਸ਼ ਕੁਮਾਰ ਵਾਸੀ ਆਰੀਆ ਨਗਰ ਗਲੀ ਨੰਬਰ 2,



ਹਨੀ ਉਰਫ਼ ਰਾਂਝਾ ਪੁੱਤਰ ਵਿਜੇ ਕੁਮਾਰ ਅਤੇ ਵਰੁਣ ਪੁੱਤਰ ਸੁਰਿੰਦਰ ਕੁਮਾਰ ਵਾਸੀ ਠਾਕਰ ਆਬਾਦੀ ਗਲੀ ਨੰਬਰ 11-12 ਨੂੰ ਗ੍ਰਿਫ਼ਤਾਰ ਕਰ ਲਿਆ ਅਤੇ ਉਨ੍ਹਾਂ ਖ਼?ਲਾਫ਼ ਮਾਮਲਾ ਦਰਜ ਕੀਤਾ। ਥਾਣਾ ਇੰਚਾਰਜ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਟੀਮ ਨੇ ਇਨ੍ਹਾਂ ਤਿੰਨਾਂ ਕੋਲੋਂ ਖੋਹਿਆ ਹੋਇਆ ਚਾਂਦੀ ਦਾ ਬਰੇਸਲੈੱਟ ਅਤੇ ਮੋਬਾਇਲ ਫੋਨ ਵੀ ਬਰਾਮਦ ਕਰ ਲਿਆ ਹੈ।

## ਪੰਜਾਬ 'ਚ ਨਹੀਂ ਰੁਕ ਰਹੀਆਂ ਬੇਅਦਬੀ ਦੀਆਂ ਘਟਨਾਵਾਂ ! ਹੁਣ ਬਾਬਾ ਦੀਪ ਸਿੰਘ ਨਗਰ ਤੋਂ ਸਾਹਮਣੇ ਆਇਆ ਮਾਮਲਾ

ਬਠਿੰਡਾ 17 ਅਕਤੂਬਰ। ਬਾਬਾ ਦੀਪ ਸਿੰਘ ਨਗਰ ਵਿਚ ਗੁਰਦੁਆਰਾ ਸਾਹਿਬ ਦੇ ਨੇੜੇ ਕਿਸੇ ਅਣਪਛਾਤੇ ਵਿਅਕਤੀ ਵੱਲੋਂ ਗੁਟਕਾ ਸਾਹਿਬ ਦੀ ਬੇਅਦਬੀ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਜਾਣਕਾਰੀ ਅਨੁਸਾਰ ਕਿਸੇ ਨੇ ਗੁਟਕਾ ਸਾਹਿਬ ਦੇ ਅੰਗ ਫਾੜ ਕੇ ਇਧਰ-ਉਧਰ ਸੁੱਟ ਦਿੱਤੇ। ਸਵੇਰੇ ਗੁਰਦੁਆਰਾ ਸਾਹਿਬ ਵਿਖੇ ਮੱਥਾ ਟੇਕਣ ਆਈ ਸੰਗਤ ਨੇ ਜਦੋਂ ਇਹ ਦ੍ਰਿਸ਼ ਦੇਖਿਆ ਤਾਂ ਤੁਰੰਤ ਇਸ ਬਾਰੇ ਗੁਰਦੁਆਰਾ ਕਮੇਟੀ ਨੂੰ ਜਾਣਕਾਰੀ ਦਿੱਤੀ।



ਕਮੇਟੀ ਵੱਲੋਂ ਫੌਰੀ ਤੌਰ 'ਤੇ ਪੁਲਸ ਨੂੰ ਸੂਚਿਤ ਕੀਤਾ ਗਿਆ। ਸੂਚਨਾ ਮਿਲਦੇ ਹੀ ਪੁਲਸ ਅਤੇ ਪ੍ਰਸ਼ਾਸਨਿਕ ਅਧਿਕਾਰੀ ਮੌਕੇ 'ਤੇ ਪਹੁੰਚੇ ਅਤੇ ਗੁਟਕਾ ਸਾਹਿਬ ਦੇ ਅੰਗ ਇਕੱਠੇ ਕਰਕੇ ਸਤਿਕਾਰ ਸਹਿਤ ਗੁਰਦੁਆਰਾ ਸਾਹਿਬ ਵਿਖੇ ਪਹੁੰਚਾਏ। ਗੁਰਦੁਆਰਾ ਕਮੇਟੀ ਨੇ ਇਸ ਸਬੰਧੀ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਨੂੰ ਵੀ ਸੂਚਿਤ ਕੀਤਾ। ਸੂਚਨਾ ਮਿਲਣ ਉਪਰੰਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ (ਐੱਸ.ਜੀ.ਪੀ.ਸੀ.) ਦੀ ਇਕ ਟੀਮ ਤਲਵੰਡੀ ਸਾਬੋ ਸਥਿਤ ਤਖ਼ਤ ਸ੍ਰੀ ਦਮਦਮਾ ਸਾਹਿਬ ਤੋਂ ਬਠਿੰਡਾ ਪਹੁੰਚੀ ਅਤੇ ਮੌਕੇ 'ਤੇ ਜਾਂਚ ਸ਼ੁਰੂ ਕੀਤੀ। ਪੁਲਸ ਵੱਲੋਂ ਅਣਪਛਾਤੇ ਵਿਅਕਤੀਆਂ ਖ਼?ਲਾਫ ਮਾਮਲਾ ਦਰਜ ਕਰ ਲਿਆ ਗਿਆ ਹੈ ਅਤੇ ਅਗਲੀ ਕਾਰਵਾਈ ਜਾਰੀ ਹੈ। ਥਾਣਾ ਕੈਨਾਲ ਦੇ ਇੰਚਾਰਜ ਹਰਜੋਤ ਸਿੰਘ ਨੇ ਦੱਸਿਆ ਕਿ ਪੁਲਸ ਸੀ.ਸੀ.ਟੀ.ਵੀ. ਕੈਮਰਿਆਂ ਦੀ ਫੁਟੇਜ ਦੀ ਜਾਂਚ ਕਰ ਰਹੀ ਹੈ ਅਤੇ ਹੋਰ ਸਰੋਤਾਂ ਰਾਹੀਂ ਵੀ ਤਫ਼ਤੀਸ਼ ਕੀਤੀ ਜਾ ਰਹੀ ਹੈ।

## 4 ਹਜ਼ਾਰ ਦਾ ਪੈਟਰੋਲ ਪੁਆ ਕੇ ਭੱਜਿਆ ਕਾਰ ਚਾਲਕ, ਰੋਕਣ ਦੀ ਕੋਸ਼ਿਸ਼ ਕੀਤੀ ਤਾਂ ਕਰ ਦਿੱਤਾ ਇਹ ਕਾਂਡ !

ਇੰਦੌਰ 17 ਅਕਤੂਬਰ। ਮੱਧ ਪ੍ਰਦੇਸ਼ ਦੇ ਇੰਦੌਰ ਜ਼ਿਲ੍ਹੇ 'ਚ ਇਕ ਅਣਪਛਾਤੇ ਕਾਰ ਚਾਲਕ ਦੇ ਖ਼?ਲਾਫ 22 ਸਾਲਾ ਪੈਟਰੋਲ ਪੰਪ ਕਰਮੀ ਦੀ ਗੈਰ-ਇਰਾਦਤਨ ਹੱਤਿਆ ਦੇ ਦੋਸ਼ ਹੇਠ ਮਾਮਲਾ ਦਰਜ ਕੀਤਾ ਗਿਆ ਹੈ। ਇਸ ਘਟਨਾ ਦੀ ਜਾਣਕਾਰੀ ਪੁਲਸ ਦੇ ਇਕ ਅਧਿਕਾਰੀ ਨੇ ਵੀਰਵਾਰ ਨੂੰ ਦਿੱਤੀ। ਇਸ ਮਾਮਲੇ ਦੀ ਜਾਂਚ ਕਰ ਰਹੇ ਐੱਸ. ਡੀ. ਓ. ਪੀ. ਦੇਵੇਂਦਰ ਸਿੰਘ ਧੁਰਵੇ ਨੇ ਦੱਸਿਆ ਕਿ ਸਾਂਵੇਰ ਥਾਣਾ ਖੇਤਰ 'ਚ ਇਕ ਕਾਰ ਚਾਲਕ ਬੁੱਧਵਾਰ ਤੜਕੇ 4 ਵਜੇ ਦੇ ਆਸ-ਪਾਸ ਪੈਟਰੋਲ ਪੰਪ 'ਤੇ ਆਪਣੀ ਗੱਡੀ 'ਚ ਪੈਟਰੋਲ ਪਵਾਉਣ ਲਈ ਆਇਆ। ਇਸ ਦੌਰਾਨ ਉਸ ਨੇ ਆਪਣੀ ਗੱਡੀ ਵਿਚ 4,000 ਰੁਪਏ ਦਾ ਪੈਟਰੋਲ ਭਰਵਾਉਣ ਤੋਂ ਬਾਅਦ ਭੁਗਤਾਨ ਕਰਨ ਤੋਂ ਇਨਕਾਰ ਕਰ ਦਿੱਤਾ ਅਤੇ ਤੇਜ਼ ਰਫਤਾਰ ਨਾਲ ਗੱਡੀ ਅੱਗੇ ਵਧਾ ਦਿੱਤੀ। ਉਨ੍ਹਾਂ ਦੱਸਿਆ ਕਿ ਪੈਟਰੋਲ ਪੰਪ ਕਰਮੀ ਰੋਹਿਤ ਪਰਮਾਰ (22) ਨੇ ਕਾਰ ਦੀ ਬਾਰੀ 'ਚ ਹੱਥ ਪਾ ਕੇ ਉਸ ਤੋਂ ਰੁਪਏ ਮੰਗੇ ਤਾਂ ਗੱਡੀ ਦੇ ਚਾਲਕ ਨੇ ਉਸ ਦਾ ਹੱਥ ਫੜ ਲਿਆ ਅਤੇ ਸ਼ੀਸ਼ਾ ਬੰਦ ਕਰ ਦਿੱਤਾ, ਜਿਸ ਕਾਰਨ ਉਹ ਦੂਰ ਤੱਕ ਘਿਸੜਦਾ ਚਲਿਆ ਗਿਆ। ਕਾਰ ਚਾਲਕ ਦੀ ਇਸ ਹਰਕਤ ਨਾਲ ਉਸ ਦੀ ਮੌਤ ਹੋ ਗਈ। ਧੁਰਵੇ ਨੇ ਦੱਸਿਆ ਕਿ ਅਣਪਛਾਤੇ ਕਾਰ ਚਾਲਕ ਖ਼?ਲਾਫ ਭਾਰਤੀ ਨਿਆਂ ਸੰਹਿਤਾ ਤਹਿਤ ਗੈਰ-ਇਰਾਦਤਨ ਹੱਤਿਆ ਦਾ ਮਾਮਲਾ ਦਰਜ ਕੀਤਾ ਗਿਆ ਹੈ। ਚਸ਼ਮਦੀਦਾਂ ਅਨੁਸਾਰ, ਕਾਰ 'ਚ 4 ਤੋਂ 5 ਲੋਕ ਸਵਾਰ ਸਨ।

## ਪੰਜਾਬ ਦੇ ਇਸ ਪਿੰਡ 'ਚ ਲੇਪਟੋਸਪਾਇਰੋਸਿਸ ਦਾ ਪ੍ਰਕੋਪ, ਦੋ ਦਰਜਨ ਬੱਚੇ ਹੋਏ ਸੰਕਰਮਿਤ

ਕੌਮੀ ਪਤ੍ਰਿਕਾ

ਮਮਦੋਟ 17 ਅਕਤੂਬਰ। ਬਲਾਕ ਮਮਦੋਟ ਦੇ ਸਰਹੱਦੀ ਪਿੰਡ ਹਜ਼ਾਰਾ ਸਿੰਘ ਵਾਲਾ 'ਚ ਲੇਪਟੋਸਪਾਇਰੋਸਿਸ ਬੈਕਟੀਰੀਆ ਦਾ ਪ੍ਰਕੋਪ ਲਗਾਤਾਰ ਵੱਧ ਰਿਹਾ ਹੈ। ਪਿੰਡ ਦੇ ਸਰਕਾਰੀ ਐਲੀਮੈਂਟਰੀ ਸਕੂਲ ਦੇ 115 ਬੱਚਿਆਂ ਦੇ ਖੂਨ ਦੀ ਜਾਂਚ ਦੌਰਾਨ ਸ਼ਨੀਵਾਰ ਨੂੰ 19 ਬੱਚਿਆਂ 'ਚ ਇਨਫੈਕਸ਼ਨ ਦੀ ਪੁਸ਼ਟੀ ਹੋਈ ਜਦਕਿ ਐਤਵਾਰ ਨੂੰ ਹੋਰ 4 ਬੱਚੇ ਇਸ ਬੀਮਾਰੀ ਨਾਲ ਸੰਕਰਮਿਤ ਪਾਏ ਗਏ। ਸਾਵਧਾਨੀ ਵਜੋਂ ਇਨ੍ਹਾਂ ਚਾਰਾਂ ਬੱਚਿਆਂ ਨੂੰ ਫਿਰੋਜ਼ਪੁਰ ਸਿਵਲ ਹਸਪਤਾਲ 'ਚ ਦਾਖਲ ਕਰਵਾਇਆ ਗਿਆ ਹੈ। ਸਿਹਤ ਵਿਭਾਗ ਦੀ ਮੁੱਢਲੀ ਜਾਂਚ 'ਚ ਸਾਹਮਣੇ ਆਇਆ ਹੈ ਕਿ ਇਹ ਇਨਫੈਕਸ਼ਨ ਸੰਭਾਵਤ ਤੌਰ 'ਤੇ ਦੂਸ਼ਿਤ ਪਾਣੀ ਦੇ ਸੰਪਰਕ ਨਾਲ ਫੈਲਿਆ। ਵਿਭਾਗੀ ਟੀਮ ਵੱਲੋਂ ਐਤਵਾਰ ਨੂੰ ਲਗਾਤਾਰ ਚੌਥੇ ਦਿਨ ਪਿੰਡ 'ਚ ਵਿਸ਼ੇਸ਼ ਸਿਹਤ ਕੈਂਪ ਲਾਇਆ ਗਿਆ, ਜਿਸ ਦੌਰਾਨ 222 ਆਮ ਪਿੰਡ ਵਾਸੀਆਂ ਅਤੇ 24 ਗਰਭਵਤੀ ਮਹਿਲਾਵਾਂ ਦੀ ਸਿਹਤ ਜਾਂਚ ਕੀਤੀ ਗਈ। ਇਸ ਤੋਂ ਇਲਾਵਾ 225 ਲੋਕਾਂ ਦੇ ਖੂਨ ਦੇ ਸੈਂਪਲ ਲੈ ਕੇ ਜਾਂਚ ਲਈ ਭੇਜੇ ਗਏ ਹਨ। ਸੀਨੀਅਰ ਮੈਡੀਕਲ ਅਫ਼ਸਰ ਡਾ. ਰੇਖਾ ਭੱਟੀ ਨੇ ਦੱਸਿਆ ਕਿ ਲੇਪਟੋਸਪਾਇਰੋਸਿਸ ਇਕ ਬੈਕਟੀਰੀਅਲ ਇਨਫੈਕਸ਼ਨ ਹੈ, ਜੋ ਆਮ ਤੌਰ



'ਤੇ ਚੂਹਿਆਂ ਦੇ ਮਲ-ਮੂਤਰ ਰਾਹੀਂ ਪਾਣੀ 'ਚ ਫੈਲਦਾ ਹੈ। ਦੂਸ਼ਿਤ ਪਾਣੀ ਪੀਣ ਜਾਂ ਉਸ ਦੇ ਸੰਪਰਕ 'ਚ ਆਉਣ ਨਾਲ ਇਹ ਬੀਮਾਰੀ ਹੋ ਸਕਦੀ ਹੈ। ਉਨ੍ਹਾਂ ਦੱਸਿਆ ਕਿ ਇਸ ਬੀਮਾਰੀ ਦੇ ਮੁੱਖ ਲੱਛਣਾਂ 'ਚ ਤੇਜ਼ ਬੁਖਾਰ, ਮਾਸਪੇਸ਼ੀਆਂ 'ਚ ਦਰਦ, ਸਿਰ ਦਰਦ, ਅੱਖਾਂ 'ਚ ਜਲਨ ਜਾਂ ਖਾਰਸ਼, ਪੇਸ਼ਾਬ ਕਰਨ 'ਚ ਦਿੱਕਤ, ਚਮੜੀ 'ਤੇ ਦਾਣੇ, ਉਲਟੀਆਂ ਅਤੇ ਦਸਤ ਸ਼ਾਮਲ ਹਨ। ਸਿਹਤ ਵਿਭਾਗ ਵੱਲੋਂ ਪਿੰਡ ਵਾਸੀਆਂ ਨੂੰ ਪਾਣੀ ਉਬਾਲ ਕੇ ਪੀਣ ਅਤੇ ਸਾਫ-ਸਫਾਈ ਦਾ ਖਾਸ ਧਿਆਨ ਰੱਖਣ ਦੀ ਅਪੀਲ ਕੀਤੀ ਗਈ ਹੈ। ਡਾ. ਰੇਖਾ ਨੇ ਇਹ ਵੀ ਦੱਸਿਆ ਕਿ ਸਿਹਤ ਵਿਭਾਗ ਵੱਲੋਂ ਪਿੰਡ 'ਚ ਘਰ-ਘਰ ਜਾ ਕੇ 480 ਮੈਡੀਕਲ ਕਿੱਟਾਂ ਵੰਡੀਆਂ ਗਈਆਂ ਹਨ, ਜਿਨ੍ਹਾਂ 'ਚ ਮੁੱਢਲੇ ਇਲਾਜ ਦਾ ਸਾਮਾਨ ਦਿੱਤਾ ਗਿਆ ਹੈ। ਇਸ ਤੋਂ ਇਲਾਵਾ ਪਿੰਡ 'ਚ 24 ਘੰਟੇ ਐਮਰਜੈਂਸੀ ਸਿਹਤ ਸੇਵਾਵਾਂ ਯਕੀਨੀ ਬਣਾਈਆਂ ਗਈਆਂ ਹਨ। ਦੂਜੇ ਪਾਸੇ ਪਿੰਡ ਦੇ ਵਾਟਰ ਵਰਕਸ 'ਚ ਗੰਦੇ ਪਾਣੀ ਦੇ ਮਿਲਾਪ ਦੀ ਸ਼ਿਕਾਇਤ 'ਤੇ ਐੱਸ. ਡੀ. ਐੱਮ. ਲਿੰਦੀਆ ਨੇ ਮੌਕੇ 'ਤੇ ਦੌਰਾ ਕੀਤਾ।

ਜਾਂਚ ਦੌਰਾਨ ਜਿੱਥੇ ਪਾਣੀ ਦੀ ਲੀਕੇਜ ਮਿਲੀ, ਉੱਥੇ ਤੁਰੰਤ ਮੁਰੰਮਤ ਦਾ ਕੰਮ ਸ਼ੁਰੂ ਕਰਵਾ ਦਿੱਤਾ ਗਿਆ ਤਾਂ ਜੋ ਦੂਸ਼ਿਤ ਪਾਣੀ ਦੀ ਸਪਲਾਈ ਰੋਕੀ ਜਾ ਸਕੇ। ਵਾਟਰ ਵਰਕਸ ਤੋਂ ਵੱਖ-ਵੱਖ ਥਾਵਾਂ ਤੋਂ ਲਏ ਗਏ ਪਾਣੀ ਦੇ ਸੈਂਪਲ ਵੀ ਜਾਂਚ ਲਈ ਭੇਜੇ ਗਏ ਹਨ, ਜਿਨ੍ਹਾਂ ਦੀ ਰਿਪੋਰਟ ਆਉਣੀ ਬਾਕੀ ਹੈ।

ਪ੍ਰਸ਼ਾਸਨ ਵੱਲੋਂ ਹਾਲਾਤ 'ਤੇ ਸਖ਼ਤ ਨਿਗਰਾਨੀ

## ਸੁੱਤੇ ਪਏ ਟੱਬਰ ਲਾਗਿਓਂ ਚੋਰੀ ! ਅਲਮਾਰੀਆਂ ਦੇ ਤਾਲੇ ਤੋੜ ਲੱਖਾਂ ਦੀ ਨਕਦੀ ਤੇ ਗਹਿਣੇ ਲੈ ਗਏ ਚੋਰ

ਲੁਧਿਆਣਾ 17 ਅਕਤੂਬਰ। ਚੋਰਾਂ ਦੇ ਹੌਸਲੇ ਇਸ ਕਦਰ ਬੁਲੰਦ ਹੋ ਚੁੱਕੇ ਹਨ ਕਿ ਹੁਣ ਉਨ੍ਹਾਂ ਨੂੰ ਪੁਲਸ ਦਾ ਕੋਈ ਖੌਫ਼ ਨਹੀਂ ਰਿਹਾ। ਤਾਜ਼ਾ ਮਾਮਲਾ ਬੀ. ਆਰ. ਐੱਸ. ਨਗਰ ਵਿਚ ਸਾਹਮਣੇ ਆਇਆ ਹੈ ਜਿੱਥੇ ਰਾਤ ਦੇ ਹਨੇਰੇ ਵਿਚ ਬੇਖੌਫ਼ ਚੋਰਾਂ ਨੇ ਇਕ ਘਰ ਨੂੰ ਨਿਸ਼ਾਨਾ ਬਣਾਉਂਦੇ ਹੋਏ ਲੱਖਾਂ ਦੀ ਚੋਰੀ ਦੀ ਵਾਰਦਾਤ ਨੂੰ ਅੰਜਾਮ ਦਿੱਤਾ। ਇਸ ਮਾਮਲੇ ਵਿਚ ਥਾਣਾ ਸਰਾਭਾ ਨਗਰ ਪੁਲਿਸ ਨੇ ਰਾਜਨ ਮੰਡਲ ਦੀ ਸ਼ਿਕਾਇਤ 'ਤੇ ਅਣਪਛਾਤੇ ਲੋਕਾਂ 'ਤੇ ਕੇਸ ਦਰਜ ਕਰ ਲਿਆ ਹੈ। ਜਾਣਕਾਰੀ ਅਨੁਸਾਰ, ਬੀ. ਆਰ. ਐੱਸ. ਨਗਰ ਦੇ ਰਹਿਣ ਵਾਲੇ ਰਾਜਨ ਮੰਡਲ ਨੇ ਪੁਲਸ ਨੂੰ ਦਿੱਤੇ ਬਿਆਨ ਵਿਚ ਦੱਸਿਆ ਹੈ ਕਿ ਦਰਮਿਆਨੀ ਰਾਤ ਨੂੰ ਉਹ ਆਪਣੇ ਪਰਿਵਾਰ ਸਮੇਤ ਘਰ ਵਿਚ ਗੂੜ੍ਹੀ ਨੀਂਦੇ ਸੌਂ ਰਿਹਾ ਸੀ।

## ਪੰਜਾਬ ਦੀ ਸਰਹੱਦ 'ਤੇ 'ਐਂਟੀ-ਡਰੋਨ' ਤਕਨੀਕ ਫੇਲ ! ਪਾਕਿ ਡਰੋਨਾਂ ਦੀ ਘੁਸਪੈਠ ਬਣੀ ਦੇਸ਼ ਦੀ ਸੁਰੱਖਿਆ ਲਈ ਵੱਡੀ ਚੁਣੌਤੀ

ਕੌਮੀ ਪਤ੍ਰਿਕਾ

ਅੰਮ੍ਰਿਤਸਰ 17 ਅਕਤੂਬਰ। ਭਾਰਤ-ਪਾਕਿਸਤਾਨ ਸਰਹੱਦ 'ਤੇ ਤਾਇਨਾਤ ਸੁਰੱਖਿਆ ਬਲਾਂ ਲਈ 'ਐਂਟੀ-ਡ?ਰੋਨ' ਤਕਨੀਕ ਲਗਾਏ ਜਾਣ ਦੇ ਬਾਵਜੂਦ ਪਾਕਿਸਤਾਨੀ ਡ?ਰੋਨਾਂ ਦੀ ਮੂਵਮੈਂਟ ਨੂੰ ਰੋਕਣਾ ਇਕ ਟੇਢੀ ਖੀਰ ਬਣ ਗਿਆ ਹੈ। ਆਧੁਨਿਕ ਤਕਨਾਲੋਜੀ ਦੇ ਦਾਅਵਿਆਂ ਦੇ ਉਲਟ, ਸਰਹੱਦ ਪਾਰੋਂ ਡ?ਰੋਨਾਂ ਰਾਹੀਂ ਨਸ਼ੇ ਅਤੇ ਹਥਿਆਰਾਂ ਦੀ ਸਪਲਾਈ ਲਗਾਤਾਰ ਜਾਰੀ ਹੈ, ਜਿਸ ਨੇ ਸੁਰੱਖਿਆ ਏਜੰਸੀਆਂ ਦੀ ਨੀਂਦ ਉਡਾ ਦਿੱਤੀ ਹੈ। ਸੂਤਰਾਂ ਅਨੁਸਾਰ ਸਰਹੱਦ 'ਤੇ ਲਗਾਈ ਗਈ ਮੌਜੂਦਾ ਐਂਟੀ-ਡ?ਰੋਨ ਪ੍ਰਣਾਲੀ ਵੱਡੇ ਡ?ਰੋਨਾਂ ਨੂੰ ਤਾਂ ਟ?ਰੈਕ ਕਰ ਲੈਂਦੀ ਹੈ, ਪਰ ਬਹੁਤ ਘੱਟ ਉਚਾਈ 'ਤੇ ਉੱਡਣ ਵਾਲੇ 'ਨੈਨੋ' ਅਤੇ 'ਮਾਈਕ੍ਰੋ' ਡ?ਰੋਨਾਂ ਨੂੰ ਫੜਨ ਵਿਚ ਅਸਮਰੱਥ ਸਾਬਤ ਹੋ ਰਹੀ ਹੈ। ਪਾਕਿਸਤਾਨੀ ਸਮੱਗਲਰ ਹੁਣ ਇਨ੍ਹਾਂ ਛੋਟੇ



ਡ?ਰੋਨਾਂ ਦਾ ਇਸਤੇਮਾਲ ਕਰ ਰਹੇ ਹਨ, ਜੋ ਰਡਾਰ ਦੀ ਪਕੜ ਵਿਚ ਨਹੀਂ ਆਉਂਦੇ। ਇਹ ਡ?ਰੋਨ ਚੁੱਪਚਾਪ ਭਾਰਤੀ ਖੇਤਰ ਦੇ ਖੇਤਾਂ ਵਿਚ ਖੇਪ ਸੁੱਟ ਕੇ ਵਾਪਸ ਪਰਤ ਜਾਂਦੇ ਹਨ। ਇਤਿਹਾਸ ਗਵਾਹ ਹੈ ਕਿ 'ਆਪ੍ਰੇਸ਼ਨ ਸਿੰਦੂਰ' ਅਤੇ ਹੋਰ ਕਈ ਮੌਕਿਆਂ 'ਤੇ ਭਾਰਤੀ ਫੌਜ ਦੇ ਜਜ਼ਬੇ ਅੱਗੇ ਪਾਕਿਸਤਾਨ ਨੂੰ ਹਮੇਸ਼ਾ ਮੂੰਹ ਦੀ ਖਾਣੀ ਪਈ ਹੈ। ਹੁਣ ਸਿੱਧੀ ਜੰਗ ਵਿਚ ਹਾਰ ਦਾ ਸਾਹਮਣਾ ਨਾ ਕਰ ਸਕਣ ਵਾਲਾ ਪਾਕਿਸਤਾਨ ਡ?ਰੋਨਾਂ ਰਾਹੀਂ 'ਪ੍ਰੌਕਸੀ ਵਾਰ' ਛੇੜ ਰਿਹਾ ਹੈ। ਪਾਕਿਸਤਾਨੀ ਖੁਫੀਆ ਏਜੰਸੀ ਆਈ.ਐੱਸ.ਆਈ. ਅੱਤਵਾਦੀ ਸੰਗਠਨਾਂ ਨਾਲ ਮਿਲ ਕੇ ਪੰਜਾਬ ਦੀ ਜਵਾਨੀ ਨੂੰ ਨਸ਼ੇ ਦੇ ਜਾਲ ਵਿਚ ਫਸਾਉਣ ਅਤੇ ਸਰਹੱਦੀ ਇਲਾਕਿਆਂ ਵਿਚ ਅਸ਼ਾਂਤੀ ਫੈਲਾਉਣ ਲਈ ਹਥਿਆਰ ਭੇਜਣ ਦੀਆਂ ਕੋਸ਼ਿਸ਼ਾਂ ਕਰ ਰਹੀ ਹੈ। ਸਮੱਗਲਿੰਗ ਦਾ ਇਹ ਨੈੱਟਵਰਕ ਹੁਣ ਸਿਰਫ਼ ਤਾਰੋਂ-ਪਾਰ ਤੱਕ ਸੀਮਤ ਨਹੀਂ ਰਿਹਾ। ਸਰਹੱਦ ਦੇ ਦੋਵਾਂ ਪਾਸਿਆਂ ਦੇ ਸਮੱਗਲਰ ਹੁਣ ਐਨਕ੍ਰਿਪਟਡ ਮੈਸੇਜਿੰਗ ਐਪਸ ਅਤੇ ਵੱਖ-ਵੱਖ ਮੋਬਾਈਲ ਐਪਲੀਕੇਸ਼ਨਾਂ ਰਾਹੀਂ ਜੁੜੇ ਹੋਏ ਹਨ। ਡ?ਰੋਨ ਦੀ ਲੋਕੇਸ਼ਨ ਅਤੇ ਖੇਪ ਸੁੱਟਣ ਦੀ ਜਗ?ਹਾ ਇਨ੍ਹਾਂ ਐਪਸ ਰਾਹੀਂ ਤੁਰੰਤ ਸਾਂਝੀ ਕਰ ਦਿੱਤੀ ਜਾਂਦੀ ਹੈ, ਜਿਸ ਨਾਲ ਰਾਤ ਦੇ ਹਨੇਰੇ ਵਿਚ ਖੇਪ ਚੁੱਕਣਾ ਆਸਾਨ ਹੋ ਜਾਂਦਾ ਹੈ। ਸਰਹੱਦ ਨੇੜਲੇ ਪਿੰਡਾਂ ਦੇ ਖੇਤ ਹੁਣ ਸਮੱਗਲਿੰਗ ਦੇ ਅੱਡੇ ਬਣਦੇ ਜਾ ਰਹੇ ਹਨ। ਹਾਲਾਂਕਿ ਬੀ.ਐੱਸ.ਐੱਫ. ਅਤੇ ਪੰਜਾਬ ਪੁਲਸ ਨੇ ਮੁਸਤੈਦੀ ਦਿਖਾਉਂਦੇ ਹੋਏ ਪਿਛਲੇ ਕੁਝ ਮਹੀਨਿਆਂ ਵਿਚ ਕਈ ਡ?ਰੋਨ ਡੇਗੇ ਹਨ ਅਤੇ ਕਰੋੜਾਂ ਦੀ ਹੈਰੋਇਨ ਬਰਾਮਦ ਕੀਤੀ ਹੈ, ਪਰ ਡ?ਰੋਨਾਂ ਦੀਆਂ ਵਧਦੀਆਂ ਗਤੀਵਿਧੀਆਂ ਦੱਸਦੀਆਂ ਹਨ ਕਿ ਸਪਲਾਈ ਚੇਨ ਅਜੇ ਵੀ ਮਜ਼ਬੂਤ ਹੈ। ਸੁਰੱਖਿਆ ਮਾਹਿਰਾਂ ਅਤੇ ਸਥਾਨਕ ਲੋਕਾਂ ਨੇ ਕੇਂਦਰ ਸਰਕਾਰ ਅਤੇ ਗ੍ਰਹਿ ਮੰਤਰਾਲੇ ਤੋਂ ਮੰਗ ਕੀਤੀ ਹੈ ਕਿ ਸਰਹੱਦ 'ਤੇ ਅਜਿਹੀ 'ਆਲ-ਵੈਦਰ' ਅਤੇ 'ਆਲ-ਸਾਈਜ਼' ਐਂਟੀ-ਡ?ਰੋਨ ਪ੍ਰਣਾਲੀ ਲਗਾਈ ਜਾਵੇ, ਜੋ ਹਰ ਤਰ੍ਹਾਂ ਦੇ ਡ?ਰੋਨ ਦੀ ਹਰਕਤ ਨੂੰ ਪਛਾਣ ਕੇ ਉਸ ਨੂੰ ਤੁਰੰਤ ਨਸ਼ਟ ਕਰ ਸਕੇ। ਇਸ ਤੋਂ ਇਲਾਵਾ ਸਰਹੱਦੀ ਪਿੰਡਾਂ ਵਿਚ ਲੋਕਾਂ ਦਾ ਸਹਿਯੋਗ ਲੈਣ ਲਈ ਵਿਸ਼ੇਸ਼ ਜਾਗਰੂਕਤਾ ਮੁਹਿੰਮ ਚਲਾਉਣਾ ਵੀ ਸਮੇਂ ਦੀ ਮੁੱਖ ਲੋੜ ਹੈ। ਜੇਕਰ ਸਮਾਂ ਰਹਿੰਦੇ ਇਸ ਡ?ਰੋਨ ਤਕਨਾਲੋਜੀ ਦਾ ਤੋੜ ਨਾ ਲੱਭਿਆ ਗਿਆ, ਤਾਂ ਇਹ ਦੇਸ਼ ਦੀ ਅੰਦਰੂਨੀ ਸੁਰੱਖਿਆ ਲਈ ਇਕ ਗੰਭੀਰ ਸੰਕਟ ਬਣ ਸਕਦਾ ਹੈ।

## ਰੈਸਟੋਰੈਂਟ ਮਾਲਕਾਂ 'ਤੇ IT ਵਿਭਾਗ ਦੀ ਤਿੱਖੀ ਨਜ਼ਰ: 408 ਕਰੋੜ ਦੀ ਟੈਕਸ ਚੋਰੀ ਦਾ ਖੁਲਾਸਾ

ਬਿਜ਼ਨੈੱਸ ਡੈਸਕ 17 ਅਕਤੂਬਰ। ਦੇਸ਼ ਭਰ ਵਿੱਚ ਟੈਕਸ ਚੋਰੀ ਕਰਨ ਵਾਲੇ ਰੈਸਟੋਰੈਂਟਾਂ ਵਿਰੁੱਧ ਇਨਕਮ ਟੈਕਸ ਵਿਭਾਗ ਨੇ ਆਪਣਾ ਸ਼ਿਕੰਜਾ ਕੱਸ ਦਿੱਤਾ ਹੈ। ਵਿਭਾਗ ਨੇ ਹਾਲ ਹੀ ਵਿੱਚ 22 ਰਾਜਾਂ ਦੇ 46 ਸ਼ਹਿਰਾਂ ਵਿੱਚ 62 ਰੈਸਟੋਰੈਂਟਾਂ ਦਾ ਸਰਵੇਖਣ ਕੀਤਾ, ਜਿਸ ਵਿੱਚ ਸ਼ੁਰੂਆਤੀ ਤੌਰ 'ਤੇ 408 ਕਰੋੜ ਰੁਪਏ ਦੀ ਵਿਕਰੀ ਛਿਪਾਉਣ ਦਾ ਪਤਾ ਲੱਗਾ ਹੈ। ਇਹ ਕਾਰਵਾਈ ਕੋਈ ਆਮ ਜਾਂਚ ਨਹੀਂ ਸੀ। ਵਿਭਾਗ ਨੇ 19-ਸੰਚਾਲਿਤ ਐਨਾਲਿਟੀਕਲ ਟੂਲਸ ਦੀ ਵਰਤੋਂ ਕਰਕੇ ਲਗਭਗ 1.77 ਲੱਖ ਰੈਸਟੋਰੈਂਟਾਂ ਦੇ ਡੇਟਾ ਦੀ ਜਾਂਚ ਕੀਤੀ। ਇਸ ਵਿਸ਼ਲੇਸ਼ਣ ਵਿੱਚ ਪਾਇਆ ਗਿਆ ਕਿ ਕਈ ਰੈਸਟੋਰੈਂਟ ਆਪਣੀ ਅਸਲ ਕਮਾਈ ਨੂੰ ਲੁਕਾਉਣ ਲਈ ਬਲਕ ਬਿੱਲ ਡਿਲੀਟ ਕਰ ਰਹੇ ਸਨ ਜਾਂ ਰਿਕਾਰਡ ਵਿੱਚ ਹੇਰਾਫੇਰੀ ਕਰ ਰਹੇ ਸਨ। ਜਾਂਚ ਦੌਰਾਨ ਇਹ ਵੀ ਸਾਹਮਣੇ ਆਇਆ ਕਿ ਕਈ ਲੈਣ-ਦੇਣ ਨੂੰ ਖਾਤਿਆਂ ਵਿੱਚ ਦਰਜ ਹੀ ਨਹੀਂ ਸੀ ਕੀਤਾ ਗਿਆ। ਵਿਭਾਗ ਨੇ ਟੈਕਸਦਾਤਾਵਾਂ ਨੂੰ ਆਪਣੀਆਂ ਗਲਤੀਆਂ ਸੁਧਾਰਨ ਦਾ ਮੌਕਾ ਦੇਣ ਲਈ 'ਸਕਸ਼ਮ ਨਜ' ਨਾਮਕ ਇੱਕ ਵਿਸ਼ੇਸ਼ ਮੁਹਿੰਮ ਸ਼ੁਰੂ ਕੀਤੀ ਹੈ। ਇਸ ਮੁਹਿੰਮ ਦੇ ਪਹਿਲੇ ਪੜਾਅ ਵਿੱਚ ਚੁਣੇ ਗਏ 63,000 ਰੈਸਟੋਰੈਂਟਾਂ ਨੂੰ ਈਮੇਲ ਅਤੇ ਸੰਦੇਸ਼ ਭੇਜੇ ਜਾ ਰਹੇ ਹਨ। ਵਿਭਾਗ ਨੇ ਸਪੱਸ਼ਟ ਕੀਤਾ ਹੈ ਕਿ ਜਿਨ੍ਹਾਂ ਰੈਸਟੋਰੈਂਟਾਂ ਪਾਇਆ ਗਿਆ ਕਿ ਕਈ ਰੈਸਟੋਰੈਂਟ ਆਪਣੀ ਅਸਲ ਕਮਾਈ ਨੂੰ ਲੁਕਾਉਣ ਲਈ ਬਲਕ ਬਿੱਲ ਡਿਲੀਟ ਕਰ ਰਹੇ ਸਨ ਜਾਂ ਰਿਕਾਰਡ ਵਿੱਚ ਹੇਰਾਫੇਰੀ ਕਰ ਰਹੇ ਸਨ। ਜਾਂਚ ਦੌਰਾਨ ਇਹ ਵੀ ਸਾਹਮਣੇ ਆਇਆ ਕਿ ਕਈ ਲੈਣ-ਦੇਣ ਨੂੰ ਖਾਤਿਆਂ ਵਿੱਚ ਦਰਜ ਹੀ ਨਹੀਂ ਸੀ ਕੀਤਾ ਗਿਆ। ਵਿਭਾਗ ਨੇ ਟੈਕਸਦਾਤਾਵਾਂ ਨੂੰ ਆਪਣੀਆਂ ਗਲਤੀਆਂ ਸੁਧਾਰਨ ਦਾ ਮੌਕਾ ਦੇਣ ਲਈ 'ਸਕਸ਼ਮ ਨਜ' ਨਾਮਕ ਇੱਕ ਵਿਸ਼ੇਸ਼ ਮੁਹਿੰਮ ਸ਼ੁਰੂ ਕੀਤੀ ਹੈ। ਇਸ ਮੁਹਿੰਮ ਦੇ ਪਹਿਲੇ ਪੜਾਅ ਵਿੱਚ ਨੇ ਆਪਣੀ ਆਮਦਨ ਘੱਟ ਦਿਖਾਈ ਹੈ, ਉਹ 31 ਮਾਰਚ 2026 ਤੱਕ ਆਪਣੀ ਰਿਟਰਨ ਅਪਡੇਟ ਕਰ ਸਕਦੇ ਹਨ।




ਕੌਮੀ ਪਤ੍ਰਿਕਾ

# ਇੰਟਰਨੈੱਟ ਰਾਹੀਂ ਵੇਖੋ ਮਿੱਟੀ-ਪਾਣੀ ਦੀ ਪਰਖ ਦੇ ਨਤੀਜੇ



ਮਿੱਟੀ-ਪਾਣੀ ਦੀ ਪਰਖ ਰਿਪੋਰਟ ਪਹਿਲਾਂ ਸਿਰਫ਼ ਡਾਕ ਰਾਹੀਂ ਕਿਸਾਨਾਂ ਤਕ ਪਹੁੰਚਦੀ ਸੀ। ਜ਼ਮੀਨ ਅਤੇ ਪਾਣੀ ਵਿਚ ਲੋੜੀਂਦੇ ਤੱਤਾਂ ਦੀ ਮੌਜੂਦਗੀ ਬਾਰੇ ਹੁਣ ਇਹ ਰਿਪੋਰਟ ਕਿਸਾਨਾਂ ਨੂੰ ਇੰਟਰਨੈੱਟ ਜ਼ਰੀਏ ਮੁਹੱਈਆ ਕਰਵਾਏ ਜਾਣ ਨਾਲ ਖੇਤੀ ਸਹੂਲਤਾਂ ਵਿਚ ਹੋਰ ਵਾਧਾ ਹੋਇਆ ਹੈ...

• ਕੁਲਦੀਪ ਸਿੰਘ, ਧਨਵਿੰਦਰ ਸਿੰਘ

ਸੁਚੱਜੀ ਤੇ ਵਿਗਿਆਨਕ ਖੇਤੀ ਲਈ ਕਾਸ਼ਤਕਾਰ ਨੂੰ ਮਿੱਟੀ ਅਤੇ ਪਾਣੀ ਦੇ ਸੋਮਿਆਂ ਦੀ ਗੁਣਵੱਤਾ ਬਾਰੇ ਜਾਣਕਾਰੀ ਹੋਣੀ ਬਹੁਤ ਜ਼ਰੂਰੀ ਹੈ। ਖੇਤੀ ਵਿਚ ਵਧੇਰੇ ਮੁਨਾਫ਼ੇ ਲਈ ਰਸਾਇਣਕ ਖਾਦਾਂ ਦੀ ਸੁਚੱਜੀ ਵਰਤੋਂ ਜ਼ਰੂਰੀ ਹੈ ਅਤੇ ਮਿੱਟੀ ਪਰਖ ਦੇ ਨਤੀਜੇ ਖਾਦਾਂ ਦੀ ਸੁਚੱਜੀ ਵਰਤੋਂ 'ਚ ਬਹੁਤ ਕਾਰਗਰ ਹਨ। ਮਿੱਟੀ ਵਿਚਲੇ ਖ਼ੁਰਾਕੀ ਤੱਤਾਂ ਦੀ ਮਾਤਰਾ ਤੇ ਮਿੱਟੀ ਦੇ ਗੁਣਾਂ ਬਾਰੇ ਜਾਣਕਾਰੀ ਨਾਲ ਕਿਸਾਨ ਖਾਦਾਂ ਦੀ ਸਹੀ ਵਰਤੋਂ ਕਰ ਸਕਦੇ ਹਨ। ਸਿੰਚਾਈ ਵਾਲੇ ਪਾਣੀ ਦੀ ਕੁਆਲਿਟੀ ਬਾਰੇ ਜਾਣਕਾਰੀ ਵੀ ਖੇਤੀ ਲਈ ਮਹੱਤਵਪੂਰਨ ਹੈ। ਘਣੀ ਖੇਤੀ ਵਿਚ ਇਕ ਫ਼ਸਲ ਦੀ ਕਟਾਈ ਤੋਂ ਬਾਅਦ ਦੂਸਰੀ ਫ਼ਸਲ ਬੀਜਣ ਤਕ ਕਿਸਾਨ ਕੋਲ ਅਕਸਰ ਸਮੇਂ ਦੀ ਘਾਟ ਹੁੰਦੀ ਹੈ। ਇਸ ਲਈ ਮਿੱਟੀ ਤੇ ਪਾਣੀ ਦੀ ਪਰਖ ਦੇ ਨਤੀਜੇ ਜਲਦੀ ਤੋਂ ਜਲਦੀ ਪ੍ਰਾਪਤ ਕਰਨ ਦੀ ਹਰ ਕਿਸਾਨ ਨੂੰ ਇੱਛਾ ਹੁੰਦੀ ਹੈ।

ਪੰਜਾਬ ਐਗਰੀਕਲਚਰਲ ਯੂਨੀਵਰਸਿਟੀ ਵੱਲੋਂ ਮਿੱਟੀ/ਪਾਣੀ ਦੀ ਪਰਖ ਦੇ ਕੰਮ ਨੂੰ ਸੁਚਾਰੂ ਬਣਾਉਣ ਲਈ ਮਿੱਟੀ ਪਰਖ ਪ੍ਰਯੋਗਸ਼ਾਲਾਵਾਂ ਚਲਾਈਆਂ ਜਾ ਰਹੀਆਂ ਹਨ। ਪਰਖ ਦੇ ਕੰਮ 'ਚ ਹੋਰ ਤੇਜ਼ੀ ਤੇ ਨਵੀਨਤਾ ਲਿਆਉਣ ਵਾਸਤੇ ਪੀਏਯੂ ਲੁਧਿਆਣਾ ਸਥਿਤ ਮਿੱਟੀ ਪਰਖ ਪ੍ਰਯੋਗਸ਼ਾਲਾ ਦੇ ਮਿੱਟੀ ਤੇ ਪਾਣੀ ਦੀ ਪਰਖ ਦੇ ਨਤੀਜੇ ਹੁਣ ਇੰਟਰਨੈੱਟ ਰਾਹੀਂ ਵੇਖੇ ਜਾ ਸਕਦੇ ਹਨ। ਇਸ ਤੋਂ ਪਹਿਲਾਂ ਮਿੱਟੀ/ਪਾਣੀ ਦੀ ਪਰਖ ਰਿਪੋਰਟ ਕੇਵਲ ਡਾਕ ਰਾਹੀਂ ਭੇਜੀ ਜਾਂਦੀ ਸੀ। ਕਿਸਾਨ ਇਹ ਰਿਪੋਰਟ ਪ੍ਰਯੋਗਸ਼ਾਲਾ ਤੋਂ ਦਸਤੀ ਵੀ ਪ੍ਰਾਪਤ ਕਰ ਸਕਦੇ ਹਨ ਪਰ ਆਮ ਹਾਲਤਾਂ ਵਿਚ ਡਾਕ ਰਾਹੀਂ ਭੇਜੀ ਗਈ ਰਿਪੋਰਟ ਕਿਸਾਨ ਤਕ 3 ਤੋਂ 6 ਦਿਨ ਵਿਚ ਜਾਂ ਇਸ ਤੋਂ ਵੀ ਵੱਧ ਸਮੇਂ ਵਿਚ ਪਹੁੰਚਦੀ ਹੈ ਅਤੇ ਕਦੇ-ਕਦੇ ਤਾਂ ਇਹ ਰਿਪੋਰਟ ਕਿਸਾਨ ਤਕ ਪਹੁੰਚਦੀ ਹੀ ਨਹੀਂ। ਇੰਟਰਨੈਟ ਨੇ ਇਸ ਕੰਮ ਨੂੰ ਬੇਹੱਦ ਸੌਖਾ ਕਰ ਦਿੱਤਾ ਹੈ। ਇਸ ਨਾਲ ਕਿਸਾਨ ਮਿੱਟੀ/ਪਾਣੀ ਦੀ ਪਰਖ ਰਿਪੋਰਟ ਘਰ ਬੈਠੇ ਹੀ ਆਪਣੇ ਕੰਪਿਊਟਰ ਜਾਂ ਮੋਬਾਈਲ 'ਤੇ ਦੇਖ ਸਕਦੇ ਹਨ। ਪ੍ਰਯੋਗਸ਼ਾਲਾ 'ਚ ਰਿਪੋਰਟ ਤਿਆਰ ਹੋਣ ਤੋਂ ਬਾਅਦ ਉਸ ਨੂੰ ਡਾਕ ਰਾਹੀਂ ਭੇਜਣ ਦੇ ਨਾਲ-ਨਾਲ ਯੂਨੀਵਰਸਿਟੀ ਦੀ ਵੈੱਬਸਾਈਟ 'ਤੇ ਵੀ ਅਪਲੋਡ ਕਰ ਦਿੱਤਾ ਜਾਂਦਾ ਹੈ।



## ਨਤੀਜੇ ਦੇਖਣ ਦਾ ਤਰੀਕਾ

ਸਭ ਤੋਂ ਪਹਿਲਾਂ ਪੰਜਾਬ ਐਗਰੀਕਲਚਰਲ ਯੂਨੀਵਰਸਿਟੀ ਲੁਧਿਆਣਾ ਦੀ ਵੈੱਬਸਾਈਟ www.pau.edu ਖੋਲ੍ਹੋ। ਇਹ ਪੰਨਾ ਅੰਗਰੇਜ਼ੀ ਭਾਸ਼ਾ ਵਿਚ ਹੈ। ਇਸ ਤੋਂ ਬਾਅਦ ਯੂਨੀਵਰਸਿਟੀ ਦੇ 'ਹੋਮ ਪੇਜ਼', ਭਾਵ ਸ਼ੁਰੂ ਵਾਲੇ ਪੰਨੇ ਉੱਪਰ ਪੀਲੀ ਪੱਟੀ ਵਿਚ Soil and Water Testing ਆਈਕਨ (Icon) 'ਤੇ ਕਲਿੱਕ ਕਰੋ। ਇਸ ਨਾਲ ਭੂਮੀ ਵਿਗਿਆਨ ਵਿਭਾਗ ਦਾ ਮਿੱਟੀ ਜਾਂ ਪਾਣੀ ਪਰਖ ਰਿਪੋਰਟ ਦਾ ਮੁੱਖ ਪੰਨਾ ਖੁੱਲ੍ਹ ਜਾਵੇਗਾ। ਇਸ ਵਿਚ ਮਿੱਟੀ ਪਰਖ ਰਿਪੋਰਟ, ਪਾਣੀ ਪਰਖ ਰਿਪੋਰਟ ਜਾਂ ਲਘੂ ਤੱਤਾਂ ਦੀ ਰਿਪੋਰਟ ਪ੍ਰਾਪਤ ਕਰਨ ਵਾਸਤੇ ਕਿਸਾਨ ਨੂੰ ਰਸੀਦ ਨੰਬਰ ਭਰਨਾ ਪਵੇਗਾ। ਇਹ ਜਾਣਕਾਰੀ ਭਰਨ ਤੋਂ ਬਾਅਦ ਕਿਸਾਨ ਆਪਣੀ ਰਿਪੋਰਟ ਦੇਖ ਸਕਦੇ ਹਨ। ਜੇ ਤੁਸੀਂ ਇਕ ਤੋਂ ਵੱਧ ਨਮੂਨੇ ਪਰਖ ਲਈ ਦਿੱਤੇ ਹਨ ਤਾਂ ਹਰ ਨਮੂਨੇ ਦਾ ਨਤੀਜਾ ਅਤੇ ਮਾਹਿਰ ਦੀ ਸਿਫਾਰਸ਼ ਅਲੱਗ-ਅਲੱਗ ਹੀ ਦੱਸੀ ਜਾਂਦੀ ਹੈ। ਇੱਕ ਨਮੂਨੇ ਤੋਂ ਬਾਅਦ ਉਸ ਦੇ ਹੇਠਾਂ ਦੂਸਰੇ ਨਮੂਨੇ ਹੀ ਰਿਪੋਰਟ ਦਰਜ ਕੀਤੀ ਜਾਂਦੀ ਹੈ। ਇਸ ਰਿਪੋਰਟ ਨੂੰ 'ਪ੍ਰਿੰਟ' ਵੀ ਕੀਤਾ ਜਾ ਸਕਦਾ ਹੈ ਤੇ ਪੀਡੀਐੱਫ ਫਾਈਲ ਦੇ ਰੂਪ 'ਚ ਦੁਬਾਰਾ ਵੇਖਣ ਵਾਸਤੇ ਵੀ ਰੱਖਿਆ ਜਾਂ Save ਕੀਤਾ ਜਾ ਸਕਦਾ ਹੈ।

ਵਿਭਾਗ ਦੇ ਪੰਨੇ ਉੱਪਰ ਮਿੱਟੀ/ਪਾਣੀ ਦੀ ਪਰਖ ਤੋਂ ਇਲਾਵਾ ਨਮੂਨੇ ਲੈਣ ਦੇ ਢੰਗ, ਰਿਪੋਰਟ ਪੜ੍ਹਨ, ਖਾਦ ਪਾਉਣ ਦਾ ਸਮਾਂ ਅਤੇ ਢੰਗ, ਮਾਹਿਰਾਂ ਨਾਲ ਸੰਪਰਕ ਕਰਨ ਲਈ ਫੋਨ ਨੰਬਰ ਆਦਿ ਵੀ ਕਿਸਾਨਾਂ ਦੀ ਸਹੂਲਤ ਲਈ ਦਿੱਤੇ ਗਏ ਹਨ। •

### ਰਿਪੋਰਟ ਵੇਖਣ ਲਈ ਲੋੜੀਂਦੀਆਂ ਸਹੂਲਤਾਂ

ਆਨਲਾਈਨ ਰਿਪੋਰਟ ਦੇਖਣ ਵਾਸਤੇ ਕਿਸਾਨ ਕੋਲ ਮੋਬਾਈਲ ਫੋਨ ਜਾਂ ਕੰਪਿਊਟਰ ਦਾ ਹੋਣਾ ਲਾਜ਼ਮੀ ਹੈ। ਇਸ ਤੋਂ ਇਲਾਵਾ ਉਸ ਕੋਲ ਇੰਟਰਨੈਟ ਦੀ ਵਿਵਸਥਾ ਹੋਵੇ। ਭੂਮੀ ਵਿਗਿਆਨਕ ਵਿਭਾਗ ਵਿਚ ਕਿਸਾਨ ਵੱਲੋਂ ਨਮੂਨਾ ਦੇਣ ਸਮੇਂ ਟੈਸਟ ਵਾਸਤੇ ਜੋ ਫੀਸ ਦਿੱਤੀ ਜਾਂਦੀ ਹੈ, ਉਸ ਦਾ ਰਸੀਦ ਨੰਬਰ ਕਿਸਾਨ ਕੋਲ ਜ਼ਰੂਰ ਹੋਵੇ।

# ਪਰਾਲੀ ਦੀ ਸੰਭਾਲ ਲਈ ਸਾਂਝੇ ਯਤਨਾਂ ਦੀ ਲੋੜ



ਪਰਾਲੀ ਨੂੰ ਖੇਤਾਂ ਵਿਚ ਸਾੜੇ ਜਾਣ ਦੇ ਵਰਤਾਰਾ ਨੂੰ ਸਿਰਫ਼ ਕਾਨੂੰਨੀ ਸਖ਼ਤੀ ਨਾਲ ਨਹੀਂ ਰੋਕਿਆ ਜਾ ਸਕਦਾ। ਕਿਸਾਨ ਨੂੰ ਇਸ ਦੇ ਬਦਲ ਚਾਹੀਦੇ ਹਨ। ਇਸ ਦੇ ਲਈ ਹੱਥੀਂ ਵਾਢੀ ਕਰਨ, ਪਰਾਲੀ ਦੀ ਸਨਅਤੀ ਵਰਤੋਂ, ਬਿਜਲੀ ਉਤਪਾਦਨ, ਗੱਤੇ ਦੇ ਨਿਰਮਾਣ ਵਰਗੀਆਂ ਵਿਗਿਆਨਕ ਤਕਨੀਕਾਂ ਨੂੰ ਅਪਨਾਉਣ ਦੀ ਲੋੜ ਹੈ...







• ਡਾ. ਰਣਜੀਤ ਸਿੰਘ
94170-87328

ਪੰਜਾਬ 'ਚ ਪਰਾਲੀ ਸੰਭਾਲਣ ਦੀ ਸਮੱਸਿਆ ਗੰਭੀਰ ਬਣੀ ਹੋਈ ਹੈ। ਕਾਨੂੰਨੀ ਸਖ਼ਤੀ ਦੇ ਬਾਵਜੂਦ ਕਿਸਾਨ ਪਰਾਲੀ ਨੂੰ ਅੱਗ ਲਗਾਉਣ ਲਈ ਮਜਬੂਰ ਹਨ। ਇਹ ਸਮੱਸਿਆ ਕਿਸਾਨਾਂ ਨੂੰ ਜੁਰਮਾਨਾ ਕਰ ਕੇ ਨਹੀਂ ਸੁਲਝਾਈ ਜਾ ਸਕਦੀ। ਇਸ ਦਾ ਸਥਾਈ ਹੱਲ ਲੱਭੇ ਜਾਣ ਦੀ ਲੋੜ ਹੈ।

## ਖੇਤੀ ਮਸ਼ੀਨਰੀ ਨੇ ਵਧਾਈ ਸਮੱਸਿਆ

ਪਰਾਲੀ ਦੀ ਸਮਸਿਆ ਪੰਜਾਬ ਵਿਚ ਖੇਤੀ ਦੇ ਸੰਪੂਰਨ ਮਸ਼ੀਨੀਕਰਨ ਕਰਕੇ ਹੋਈ ਹੈ। ਜਦੋਂ ਡੰਗਰਾਂ ਨਾਲ ਖੇਤੀ ਹੁੰਦੀ ਸੀ ਤਾਂ ਪਰਾਲੀ ਨੂੰ ਹਰੇ ਚਾਰੇ ਵਿਚ ਕੁਤਰ ਕੇ ਸਿਆਲ ਦੇ ਦਿਨਾਂ ਵਿਚ ਪਸ਼ੂਆਂ ਨੂੰ ਚਾਰਿਆ ਜਾਂਦਾ ਸੀ। ਜਦ ਤੋਂ ਝੋਨੇ ਦੀ ਕਟਾਈ ਕੰਬਾਈਨਾਂ ਨਾਲ ਹੋਣ ਲੱਗੀ ਹੈ, ਮਸਲਾ ਗੰਭੀਰ ਹੋ ਗਿਆ ਹੈ। ਹੱਥੀਂ ਵੱਢੀ ਫ਼ਸਲ ਦੀ ਖੇਤਾਂ ਤੋਂ ਬਾਹਰ ਝੜਾਈ ਕੀਤੀ ਜਾਂਦੀ ਹੈ। ਇੰਜ ਪਰਾਲੀ ਖੇਤ 'ਚ ਨਹੀਂ ਸੀ ਰਹਿੰਦੀ। ਪਰਾਲੀ ਨੂੰ ਖੇਤ 'ਚੋਂ ਬਾਹਰ ਕੱਢਣ ਦਾ ਇਕ ਹਲ ਹੈ ਕਿ ਕੰਬਾਈਨ 'ਚ ਤਬਦੀਲੀਆਂ ਕੀਤੀਆਂ ਜਾਣ। ਅਸਲ 'ਚ ਅਸੀਂ ਵਿਦੇਸ਼ਾਂ ਤੋਂ ਮਸ਼ੀਨਾਂ ਮੰਗਵਾ ਕੇ ਉਨ੍ਹਾਂ ਦੀ ਨਕਲ ਕਰਨ 'ਚ ਰੁੱਝੇ ਹਾਂ। ਅਪਣੀ ਲੋੜ ਅਨੁਸਾਰ ਮਸ਼ੀਨਾਂ ਬਣਾਉਣ ਵੱਲ ਅਸੀਂ ਧਿਆਨ ਨਹੀਂ ਦਿੱਤਾ। ਝੋਨੇ ਦੀ ਵਾਢੀ ਤੋਂ ਬਾਅਦ 15 ਦਿਨ ਦੇ ਅੰਦਰਕਣਕ ਦੀ ਬਿਜਾਈ ਕਰਨੀ ਹੁੰਦੀ ਹੈ। ਖੇਤੀ ਮਸ਼ੀਨਰੀ ਦੇ ਮਾਹਿਰਾਂ ਨੂੰ ਚਾਹੀਦਾ ਹੈ ਕਿ ਸੂਬੇ 'ਚ ਕੰਬਾਈਨ ਬਣਾਉਣ ਵਾਲੀਆਂ ਕੰਪਨੀਆਂ ਨਾਲ ਮਿਲ ਕੇ ਮਸ਼ੀਨ 'ਚ ਲੋੜੀਦੀਆਂ ਤਬਦੀਲੀਆਂ ਬਾਰੇ ਵਿਚਾਰ ਵਟਾਂਦਰਾ ਕੀਤਾ ਜਾਵੇ। ਜੇ ਕੰਬਾਈਨ ਫ਼ਸਲ ਦੀ ਕਟਾਈ ਧਰਤੀ ਦੇ ਨੇੜਿਉਂ ਕਰੇ ਤੇ ਪਰਾਲੀ ਨੂੰ ਬਾਹਰ ਸੁੱਟਣ ਦੀ ਥਾਂ ਟਰਾਲੀ 'ਚ ਪਾਈ ਜਾਵੇ ਤਾਂ ਇਸ ਮਸਲੇ ਨੂੰ ਹੱਲ ਕੀਤਾ ਜਾ ਸਕਦਾ ਹੈ। ਇਹ ਕਾਰਜ ਏਨਾਂ ਔਖਾ ਨਹੀਂ ਹੈ ਕਿ ਕੀਤਾ ਨਾ ਜਾ ਸਕੇ। ਸਰਕਾਰ ਨੂੰ ਵੀ ਚਾਹੀਦਾ ਹੈ ਕਿ ਇਸ ਖੋਜ ਲਈ ਵਿੱਤੀ ਸਹਾਇਤਾ ਦੇਵੇ।

## ਸਹਿਕਾਰੀ ਸੁਸਾਇਟੀਆਂ ਦੀ ਭੂਮਿਕਾ

ਪਰਾਲੀ ਦੀ ਸਮੱਸਿਆ ਛੋਟੇ ਕਿਸਾਨਾਂ ਨੂੰ ਵਧੇਰੇ ਹੈ। ਪਰਾਲੀ ਨਾਲ ਭਰੇ ਖੇਤ ਦੀ ਵਹਾਈ ਲਈ ਉਲਟਾਵਾਂ ਹਲ ਚਾਹੀਦਾ ਹੈ, ਜਿਸ ਲਈ ਵਧੇਰੇ ਤਾਕਤ ਵਾਲੇ ਟ੍ਰੈਕਟਰ ਦੀ ਲੋੜ ਪੈਂਦੀ ਹੈ। ਇਹ ਵੀ ਸਿਫ਼ਾਰਸ਼ ਕੀਤੀ ਗਈ ਹੈ ਕਿ ਬਿਨਾਂ ਵਹਾਈ 'ਹੈਪੀ ਸੀਡਰ' ਨਾਲ ਕਣਕ ਦੀ ਬਿਜਾਈ ਕੀਤੀ ਜਾ ਸਕਦੀ ਹੈ। ਇਹ ਮਸ਼ੀਨ ਹਰ ਕਿਸਾਨ ਵਾਸਤੇ ਖ਼ਰੀਦਣੀ ਸੰਭਵ ਨਹੀਂ ਹੈ। ਖੇਤ 'ਚੋਂ ਪਰਾਲੀ ਨੂੰ ਇਕਠਾ ਕਰਨ ਲਈ 'ਬੇਲਰ' ਮਸ਼ੀਨ ਵੀ ਬਣਾਈ ਗਈ ਹੈ, ਜੋ ਪਰਾਲੀ ਨੂੰ ਇਕੱਠਾ ਕਰ ਕੇ ਗੱਠਾਂ ਤਿਆਰ ਕਰਦੀ ਹੈ। ਇਹ ਮਸ਼ੀਨ ਵੀ ਆਮ ਕਿਸਾਨ ਨਹੀਂ ਖ਼ਰੀਦ ਸਕਦਾ। ਇਸੇ ਤਰ੍ਹਾਂ ਪਰਾਲੀ ਦੀ ਨਿਪਟਾਰੇ ਲਈ 'ਚੋਪਰ' ਨਾਂ ਦੀ ਇਕ ਹੋਰ ਮਸ਼ੀਨ ਹੈ। ਇਹ ਮਸ਼ੀਨ ਪਰਾਲੀ ਦਾ ਕੁਤਰਾ ਕਰ ਕੇ ਖੇਤ 'ਚ ਖਿਲਾਰ ਦਿੰਦੀ ਹੈ। ਇਹ ਤਿੰਨੇ ਮਸ਼ੀਨਾਂ ਕਿਸਾਨਾਂ ਨੂੰ ਖ਼ਰੀਦਣ ਦੀ ਸਿਫ਼ਾਰਸ਼ ਨਹੀਂ ਕਰਨੀ ਚਾਹੀਦੀ। ਪੰਜਾਬ ਦੇ ਲਗਪਗ ਹਰ ਪਿੰਡ 'ਚ ਸਹਿਕਾਰੀ ਸੁਸਾਇਟੀ ਹੈ। ਇਨ੍ਹਾਂ ਮਸ਼ੀਨਾਂ ਦੀ ਖ਼ਰੀਦ ਲਈ ਪਿੰਡਾਂ ਦੀਆਂ ਸੁਸਾਇਟੀਆਂ ਨੂੰ ਉਤਸ਼ਾਹਿਤ ਕੀਤਾ ਜਾਵੇ। ਕਿਸਾਨਾਂ ਨੂੰ ਮਸ਼ੀਨਾਂ ਦੀ ਖ਼ਰੀਦ ਲਈ ਦਿੱਤੀ ਜਾ ਰਹੀ ਸਬਸਿਡੀ ਬੰਦ ਕੀਤੀ ਜਾਵੇ ਤੇ ਇਸ ਪੈਸੇ ਨਾਲ ਸੁਸਾਇਟੀਆਂ ਨੂੰ ਘੱਟ ਕੀਮਤ 'ਤੇ ਮਸ਼ੀਨਾਂ ਦਿੱਤੀਆਂ ਜਾਣ। ਪਿੰਡ ਦੀ ਪੰਚਾਇਤ ਇਹ ਜ਼ਿੰਮੇਵਾਰੀ ਲਵੇ ਕਿ ਮਨਰੇਗਾ ਸਕੀਮ ਅਧੀਨ ਇਨ੍ਹਾਂ ਮਸ਼ੀਨਾਂ ਦੀ ਵਰਤੋਂ ਕਰ ਕੇ ਪਰਾਲੀ ਨੂੰ ਇਕੱਠਾ ਕੀਤਾ ਜਾਵੇ। ਪੰਜਾਬ ਵਿਚ ਮਨਰੇਗਾ ਸਕੀਮ ਦੀ ਇਹ ਸਭ ਤੋਂ ਵਧੀਆ ਵਰਤੋਂ ਹੋਵੇਗੀ।

### ਦੋ ਧਿਰੀ ਖੋਜ ਦੀ ਲੋੜ

ਪੰਜਾਬ ਖੇਤੀਬਾੜੀ ਯੂਨੀਵਰਸਿਟੀ ਵੱਲੋਂ ਪਰਾਲੀ ਨਾਲ ਸਬੰਧੀ ਦੋ-ਧਿਰੀ ਖੋਜ ਸ਼ੁਰੂ ਕਰਨ ਦੀ ਲੋੜ ਹੈ। ਪਹਿਲੀ ਖੋਜ ਕੰਬਾਈਨ ਵਿਚ ਸੋਧ ਕਰਨ ਸਬੰਧੀ ਹੈ। ਕੰਬਾਈਨ ਨੂੰ ਅਜਿਹਾ ਬਣਾਇਆ ਜਾਵੇ ਜਿਹੜੀ ਫ਼ਸਲ ਦੀ ਕਟਾਈ ਧਰਤੀ ਦੇ ਨਾਲੋਂ ਕਰੇ ਅਤੇ ਉਸ ਨਾਲ ਇਕ ਟਰਾਲੀ ਲਗਾਈ ਜਾਵੇ, ਜਿਹੜੀ ਦਾਣੇ ਕੱਢਣ ਪਿੱਛੋਂ ਪਰਾਲੀ ਨੂੰ ਖੇਤ ਵਿਚ ਸੁਟਣ ਦੀ ਥਾਂ ਟਰਾਲੀ ਵਿਚ ਸੁੱਟੇ। ਮਸ਼ੀਨੀ ਖੋਜ ਦੇ ਨਾਲ-ਨਾਲ ਅਜਿਹੇ ਬੈਕਟੀਰੀਆ ਜਾਂ ਮਾਈਕ੍ਰੋਬ ਲੱਭੇ ਜਾਣ, ਜਿਹੜੇ ਪਰਾਲੀ ਨੂੰ ਤੇਜ਼ੀ ਨਾਲ ਗਾਲ ਸਕਣ, ਤਾਂ ਕਿ ਫ਼ਸਲ ਦੀ ਕਟਾਈ ਤੋਂ ਬਾਅਦ ਬੈਕਟੀਰੀਆ ਦਾ ਖੇਤ 'ਚ ਛਿੜਕਾ ਕੀਤਾ ਜਾਵੇ ਤੇ ਕੁਝ ਦਿਨਾਂ ਵਿਚ ਨਾੜ ਤੇ ਪਰਾਲੀ ਗਲਣੀ ਸ਼ੁਰੂ ਹੋ ਜਾਵੇ। ਗਲੀ ਹੋਈ ਇਸ ਪਰਾਲੀ ਨੂੰ ਬਾਅਦ ਵਿਚ ਟ੍ਰੈਕਟਰ ਨਾਲ ਮਿਟੀ ਵਿਚ ਰਲਾਇਆ ਜਾ ਸਕੇ।

## ਸਨਅਤੀ ਖੇਤਰ ਤੇ ਪਰਾਲੀ

ਬਿਜਲੀ ਵਿਭਾਗ ਵੱਲੋਂ ਪਰਾਲੀ ਦੀ ਵਰਤੋਂ ਬਿਜਲੀ ਬਣਾਉਣ ਲਈ ਸ਼ੁਰੂ ਕੀਤੀ ਗਈ ਸੀ। ਸਰਕਾਰ ਇਸ ਸਿਲਸਿਲੇ ਨੂੰ ਉਤਸ਼ਾਹਿਤ ਕਰੇ। ਇਸੇ ਤਰ੍ਹਾਂ ਪਰਾਲੀ ਦੀ ਵਰਤੋਂ ਗੱਤਾ ਬਣਾਉਣ ਲਈ ਵੀ ਕੀਤੀ ਗਈ ਸੀ। ਸਰਕਾਰ ਅਜੇਹੇ ਯੂਨਿਟਾਂ ਨੂੰ ਸਥਾਪਿਤ ਕਰਨ ਲਈ ਰਿਆਇਤਾਂ ਦੇਵੇ, ਜਿਹੜੇ ਪਰਾਲੀ ਦੀ ਵਰਤੋਂ ਗੱਤਾ ਬਣਾਉਣ ਲਈ ਕਰਦੇ ਹੋਣ। ਪਿੰਡ ਪੱਧਰ 'ਤੇ ਇਕੱਠੀ ਕੀਤੀ ਗਈ ਪਰਾਲੀ ਨੂੰ ਇਨ੍ਹਾਂ ਦੋਵਾਂ ਕੰਮਾਂ ਲਈ ਵਰਤਿਆ ਜਾਵੇ। ਭੱਠਾ ਮਾਲਕ ਵੀ ਪਰਾਲੀ ਦੀ ਵਰਤੋਂ ਭੱਠਿਆਂ ਵਿਚ ਬਾਲਣ ਦੇ ਤੌਰ 'ਤੇ ਕਰ ਸਕਦੇ ਹਨ। ਫ਼ਸਲ ਬੀਜਣ ਪਿੱਛੋਂ ਜੇ ਖੇਤ ਦੇ ਖਾਲੀ ਹਿੱਸਿਆਂ 'ਚ ਪਰਾਲੀ ਖਲਾਰ ਦਿਤੀ ਜਾਵੇ ਤਾਂ ਨਦੀਨਾਂ ਦੀ ਰੋਕਥਾਮ ਹੁੰਦੀ ਹੈ ਤੇ ਪਾਣੀ ਦੀ ਬੱਚਤ ਵੀ ਹੁੰਦੀ ਹੈ। ਸਰਦੀਆਂ 'ਚ ਡੰਗਰਾਂ ਹੇਠ ਪਰਾਲੀ ਨੂੰ ਸੁੱਕ ਕੇ ਰੂਪ 'ਚ ਵਰਤਿਆ ਜਾ ਸਕਦਾ ਹੈ। ਸਨਅਤੀ ਖੋਜ ਨੂੰ ਵੀ ਇਸ ਸਬੰਧੀ ਗੰਭੀਰ ਉਪਰਾਲੇ ਕਰਨੇ ਚਾਹੀਦੇ ਹਨ ਕਿ ਪਰਾਲੀ ਦੀ ਸਨਅਤ ਵਿਚ ਸੁਚੱਜੀ ਵਰਤੋਂ ਕਿਵੇਂ ਕੀਤੀ ਜਾ ਸਕਦੀ ਹੈ।



## ਹੱਥੀਂ ਵਾਢੀ ਕਰਨ ਨੂੰ ਕੀਤਾ ਜਾਵੇ ਉਤਸ਼ਾਹਿਤ

ਸਹਾਇਕ ਧੰਦਿਆਂ ਵਿੱਚੋਂ ਖੁੰਭਾਂ ਦੀ ਕਾਸ਼ਤ ਨੂੰ ਉਤਸ਼ਾਹਿਤ ਕਰਨ ਲਈ ਖੇਤੀ ਮਾਹਿਰਾਂ ਨੂੰ ਇਸ ਸਬੰਧੀ ਕਿਸਾਨਾਂ ਨੂੰ ਸਿਖਲਾਈ ਦੇਣੀ ਚਾਹੀਦੀ ਹੈ ਤਾਂ ਜੋ ਪਿੰਡ ਵਾਸੀ ਘਰਾਂ 'ਚ ਪਰਾਲੀ ਉੱਪਰ ਖੁੰਭਾਂ ਪੈਦਾ ਕਰ ਸਕਣ। ਇਸ ਨਾਲ ਪਰਾਲੀ ਦੀ ਸੁਚੱਜੀ ਵਰਤੋਂ ਵੀ ਹੋਵੇਗੀ ਤੇ ਕਿਸਾਨਾਂ ਦੀ ਆਮਦਨੀ ਨੂੰ ਵੀ ਹੁਲਾਰਾ ਮਿਲੇਗਾ ਅਤੇ ਲੋਕਾਂ ਨੂੰ ਪੌਸ਼ਟਿਕ ਖ਼ੁਰਾਕ ਪ੍ਰਾਪਤ ਹੋਵੇਗੀ। ਇਸ ਤੋਂ ਇਲਾਵਾ ਛੋਟੇ ਕਿਸਾਨਾਂ ਨੂੰ ਝੋਨੇ ਦੀ ਹੱਥੀਂ ਵਾਢੀ ਕਰਨ ਲਈ ਪ੍ਰੇਰਿਤ ਕਰਨਾ ਚਾਹੀਦਾ ਹੈ। ਕੰਬਾਈਨ ਨਾਲ ਵਾਢੀ ਤੇ ਹੱਥ ਨਾਲ ਵਾਢੀ ਵਿਚਲੇ ਖ਼ਰਚੇ ਦੇ ਫ਼ਰਕ ਦਾ ਕੁਝ ਹਿੱਸਾ ਸਰਕਾਰ ਵੱਲੋਂ ਮਨਰੇਗਾ ਸਕੀਮ ਜਾਂ ਬੀਜ ਸਬਸਿਡੀ ਵਾਲੇ ਪੈਸੇ ਨਾਲ ਪੂਰਾ ਕੀਤਾ ਜਾਵੇ। ਇੰਜ ਪਰਾਲੀ ਵੀ ਇਕ ਥਾਂ ਇਕੱਠੀ ਹੋ ਜਾਵੇਗੀ ਤੇ ਪਿੰਡਾਂ 'ਚ ਖੇਤ ਮਜ਼ਦੂਰਾਂ ਨੂੰ ਰੁਜ਼ਗਾਰ ਵੀ ਮਿਲੇਗਾ। ਕੰਬਾਈਨਾਂ ਦੀ ਵਰਤੋਂ ਨਾਲ ਖੇਤ ਮਜ਼ਦੂਰ ਵਿਹਲੇ ਹੋ ਗਏ ਹਨ ਤੇ ਇਹ ਆਪਣੇ ਆਪ 'ਚ ਇਕ ਵੱਡੀ ਸਮੱਸਿਆ ਬਣਦੀ ਜਾ ਰਹੀ ਹੈ। ਹੱਥੀਂ ਵੱਢੀ ਹੋਈ ਪਰਾਲੀ ਨੂੰ ਗੱਤਾ ਬਣਾਉਣ ਵਾਲੀਆਂ ਸਨਅਤੀ ਇਕਾਈਆਂ ਵੀ ਆਸਾਨੀ ਨਾਲ ਖ਼ਰੀਦ ਲੈਂਦੀਆਂ ਹਨ।

## ਉਪਰਾਲੇ

ਪਰਾਲੀ ਨੂੰ ਸਾੜਨ ਨਾਲ ਜਿੱਥੇ ਖੇਤਾਂ ਦੀ ਉਪਜਾਊ ਸ਼ਕਤੀ ਘਟਦੀ ਹੈ ਉੱਥੇ ਮਿੱਤਰ ਕੀੜੇ ਅੱਗ 'ਚ ਸੜ ਕੇ ਮਾਰੇ ਜਾਂਦੇ ਹਨ, ਵਾਤਾਵਰਨ ਪ੍ਰਦੂਸ਼ਿਤ ਹੁੰਦਾ ਹੈ, ਬਿਮਾਰੀਆਂ 'ਚ ਵਾਧਾ ਹੁੰਦਾ ਹੈ, ਸੜਕਾਂ ਕਿਨਾਰੇ ਲੱਗੇ ਰੁੱਖ ਸੜ ਕੇ ਖ਼ਤਮ ਹੋ ਜਾਂਦੇ ਹਨ, ਗੱਡੀ ਚਾਲਕਾਂ ਦੀ ਵੇਖਣ ਦੀ ਹੱਦ ਘਟਣ ਕਾਰਨ ਸੜਕ ਹਾਦਸੇ ਵਾਪਰਦੇ ਹਨ। ਜੇ ਪਰਾਲੀ ਦੀ ਠੀਕ ਢੰਗ ਨਾਲ ਸਾਂਭ-ਸੰਭਾਲ ਕੀਤੀ ਜਾਵੇ ਤਾਂ ਧਰਤੀ ਦੀ ਸਿਹਤ ਚੰਗੀ ਬਣ ਸਕਦੀ ਹੈ, ਪ੍ਰਦੂਸ਼ਣ ਨੂੰ ਰੋਕਿਆ ਜਾ ਸਕਦਾ ਹੈ ਤੇ ਆਮਦਨੀ ਵਿਚ ਵੀ ਵਾਧਾ ਕੀਤਾ ਜਾ ਸਕਦਾ ਹੈ। ਪਰਾਲੀ ਦੀ ਸਮਸਿਆ ਦੇ ਹੱਲ ਲਈ ਕਿਸਾਨਾਂ, ਸਰਕਾਰ ਤੇ ਖੋਜ ਅਦਾਰਿਆਂ ਦੇ ਸਾਂਝੇ ਯਤਨਾਂ ਦੀ ਲੋੜ ਹੈ। ਸਥਿਤੀ ਦੀ ਨਾਜ਼ੁਕਤਾ ਦੇ ਨਾਲ-ਨਾਲ ਕਿਸਾਨਾਂ ਦੀ ਮਜਬੂਰੀ ਨੂੰ ਵੀ ਸਮਝਿਆ ਜਾਵੇ। ਕਾਨੂੰਨ ਦੀ ਮਦਦ ਨਾਲ ਕਿਸਾਨਾਂ ਨੂੰ ਸਜ਼ਾ ਦੇਣ ਨਾਲ ਇਹ ਮਸਲਾ ਹੱਲ ਨਹੀਂ ਹੋ ਸਕਦਾ।

ਜੇ ਸਾਂਝੇ ਯਤਨ ਕੀਤੇ ਜਾਣ ਤਾਂ ਇਹ ਕੋਈ ਬਹੁਤ ਵੱਡੀ ਸਮੱਸਿਆ ਨਹੀਂ ਹੈ ਕਿ ਇਸ ਦਾ ਹੱਲ ਨਾ ਕੱਢਿਆ ਜਾ ਸਕੇ। ਪੰਜਾਬ ਖੇਤੀਬਾੜੀ ਵਿਭਾਗ, ਪ੍ਰਦੂਸ਼ਣ ਕੰਟਰੋਲ ਬੋਰਡ, ਸਹਿਕਾਰੀ ਵਿਭਾਗ ਅਤੇ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਸਾਂਝੇ ਯਤਨਾਂ ਨਾਲ ਇਹ ਮਸਲਾ ਹੱਲ ਹੋ ਸਕਦਾ ਹੈ। ਲੋੜ ਸਾਰੀਆਂ ਧਿਰਾਂ ਵੱਲੋਂ ਸਾਂਝੇ ਤੌਰ 'ਤੇ ਯਤਨ ਕੀਤੇ ਜਾਣ ਦੀ ਹੈ। ਉਕਤ ਸਾਰੀਆਂ ਧਿਰਾਂ ਦੇ ਆਪਸੀ ਤਾਲਮੇਲ ਵਿਚ ਪੰਜਾਬ ਕਿਸਾਨ ਕਮਿਸ਼ਨ ਵੀ ਸੁਚੱਜੀ ਤੇ ਅਹਿਮ ਭੂਮਿਕਾ ਨਿਭਾਅ ਸਕਦਾ ਹੈ। ਸਾਨੂੰ ਆਪਣੀ ਇਹ ਆਦਤ ਬਦਲਨੀ ਪਵੇਗੀ ਕਿ ਅਸੀਂ ਭਵਿਖ 'ਚ ਪੈਦਾ ਹੋਣ ਵਾਲੀਆਂ ਸਮੱਸਿਆਵਾਂ ਦੇ ਆਗਾਊਂ ਹੱਲ ਲੱਭਣ ਦੀ ਥਾਂ ਉਦੋਂ ਯਤਨ ਕਰਦੇ ਹਾਂ ਜਦੋਂ ਸਮੱਸਿਆ ਗੰਭੀਰ ਰੂਪ ਲੈ ਲੈਂਦੀ ਹੈ। ਕਿਸਾਨ ਜਥੇਬੰਦੀਆਂ ਨੂੰ ਵੀ ਚਾਹੀਦਾ ਹੈ ਕਿ ਉਹ ਕਿਸਾਨਾਂ ਨੂੰ ਪਰਾਲੀ ਸਾੜਨ ਲਈ ਉਤਸ਼ਾਹਿਤ ਕਰਨ ਦੀ ਥਾਂ ਸਰਕਾਰ ਉੱਪਰ ਇਸ ਦਾ ਹੱਲ ਲੱਭਣ ਲਈ ਜ਼ੋਰ ਪਾਵੇ। ਇਸ ਤੋਂ ਇਲਾਵਾ ਪਿੰਡਾਂ ਦੀਆਂ ਪੰਚਾਇਤਾਂ ਪਰਾਲੀ ਨਾਲ ਸਾੜੇ ਜਾਣ 'ਚ ਅਹਿਮ ਭੂਮਿਕਾ ਨਿਭਾ ਸਕਦੀਆਂ ਹਨ ਪਰ ਇਸ ਦੇ ਲਈ ਸਰਕਾਰ ਵੱਲੋਂ ਉਨ੍ਹਾਂ ਨੂੰ ਵਿੱਤੀ ਵਸੀਲੇ ਮੁਹੱਈਆ ਕਰਵਾਏ ਜਾਣੇ ਬੇਹੱਦ ਲਾਜ਼ਮੀ ਹਨ। •

# ਮਿਹਨਤ ਨੇ ਬਣਾਇਆ 2 ਏਕੜ ਤੋਂ 35 ਏਕੜ ਦਾ ਮਾਲਕ

ਸੁੱਚਾ ਸਿੰਘ ਪਾਬਲਾ ਨੇ ਆਪਣੀ ਦੋ ਏਕੜ ਜ਼ਮੀਨ ਦੇ ਨਾਲ ਪਹਿਲਾਂ ਠੇਕੇ 'ਤੇ ਜ਼ਮੀਨ ਲੈ ਕੇ ਖੇਤੀਬਾੜੀ ਦੇ ਕੰਮ ਨੂੰ ਅੱਗੇ ਵਧਾਇਆ ਤੇ ਫਿਰ ਦੂਸਰੇ ਖੇਤੀ ਸਹਾਇਕ ਧੰਦਿਆਂ ਨੂੰ ਅਪਣਾ ਕੇ ਆਪਣੇ ਕਾਰੋਬਾਰ ਨੂੰ ਵਿਸਥਾਰ ਦਿੱਤਾ...

• ਕਰਮਜੀਤ ਸਿੰਘ ਆਜ਼ਾਦ



ਬੇਰੁਜ਼ਗਾਰੀ ਤੇ ਮਹਿੰਗਾਈ ਦੇ ਅਜੋਕੇ ਦੌਰ ਤੋਂ ਤੰਗ ਆ ਕੇ ਜਿੱਥੇ ਬਹੁਤ ਸਾਰੇ ਲੋਕ ਖੇਤੀਬਾੜੀ ਤੋਂ ਕਿਨਾਰਾ ਕਰ ਰਹੇ ਹਨ ਉੱਥੇ ਸੁੱਚਾ ਸਿੰਘ ਪਾਬਲਾ ਵਰਗੇ ਮਿਹਨਤੀ ਤੇ ਇਨਸਾਨ ਵੀ ਹਨ, ਜਿਨ੍ਹਾਂ ਨੇ ਹੌਸਲੇ, ਆਤਮ-ਵਿਸ਼ਵਾਸ, ਸ਼ਿੱਦਤ ਤੇ ਮਿਹਨਤ ਨਾਲ 2 ਏਕੜ ਤੋਂ 35 ਏਕੜ ਜ਼ਮੀਨ ਬਣਾਈ ਤੇ ਨਿਰਾਸ਼ਾ ਦੇ ਆਲਮ 'ਚ ਵਿਚਰ ਰਹੇ ਨੌਜਵਾਨਾਂ ਤੇ ਕਿਸਾਨਾਂ ਲਈ ਮਿਸਾਲ ਤੇ ਪ੍ਰੇਰਣਾ ਕਾਇਮ ਕੀਤੀ ਹੈ ਕਿ ਮਨੁੱਖ ਚਾਹੇ ਤਾਂ ਆਪਣੇ ਜਨੂੰਨ ਦੇ ਸਹਾਰੇ ਸਫਲਤਾ ਦੇ ਦਰਵਾਜ਼ੇ ਖੋਲ੍ਹ ਸਕਦਾ ਹੈ।

## ਇਕ ਸਤਰ ਨੇ ਬਦਲੀ ਜ਼ਿੰਦਗੀ

ਕੁਮਕਲਾਂ ਨੇੜਲੇ ਬੇਟ ਇਲਾਕੇ ਦੇ ਪੱਛੜੇ ਹੋਏ ਪਿੰਡ ਸ਼ੇਰਗੜ੍ਹ ਵਿਖੇ ਆਪਣੇ ਫਾਰਮ ਵਿਚ ਜੈਵਿਕ ਢੰਗ ਨਾਲ ਖੇਤੀ ਕਰ ਰਹੇ ਸੁੱਚਾ ਸਿੰਘ ਪਾਬਲਾ ਨੇ ਖੇਤੀਬਾੜੀ ਦੇ ਨਾਲ ਹੋਰ ਵੀ ਕਈ ਸਹਾਇਕ ਧੰਦੇ ਅਪਣਾਏ ਹੋਏ ਹਨ। ਉਹ ਪੰਜਾਬ ਦੇ ਨੌਜਵਾਨਾਂ ਨੂੰ ਆਖਦੇ ਹਨ ਕਿ ਉਹ ਬੇਰੁਜ਼ਗਾਰੀ ਦੇ ਹਾਲਾਤ 'ਚ ਨਿਰਾਸ਼ ਨਾ ਹੋਣ ਸਗੋਂ ਸਖ਼ਤ ਮਿਹਨਤ ਦਾ ਪੱਲਾ ਫੜ ਕੇ ਕਾਮਯਾਬੀ ਵੱਲ ਵਧਣ। ਸੁੱਚਾ ਸਿੰਘ ਨੇ ਦੱਸਿਆ ਕਿ ਇਕ ਤੁਕ 'ਮਿਹਨਤੁ ਅੱਗੇ ਲਛਮੀ, ਜਿਉਂ ਪੱਖੇ ਅੱਗੇ ਪੌਣ' ਨੇ ਉਨ੍ਹਾਂ ਦੀ ਜ਼ਿੰਦਗੀ ਬਦਲ ਕੇ ਰੱਖ ਦਿੱਤੀ। ਉਨ੍ਹਾਂ ਦੱਸਿਆ ਕਿ ਉਨ੍ਹਾਂ ਦਾ ਜੱਦੀ ਪਿੰਡ ਕੁਰਾਲੀ ਸ਼ਹਿਰ ਨੇੜੇ ਬਰਸਾਲਪੁਰ ਟੱਪਰੀਆਂ ਹੈ। ਉਹ ਸਿਰਫ਼ ਮੈਟ੍ਰਿਕ ਪਾਸ ਹੈ। ਵਿਆਹ ਤੋਂ ਬਾਅਦ ਉਨ੍ਹਾਂ ਨੂੰ ਸਾਂਝੇ ਪਰਿਵਾਰ ਤੋਂ ਅਲੱਗ ਹੋਣਾ ਪਿਆ ਤੇ ਉਨ੍ਹਾਂ ਦੇ ਹਿੱਸੇ 2 ਏਕੜ ਜ਼ਮੀਨ ਆਈ। ਇੰਨੀ ਥੋੜ੍ਹੀ ਜ਼ਮੀਨ ਨਾਲ ਗੁਜ਼ਾਰਾ ਨਹੀਂ ਸੀ ਹੋ ਸਕਦਾ। ਇਸ ਲਈ ਉਨ੍ਹਾਂ ਨੇ ਸੋਚਿਆ ਕਿ ਘਰੋਂ ਨਿਕਲ ਕੇ ਹੀ ਕਾਮਯਾਬੀ ਹਾਸਲ ਕੀਤੀ ਜਾ ਸਕਦੀ ਹੈ। ਉਨ੍ਹਾਂ ਨੇ ਕੁਝ ਪੈਸਿਆਂ ਦਾ ਇੰਤਜ਼ਾਮ ਕੀਤਾ ਤੇ ਦੁਬਈ ਚਲਾ ਗਿਆ। ਉਸ ਨੇ ਸਖ਼ਤ ਮਿਹਨਤ ਕੀਤੀ ਤੇ ਉੱਥੇ ਰਹਿੰਦਿਆਂ ਹੀ ਡਰਾਇਵਰੀ ਸਿੱਖ ਲਈ ਤੇ ਛੋਟੀਆਂ ਗੱਡੀਆਂ ਚਲਾਉਣ ਤੋਂ ਸ਼ੁਰੂ ਹੋ ਕੇ ਵੱਡੇ ਟਰਾਲੇ ਚਲਾਉਣ ਲੱਗਾ।

## ਜੈਵਿਕ ਖਾਦ ਦਾ ਕਾਰੋਬਾਰ

ਦੋ-ਤਿੰਨ ਸਾਲ ਬਾਅਦ ਉਨ੍ਹਾਂ ਨੇ ਆਪਣੇ ਖੇਤਾਂ ਨਾਲ ਲਗਦੀ ਕੁਝ ਹੋਰ ਜ਼ਮੀਨ ਖ਼ਰੀਦ ਲਈ ਤੇ ਨਾਲ ਲਗਦੀ 25-30 ਏਕੜ ਜ਼ਮੀਨ ਠੇਕੇ 'ਤੇ ਲੈ ਕੇ ਆਪਣੀ ਖੇਤੀ ਵਿਚ ਵਾਧਾ ਕੀਤਾ। ਉਨ੍ਹਾਂ ਨੇ ਖੇਤਾਂ ਵਿਚ ਸਬਜ਼ੀਆਂ ਵੀ ਉਗਾਉਣੀਆਂ ਸ਼ੁਰੂ ਕਰ ਦਿੱਤੀਆਂ। ਪਾਬਲਾ ਨੇ ਦੱਸਿਆ ਕਿ ਉਨ੍ਹਾਂ ਨੇ ਗੁਜਰਾਤ ਦੀ ਇਕ ਕੰਪਨੀ ਪਾਸੋਂ 5 ਲੱਖ ਰੁਪਏ ਨਾਲ 10 ਟਨ ਗੰਡੋਏ ਖ਼ਰੀਦੇ ਅਤੇ ਵੱਡੇ ਪੱਧਰ 'ਤੇ ਜੈਵਿਕ ਖਾਦ ਬਣਾ ਕੇ ਕਿਸਾਨਾਂ ਨੂੰ ਵੇਚਣੀ ਸ਼ੁਰੂ ਕਰ ਦਿੱਤੀ। ਜੈਵਿਕ ਖਾਦ ਬਣਾਉਣ ਲਈ ਉਨ੍ਹਾਂ ਨੇ ਆਪਣੇ ਫਾਰਮ 'ਤੇ ਇਕ ਵੱਡਾ ਸ਼ੈੱਡ ਬਣਾ ਲਿਆ, ਜਿਸ ਦੇ ਥੱਲੇ ਉਨ੍ਹਾਂ ਨੇ 72 ਖ਼ਾਨੇ ਬਣਾ ਕੇ ਉਸ ਵਿਚ ਦੇਸੀ ਰੂੜੀ ਦੀ ਖਾਦ ਭਰ ਕੇ ਗੰਡੋਇਆਂ ਨੂੰ ਛੱਡ ਦਿੱਤਾ। ਗੰਡੋਏ ਕੁਦਰਤੀ ਕਿਰਿਆ ਨਾਲ ਅੱਗੇ ਤੋਂ ਅੱਗੇ ਵਧਦੇ ਜਾਂਦੇ ਹਨ ਵੱਡੀ ਮਾਤਰਾ ਵਿਚ ਗੰਡੋਇਆਂ ਦੀ ਖਾਦ ਤਿਆਰ ਕੀਤੀ ਜਾਂਦੀ ਹੈ। ਸੁੱਚਾ ਸਿੰਘ ਇਸ ਖਾਦ ਨੂੰ 50-70 ਰੁਪਏ ਕੁਇੰਟਲ ਵੇਚਦਾ ਹੈ। ਇਸ ਖਾਦ ਦੀ ਮੰਗ ਪੰਜਾਬ ਤੋਂ ਇਲਾਵਾ ਹਰਿਆਣਾ, ਹਿਮਾਚਲ ਤੇ ਯੂਪੀ ਤਕ ਹੈ।

## ਮਾਣ-ਸਨਮਾਨ

ਸੁੱਚਾ ਸਿੰਘ ਨੇ ਆਪਣੇ ਖੇਤਾਂ ਵਿਚ ਅੰਬ, ਆੜੂ, ਨਿੰਬੂ, ਅਮਰੂਦ, ਕੇਲਾ, ਅਨਾਰ, ਅੰਗੂਰ ਆਦਿ ਫਲਦਾਰ ਬੂਟੇ ਵੀ ਲਗਾਏ ਹੋਏ ਹਨ। ਇਨ੍ਹਾਂ ਬੂਟਿਆਂ ਦੀ ਪਰਵਰਿਸ਼ ਵੀ ਉਹ ਜੈਵਿਕ ਢੰਗ ਨਾਲ ਕਰਦੇ ਹਨ। ਆਪਣੀ ਸਖ਼ਤ ਮਿਹਨਤ ਨਾਲ ਅੱਜ ਉਨ੍ਹਾਂ ਕੋਲ 35 ਏਕੜ ਦਾ ਆਪਣਾ ਫਾਰਮ ਹੈ। ਸੁੱਚਾ ਸਿੰਘ ਪਾਬਲਾ ਨੂੰ ਖਾਦੀ ਤੇ ਗ੍ਰਾਮ ਉਦਯੋਗ ਵਿਭਾਗ ਵਲੋਂ ਵੀ ਸਨਮਾਨਿਤ ਕੀਤਾ ਜਾ ਚੁੱਕਾ ਹੈ। ਇਸ ਤੋਂ ਇਲਾਵਾ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਵੱਲੋਂ ਵੀ ਸਨਮਾਨਿਤ ਕੀਤਾ ਜਾ ਚੁੱਕਾ ਹੈ, ਐੱਮਐੱਸਐੱਮਈ ਮੰਤਰਾਲੇ ਵੱਲੋਂ ਵੀ ਪ੍ਰਮਾਣ ਪੱਤਰ ਮਿਲਿਆ ਹੈ। ਇਹ ਪ੍ਰਮਾਣ ਪੱਤਰ ਅੰਤਰਰਾਸ਼ਟਰੀ ਪੱਧਰ 'ਤੇ ਕਿਸੇ ਖੋਜੀ ਜਾਂ ਉਤਪਾਦ ਦੀ ਮਿਆਰੀ ਗੁਣਵੱਤਾ ਕਾਰਨ ਦਿੱਤਾ ਜਾਂਦਾ ਹੈ। ਇਸ ਤੋਂ ਇਲਾਵਾ ਉਨ੍ਹਾਂ ਨੂੰ ਪੰਜਾਬ ਦੀਆਂ ਕਈ ਹੋਰ ਸੰਸਥਾਵਾਂ ਵੱਲੋਂ ਵੀ ਸਨਮਾਨਿਤ ਕੀਤਾ ਗਿਆ ਹੈ।

ਸੁੱਚਾ ਸਿੰਘ ਦਾ ਕਹਿਣਾ ਹੈ ਕਿ ਨੌਜਵਾਨ ਸਰਕਾਰੀ ਨੌਕਰੀਆਂ ਲੱਭਣ ਦੀ ਥਾਂ ਕਿੱਤਾਮੁਖੀ ਕੋਰਸ ਕਰ ਕੇ ਆਪਣੇ ਕੰਮ ਨੂੰ ਅੱਗੇ ਤੋਰਨ, ਮਿਹਨਤ ਇਕ ਦਿਨ ਵਿਚ ਹੀ ਨਹੀਂ ਮਿਲਦੀ ਅਤੇ ਨਾ ਹੀ ਇਕ ਦਿਨ ਵਿਚ ਨੋਟਾਂ ਨਾਲ ਜੇਬਾਂ ਭਰਦੀਆਂ ਹਨ। ਸਾਨੂੰ ਸਬਰ ਸੰਤੋਖ ਰੱਖ ਕੇ ਸਖ਼ਤ ਮਿਹਨਤ ਤੇ ਇਮਾਨਦਾਰੀ ਨਾਲ ਨੇਕ ਕਮਾਈ ਕਰਨੀ ਚਾਹੀਦੀ ਹੈ। ਕੁਦਰਤ ਦਾ ਅਸੂਲ ਹੈ ਕਿ ਨੇਕ ਕਮਾਈ ਤੇ ਸਖ਼ਤ ਮਿਹਨਤ ਦਾ ਮੁੱਲ ਜ਼ਰੂਰ ਪੈਂਦਾ ਹੈ। •

### ਰਹਿਮਦਿਲੀ ਨੇ ਵਧਾਇਆ ਕਾਰੋਬਾਰ

ਸੁੱਚਾ ਸਿੰਘ ਪਾਬਲਾ ਨੇ ਆਪਣੇ ਫਾਰਮ ਹਾਊਸ 'ਤੇ ਬਹੁਤ ਸਾਰੀਆਂ ਵਧੀਆ ਨਸਲ ਦੀਆਂ ਗਾਵਾਂ ਤੇ ਮੱਝਾਂ ਵੀ ਰੱਖੀਆਂ ਹੋਈਆਂ ਹਨ। ਉਨ੍ਹਾਂ ਦੱਸਿਆ ਕਿ ਇਕ ਵਾਰ ਉਹ ਕਿਤੇ ਜਾ ਰਹੇ ਸਨ ਤਾਂ ਉਨ੍ਹਾਂ ਨੂੰ ਕੁਝ ਵਿਅਕਤੀ ਮਿਲੇ, ਜੋ ਪਿੰਡਾਂ ਵਿੱਚੋਂ ਤੋਕੜ ਮੱਝਾਂ ਸਸਤੇ ਭਾਅ ਖ਼ਰੀਦ ਕੇ ਮਹਿੰਗੇ ਭਾਅ ਬੁੱਚੜਖਾਨੇ ਨੂੰ ਵੇਚਦੇ ਸਨ। ਸੁੱਚਾ ਸਿੰਘ ਨੇ ਇਨ੍ਹਾਂ ਮੱਝਾਂ 'ਤੇ ਤਰਸ ਖਾਂ ਕੇ ਉਨ੍ਹਾਂ ਪਾਸੋਂ ਇਹ ਮੱਝਾਂ ਖ਼ਰੀਦ ਲਈਆਂ ਤੇ ਆਪਣੇ ਫਾਰਮ ਹਾਊਸ 'ਚ ਲੈ ਆਏ। ਉਨ੍ਹਾਂ ਨੇ ਆਪਣੇ ਨੌਕਰਾਂ ਰਾਹੀਂ ਹੋਰਨਾਂ ਪਿੰਡਾਂ ਵਿੱਚੋਂ ਵੀ ਅਜਿਹੀਆਂ ਮੱਝਾਂ ਸੇਵਾ-ਭਾਵਨਾ ਨਾਲ ਖ਼ਰੀਦ ਲਿਆਂਦੀਆਂ। ਵਿਗਿਆਨਕ ਤਰੀਕੇ ਅਪਨਾਉਣ ਨਾਲ ਸੁੱਚਾ ਸਿੰਘ ਖ਼ਰੀਦੀਆਂ ਬਹੁਤ ਸਾਰੀਆਂ ਮੱਝਾਂ ਦੁੱਧ ਦੇਣ ਲੱਗੀਆਂ। ਉਨ੍ਹਾਂ ਨੇ ਡੇਅਰੀ ਫਾਰਮਿੰਗ ਨੂੰ ਹੁਲਾਰਾ ਦੇਣ ਲਈ ਵਧੀਆ ਨਸਲ ਦੀਆਂ ਕੁਝ ਗਾਵਾਂ ਵੀ ਖ਼ਰੀਦ ਲਈਆਂ। ਹੁਣ ਉਹ ਇਨ੍ਹਾਂ ਮੱਝਾਂ-ਗਾਵਾਂ ਦੇ ਗੋਹੇ ਤੋਂ ਹੀ ਜੈਵਿਕ ਖਾਦ ਤਿਆਰ ਕਰਦੇ ਹਨ। ਦੁੱਧ ਤੋਂ ਵੀ ਉਨ੍ਹਾਂ ਨੂੰ ਕਾਫ਼ੀ ਆਮਦਨੀ ਹੁੰਦੀ ਹੈ।



### ਰਸਾਇਣਕ ਖਾਦਾਂ ਤੋਂ ਕਿਨਾਰਾ

ਦੁਬਈ ਵਿਖੇ ਦਿਨ ਰਾਤ ਮਿਹਨਤ ਕਰ ਕੇ ਸੁੱਚਾ ਸਿੰਘ ਪਾਬਲਾ ਨੇ ਕਾਫ਼ੀ ਪੈਸੇ ਕਮਾਏ ਤੇ 15 ਸਾਲ ਬਾਅਦ ਪੰਜਾਬ ਪਰਤੇ। ਉਨ੍ਹਾਂ ਨੇ ਸਤਲੁਜ ਦਰਿਆ ਨੇੜਲੇ ਪਿੰਡ ਸ਼ੇਰਗੜ੍ਹ ਵਿਖੇ ਸਸਤੇ ਭਾਅ 'ਤੇ ਕੁਝ ਜ਼ਮੀਨ ਖ਼ਰੀਦ ਲਈ। ਜ਼ਮੀਨ ਘੱਟ ਉਪਜਾਊ ਹੋਣ ਕਰਕੇ ਖੇਤੀ ਲਈ ਘਾਟੇ ਵਾਲੀ ਸੀ ਇਸ ਲਈ ਉਨ੍ਹਾਂ ਨੇ ਇਸ ਜ਼ਮੀਨ ਉੱਪਰ ਪਾਪਲਰ ਦੇ ਰੁੱਖ ਲਗਾ ਦਿੱਤੇ ਤੇ ਪਾਪਲਰ ਵਿਚ ਹੀ ਕਣਕ ਦੀ ਫ਼ਸਲ ਬੀਜਣੀ ਸ਼ੁਰੂ ਕਰ ਦਿੱਤੀ। ਖੇਤੀ ਖ਼ਰਚਿਆਂ ਨੂੰ ਘਟਾਉਣ ਲਈ ਸੁੱਚਾ ਸਿੰਘ ਨੇ ਰਸਾਇਣਕ ਖਾਦਾਂ ਦੀ ਥਾਂ ਫ਼ਸਲ ਨੂੰ ਦੇਸੀ ਰੂੜੀ ਪਾਉਣੀ ਸ਼ੁਰੂ ਕੀਤੀ। ਇਸ ਨਾਲ ਉਨ੍ਹਾਂ ਦੀ ਜ਼ਮੀਨ ਉਪਜਾਊ ਬਣਦੀ ਗਈ। ਇਸ ਦੇ ਨਾਲ ਹੀ ਉਨ੍ਹਾਂ ਨੂੰ ਜੈਵਿਕ ਖਾਦ ਬਣਾਉਣ ਦਾ ਤਰੀਕਾ ਵੀ ਪਚਾ ਲੱਗ ਗਿਆ। ਪਾਪਲਰ ਦੇ ਰੁੱਖਾਂ ਨਾਲ ਖੇਤ ਵਿਚ ਜੈਵਿਕ ਤਰੀਕੇ ਨਾਲ ਬੀਜੀ ਗਈ ਕਣਕ ਨੂੰ ਉਨ੍ਹਾਂ ਨੇ ਮੰਡੀ ਵਿਚ ਵੇਚਣ ਦੀ ਥਾਂ 3 ਹਜ਼ਾਰ ਰੁਪਏ ਪ੍ਰਤੀ ਕੁਇੰਟਲ ਦੇ ਹਿਸਾਬ ਨਾਲ ਆਮ ਲੋਕਾਂ ਨੂੰ ਹੀ ਵੇਚਣਾ ਸ਼ੁਰੂ ਕਰ ਦਿੱਤਾ।

# ਆਲੂ ਦੀ ਫ਼ਸਲ ਦੀ ਸਫਲ ਕਾਸ਼ਤ

ਪੰਜਾਬ 'ਚ ਪਿਛਲੇ ਵਰ੍ਹੇ 96.6 ਹਜ਼ਾਰ ਹੈਕਟੇਅਰ ਰਕਬੇ 'ਚ ਆਲੂ ਦੀ ਕਾਸ਼ਤ ਕੀਤੀ ਗਈ। ਕੁੱਲ ਉਤਪਾਦਨ 2494.84 ਹਜ਼ਾਰ ਟਨ ਰਿਹਾ। ਇਸ ਦੀ ਔਸਤ ਪੈਦਾਵਾਰ 258.35 ਕੁਇੰਟਲ ਪ੍ਰਤੀ ਹੈਕਟੇਅਰ ਹੈ...



• ਡਾ. ਬਲਵਿੰਦਰ ਸਿੰਘ ਢਿੱਲੋਂ
94654-20097

ਇਕ ਕੱਚੇ ਆਲੂ ਵਿਚ 79 ਫ਼ੀਸਦੀ ਪਾਣੀ, 17 ਫ਼ੀਸਦੀ ਕਾਰਬੋਹਾਈਡਰੇਟ, 2 ਫ਼ੀਸਦੀ ਪ੍ਰੋਟੀਨ ਤੇ ਬਹੁਤ ਘੱਟ ਮਾਤਰਾ 'ਚ ਚਰਬੀ ਹੁੰਦੀ ਹੈ। 100 ਗ੍ਰਾਮ ਕੱਚਾ ਆਲੂ 77 ਕਿੱਲੋ ਕੈਲੋਰੀ ਊਰਜਾ ਦਿੰਦਾ ਹੈ ਤੇ ਰੋਜ਼ਾਨਾ 23 ਫ਼ੀਸਦੀ ਵਿਟਾਮਿਨ-ਬੀ-6 ਤੇ 24 ਫ਼ੀਸਦੀ ਵਿਟਾਮਿਨ-ਸੀ ਆਲੂਆਂ ਤੋਂ ਪ੍ਰਾਪਤ ਹੁੰਦੇ ਹਨ। ਪੰਜਾਬ 'ਚ ਆਲੂ ਮੁੱਖ ਫ਼ਸਲਾਂ 'ਚੋਂ ਇਕ ਹੈ। ਆਲੂ ਦੀ ਚੰਗੀ ਪੈਦਾਵਾਰ ਲਈ ਦਿਨ ਦਾ ਤਾਪਮਾਨ 30 ਡਿਗਰੀ ਸੈਂਟੀਗ੍ਰੇਡ ਤੇ ਰਾਤ ਦਾ ਤਾਪਮਾਨ 20 ਡਿਗਰੀ ਸੈਂਟੀਗ੍ਰੇਡ ਤੋਂ ਘੱਟ ਹੋਣਾ ਚਾਹੀਦਾ ਹੈ। ਆਲੂ ਦੀ ਖੇਤੀ ਲਈ ਚੰਗੇ ਜਲ ਨਿਕਾਸੀ ਵਾਲੀ ਪੋਲੀ, ਭੁਰਭੁਰੀ ਤੇ ਕੱਲਰ ਰਹਿਤ ਮੈਰਾ ਤੇ ਰੇਤਲੀ ਮੈਰਾ ਜ਼ਮੀਨ ਵਧੇਰੇ ਢੁੱਕਵੀਂ ਹੈ। ਪੰਜਾਬ 'ਚ ਪਿਛਲੇ ਵਰ੍ਹੇ 96.6 ਹਜ਼ਾਰ ਹੈਕਟੇਅਰ ਰਕਬੇ 'ਚ ਆਲੂ ਦੀ ਕਾਸ਼ਤ ਕੀਤੀ ਗਈ ਤੇ ਕੁੱਲ ਉਤਪਾਦਨ 2494.84 ਹਜ਼ਾਰ ਟਨ ਰਿਹਾ। ਇਸ ਦੀ ਔਸਤ ਪੈਦਾਵਾਰ 258.35 ਕੁਇੰਟਲ ਪ੍ਰਤੀ ਹੈਕਟੇਅਰ ਹੈ।

## ਉੱਨਤ ਕਿਸਮਾਂ

- **ਅਗੇਤੀਆਂ ਕਿਸਮਾਂ** : ਕੁਫਰੀ ਸੂਰਯਾ, ਕੁਫਰੀ ਚੰਦਰਮੁਖੀ, ਕੁਫਰੀ ਅਸ਼ੋਕਾ ਤੇ ਕੁਫਰੀ ਪੁਖਰਾਜ।
- **ਦਰਮਿਆਨੇ ਸਮੇਂ ਦੀਆਂ ਕਿਸਮਾਂ** : ਕੁਫਰੀ ਪੁਸ਼ਕਰ, ਕੁਫਰੀ ਜਯੋਤੀ ਤੇ ਕੁਫਰੀ ਬਹਾਰ।
- **ਪਛੇਤੀਆਂ ਕਿਸਮਾਂ** : ਕੁਫਰੀ ਸੰਧੂਰੀ, ਕੁਫਰੀ ਬਾਦਸ਼ਾਹ।
- **ਪ੍ਰੋਸੈਸਿੰਗ ਵਾਲੀਆਂ ਕਿਸਮਾਂ** : ਕੁਫਰੀ ਚਿਪਸੋਨਾ-1, ਕੁਫਰੀ ਚਿਪਸੋਨਾ-3, ਕੁਫਰੀ ਫਰਾਈਸੋਨਾ।

## ਜ਼ਮੀਨ ਦੀ ਤਿਆਰੀ

20 ਕਿੱਲੋ ਸਣ ਜਾਂ ਜੰਤਰ ਜੂਨ ਅਖ਼ੀਰੀ ਤੋਂ ਜੁਲਾਈ ਦੇ ਪਹਿਲੇ ਹਫ਼ਤੇ ਵਿਚ ਬੀਜੋ। ਜਦੋਂ ਫ਼ਸਲ 40-45 ਦਿਨ ਦੀ ਹੋਵੇ ਤਾਂ ਉਸ ਨੂੰ ਜ਼ਮੀਨ ਵਿਚ ਵਾਹ ਦਿਓ। ਜ਼ਮੀਨ ਤਿਆਰ ਹੋਣ ਤੋਂ ਬਾਅਦ ਜਾਂ ਬਿਜਾਈ ਤੋਂ ਪਹਿਲਾਂ ਰੂੜੀ ਖਾਦ ਪਾ ਦੇਵੋ। ਜੇ ਨਦੀਨ ਜਾਂ ਪਹਿਲੀ ਫ਼ਸਲ ਦੇ ਮੁੱਢਾਂ ਦੀ ਕੋਈ ਸਮੱਸਿਆ ਨਾ ਹੋਵੇ ਤਾਂ ਆਲੂ ਦੀ ਫ਼ਸਲ ਮਾਮੂਲੀ ਵਹਾਈ ਨਾਲ ਵੀ ਲਾਈ ਜਾ ਸਕਦੀ ਹੈ। ਇਸ ਨਾਲ ਝਾੜ 'ਚ ਕੋਈ ਕਮੀ ਨਹੀਂ ਆਉਂਦੀ।

## ਬੀਜ ਸੋਧ

ਆਲੂਆਂ ਦੇ ਖਰੀਂਢ ਰੋਗ ਦੀ ਰੋਕਥਾਮ ਲਈ ਮੋਨਸਰਨ 2.5 ਮਿ.ਲੀ. ਪ੍ਰਤੀ ਲੀਟਰ ਪਾਣੀ ਦੇ ਘੋਲ 'ਚ ਗੁਦਾਮ ਤੋਂ ਕੱਢਣ ਉਪਰੰਤ 10 ਮਿੰਟ ਲਈ ਡੋਬ ਕੇ ਰੱਖੋ। ਬੀਜ ਨੂੰ ਸਟੋਰ 'ਚੋਂ ਕੱਢਣ ਉਪਰੰਤ ਸਿੱਧਾ ਨਾ ਬੀਜੋ। ਬੀਜ ਵਾਲੇ ਆਲੂ ਨੂੰ ਪੱਖੇ ਨਾਲ ਸੁਕਾ ਲਵੋ ਤੇ ਛਾਵੇਂ ਖਿਲਾਰ ਦਿਓ। 8-10 ਦਿਨ ਆਲੂਆਂ ਦਾ ਫੁਟਾਰਾ ਸ਼ੁਰੂ ਹੋ ਜਾਂਦਾ ਹੈ ਤੇ ਫੋਟ ਵੀ ਨਰੋਈ ਹੁੰਦੀ ਹੈ।

## ਬਿਜਾਈ ਦਾ ਸਮਾਂ

ਮੈਦਾਨੀ ਇਲਾਕਿਆਂ 'ਚ ਪੱਤਝੜੀ ਫ਼ਸਲ ਵਾਸਤੇ ਅੱਧ ਅਕਤੂਬਰ ਤੇ ਬਹਾਰ ਰੁੱਤ ਲਈ ਜਨਵਰੀ ਦਾ ਪਹਿਲਾ ਪੰਦਰਵਾੜਾ ਬੇਹੱਦ ਢੁੱਕਵਾਂ ਸਮਾਂ ਹੈ।

## ਬਿਜਾਈ ਦਾ ਤਰੀਕਾ

ਜ਼ਮੀਨ ਤਿਆਰ ਕਰ ਕੇ ਵੱਟਾਂ ਦੇ ਨਿਸ਼ਾਨ ਲਗਾਓ। ਬਿਜਾਈ ਹੱਥੀਂ ਕਰਨੀ ਹੋਵੇ ਤਾਂ ਵੱਟਾਂ ਬਣਾਉਣ ਵਾਲੇ ਹਲ ਦੀ ਵਰਤੋਂ ਕਰੋ। ਟ੍ਰੈਕਟਰ ਨਾਲ ਬਿਜਾਈ ਕਰਨੀ ਹੋਵੇ ਤਾਂ ਅਰਧ ਸਵੈ-ਚਾਲਤ ਮਸ਼ੀਨ ਵਰਤੋ। ਵੱਟਾਂ ਵਿਚਕਾਰ ਫ਼ਾਸਲਾ 60 ਸੈਂਟੀਮੀਟਰ ਤੇ ਆਲੂ ਤੋਂ ਆਲੂ ਵਿਚਕਾਰ ਫ਼ਾਸਲਾ 20 ਸੈਂਟੀਮੀਟਰ ਰੱਖੋ। ਦੱਖਣ ਪੱਛਮੀ ਜ਼ਿਲ੍ਹਿਆਂ 'ਚ ਬਿਜਾਈ 50-55 ਸੈਂਟੀਮੀਟਰ ਚੌੜੇ ਬੈੱਡਾਂ 'ਤੇ ਦੋ ਕਤਾਰਾਂ ਵਿਚ ਕਰਨ ਨਾਲ ਵਧਰੇ ਝਾੜ ਮਿਲਦਾ ਹੈ ਤੇ ਪਾਣੀ ਦੀ ਕਾਫ਼ੀ ਬੱਚਤ ਹੁੰਦੀ ਹੈ।

## ਖਾਦਾਂ

20 ਟਨ ਰੂੜੀ ਦੀ ਖਾਦ ਜਾਂ ਹਰੀ ਖਾਦ ਦੇ ਨਾਲ 75 ਕਿੱਲੋ ਨਾਈਟ੍ਰੋਜਨ (165 ਕਿੱਲੋ ਯੂਰੀਆ), 25 ਕਿੱਲੋ ਫਾਸਫੋਰਸ (155 ਕਿੱਲੋ ਸੁਪਰਫਾਸਫੇਟ) ਤੇ 25 ਕਿੱਲੋ ਪੋਟਾਸ਼ ਤੱਤ (40 ਕਿੱਲੋ ਮਿਊਰੇਟ ਆਫ ਪੋਟਾਸ਼) ਪ੍ਰਤੀ ਏਕੜ ਪਾਓ। ਖੇਤ 'ਚ 25 ਕੁਇੰਟਲ ਪ੍ਰਤੀ ਏਕੜ ਦੇ ਹਿਸਾਬ ਨਾਲ ਪਰਾਲੀ ਵਿਛਾਉਣ 'ਤੇ 18 ਕਿੱਲੋ ਨਾਈਟ੍ਰੋਜਨ ਪ੍ਰਤੀ ਏਕੜ ਘੱਟ ਵਰਤਣੀ ਚਾਹੀਦੀ ਹੈ। ਸਾਰੀ ਫਾਸਫੋਰਸ, ਪੋਟਾਸ਼ ਤੇ ਅੱਧੀ ਨਾਈਟ੍ਰੋਜਨ ਬਿਜਾਈ ਵੇਲੇ ਪਾਓ। ਬਚਦੀ ਨਾਈਟ੍ਰੋਜਨ ਮਿੱਟੀ ਚਾੜ੍ਹਣ ਸਮੇਂ ਪਾਓ।

### ਬੀਜ ਦੀ ਮਾਤਰਾ

40 ਤੋਂ 50 ਗ੍ਰਾਮ ਭਾਰੇ ਆਲੂ 12-18 ਕੁਇੰਟਲ ਪ੍ਰਤੀ ਏਕੜ ਦੇ ਹਿਸਾਬ ਨਾਲ ਵਰਤੋ। ਵਧੀਆ ਕੁਆਲਟੀ ਦਾ ਰੋਗ ਰਹਿਤ ਬੀਜ ਹੀ ਵਰਤਣਾ ਚਾਹੀਦਾ ਹੈ।

### ਜੈਵਿਕ ਖਾਦ

ਬਿਜਾਈ ਸਮੇਂ ਕਨਸ਼ੋਰਸ਼ੀਅਮ ਜੀਵਾਣੂ ਖਾਦ 4 ਕਿੱਲੋ ਪ੍ਰਤੀ ਏਕੜ ਨੂੰ ਮਿੱਟੀ ਵਿਚ ਰਲਾ ਕੇ ਪਾਉਣ ਨਾਲ ਆਲੂ ਦਾ ਝਾੜ ਵਧਦਾ ਹੈ ਤੇ ਜ਼ਮੀਨ ਦੀ ਸਿਹਤ 'ਚ ਵੀ ਸੁਧਾਰ ਹੁੰਦਾ ਹੈ। ਕਨਸ਼ੋਰਸ਼ੀਅਮ ਦਾ ਟੀਕਾ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਮਾਈਕ੍ਰੋਬਾਇਲੋਜੀ ਵਿਭਾਗ ਤੋਂ ਪ੍ਰਾਪਤ ਕੀਤਾ ਜਾ ਸਕਦਾ ਹੈ।

## ਮਿੱਟੀ ਚਾੜ੍ਹਣਾ

ਦੁਵੱਲੇ ਫਾਲਿਆਂ ਵਾਲਾ ਮਿੱਟੀ ਪਲਟਾਊ ਹਲ ਜਾਂ ਵੱਟਾਂ ਬਣਾਉਣ ਵਾਲੇ ਹਲ ਨਾਲ ਬਿਜਾਈ ਤੋਂ 25-30 ਦਿਨ ਬਾਅਦ ਮਿੱਟੀ ਚਾੜ੍ਹ ਦੇਣੀ ਚਾਹੀਦੀ ਹੈ।

## ਨਦੀਨਾਂ ਦੀ ਰੋਕਥਾਮ

ਬਿਜਾਈ ਤੋਂ ਤੁਰੰਤ ਬਾਅਦ ਖੇਤ 'ਚ 25 ਕੁਇੰਟਲ ਪਰਾਲੀ ਪ੍ਰਤੀ ਏਕੜ ਵਿਛਾਉਣ ਨਾਲ ਨਦੀਨਾਂ ਦੀ ਰੋਕਥਾਮ ਹੁੰਦੀ ਹੈ। ਇਸ ਤੋਂ ਇਲਾਵਾ ਨਦੀਨਾਂ ਦੀ ਰੋਕਥਾਮ ਲਈ ਸਟੌਂਪ 30 ਤਾਕਤ (ਪੈਂਡੀਮੈਥਾਲਿਨ) ਇਕ ਲੀਟਰ ਜਾਂ ਐਰੀਲੋਨ 75 ਤਾਕਤ (ਆਈਸੋਪ੍ਰੋਟਯੂਰਾਨ) 500 ਗ੍ਰਾਮ ਜਾਂ ਸੈਨਕੋਰ 70 ਤਾਕਤ (ਮੈਟਰੀਬਿਊਜ਼ਿਨ) 200 ਗ੍ਰਾਮ ਜਾਂ ਲਾਸੋ 50 ਤਾਕਤ (ਐਲਕਲੋਰ) 2 ਲੀਟਰ ਜਾਂ ਐਟਰਾਟਾਫ 50 ਤਾਕਤ (ਐਟਰਾਜ਼ੀਨ) 200 ਗ੍ਰਾਮ ਜਾਂ ਲਾਸੋ 50 ਤਾਕਤ (ਐਲਕਲੋਰ) 2 ਲੀਟਰ ਜਾਂ ਲਾਸੋ 50 ਤਾਕਤ (ਐਲਕਲੋਰ) ਇਕ ਲਿਟਰ+ਐਟਰਾਟਾਫ 50 ਤਾਕਤ (ਐਟਰਾਜ਼ੀਨ) 100 ਗ੍ਰਾਮ ਪ੍ਰਤੀ ਏਕੜ ਦੇ ਹਿਸਾਬ ਨਾਲ ਨਦੀਨਾਂ ਦੇ ਜੰਮ ਤੋਂ ਪਹਿਲਾ ਤੇ ਪਹਿਲੇ ਪਾਣੀ ਤੋਂ ਬਾਅਦ ਛਿੜਕੋ। ਜਦੋਂ ਆਲੂਆਂ ਦਾ ਜੰਮ 100 ਫ਼ੀਸਦੀ ਹੋ ਜਾਵੇ ਤਾਂ ਗਰੈਮੈਕਸੋਨ 24 ਤਾਕਤ (ਪੈਰਾਕੁਐਟ) 500 ਤੋਂ 750 ਮਿਲੀਲਿਟਰ ਪ੍ਰਤੀ ਏਕੜ ਦੇ ਹਿਸਾਬ ਛਿੜਕਾਅ ਕਰੋ। ਐਟਰਾਟਾਫ਼ ਉਨ੍ਹਾਂ ਖੇਤਾਂ ਵਿਚ ਨਾ ਵਰਤੋ ਜਿੱਥੇ ਆਲੂ ਤੋਂ ਬਾਅਦ ਕੱਦੂ ਜਾਤੀ ਦੀਆਂ ਸਬਜ਼ੀਆਂ ਦੀ ਬਿਜਾਈ ਕਰਨੀ ਹੋਵੇ।

## ਸਿੰਚਾਈ

ਪਹਿਲਾ ਪਾਣੀ ਬਿਜਾਈ ਤੋਂ ਤੁਰੰਤ ਬਾਅਦ ਲਾਓ, ਇਸ ਨਾਲ ਫ਼ਸਲ ਠੀਕ ਉੱਗਦੀ ਹੈ। ਜੇ ਹਲਕੀ ਸਿੰਚਾਈ ਵਾਰ-ਵਾਰ ਕੀਤੀ ਜਾਵੇ ਤਾਂ ਫ਼ਸਲ ਵਧੀਆ ਹੁੰਦੀ ਹੈ। ਆਲੂ ਦੀ ਫ਼ਸਲ ਨੂੰ ਕੁੱਲ 7-8 ਪਾਣੀਆਂ ਦੀ ਲੋੜ ਪੈਂਦੀ ਹੈ।

## ਪੁਟਾਈ

ਆਲੂਆਂ ਦੀ ਪੁਟਾਈ ਟ੍ਰੈਕਟਰ ਨਾਲ ਚੱਲਣ ਵਾਲੀ ਮਸ਼ੀਨ ਨਾਲ ਕਰੋ। ਪੁਟਾਈ ਸਮੇਂ ਜ਼ਮੀਨ ਵਿਚ ਠੀਕ ਵੱਤਰ ਹੋਣਾ ਚਾਹੀਦਾ ਹੈ। ਢੀਮਾਂ ਮਸ਼ੀਨ ਦੇ ਚੱਲਣ ਵਿਚ ਵਿਘਨ ਪਾਉਂਦੀਆਂ ਹਨ। ਆਲੂਆਂ ਨੂੰ ਪੁੱਟਣ ਤੋਂ ਬਾਅਦ 10-15 ਦਿਨ ਖੇਤ 'ਚ ਪਏ ਰਹਿਣ ਦਿਉ। •

# ਮਹਾਮਾਰੀ ਦਾ ਰੂਪ ਧਾਰਨ ਕਰਦਾ ਜਾ ਰਿਹੈ ਮੋਟਾਪਾ



*ਫਾਸਟ ਫ਼ੂਡ, ਮੈਦਾਨੀ ਖੇਡਾਂ ਦੀ ਥਾਂ ਟੀ.ਵੀ. ਨਾਲ ਚਿਪਕੇ ਰਹਿਣਾ ਤੇ ਕਸਰਤ ਨਾ ਕਰਨਾ ਬੱਚਿਆਂ 'ਚ ਵਧ ਰਹੇ ਮੋਟਾਪੇ ਦਾ ਕਾਰਨ ਹੈ। ਚਰਬੀ ਵਾਲੇ ਭੋਜਨ ਕਾਰਨ ਮੋਟਾਪਾ ਇਕ ਮਹਾਂਮਾਰੀ ਵਾਂਗ ਅੱਗੇ ਵਧ ਰਿਹਾ ਹੈ। ਮਾਹਿਰਾਂ ਨੇ ਚਿਤਾਵਨੀ ਦਿੰਦਿਆਂ ਕਿਹਾ ਹੈ ਕਿ ਜੇ ਮੋਟਾਪੇ ਨੂੰ ਨਾ ਰੋਕਿਆ ਗਿਆ ਤਾਂ ਅਗਲੇ 15 ਸਾਲਾਂ 'ਚ ਸ਼ੂਗਰ ਤੇ ਦਿਲ ਦੇ ਰੋਗਾਂ ਦੀ ਮਹਾਂਮਾਰੀ ਝੱਲਣੀ ਪੈ ਸਕਦੀ ਹੈ। ਮਾਹਰ ਮੋਟਾਪੇ ਨੂੰ ਉਨਾ ਹੀ ਖਤਰਨਾਕ ਮੰਨਦੇ ਹਨ ਜਿੰਨਾ ਸ਼ਰਾਬ ਦੀ ਆਪ ਮੁਹਾਰੀ ਵਰਤੋਂ ਨੂੰ। ਸ਼ਰਾਬ ਦੀ ਆਦਤ ਤੇ ਮੋਟਾਪੇ ਤੋਂ ਹੋਣ ਵਾਲੀਆਂ ਬਿਮਾਰੀਆਂ ਲਗਭਗ ਇਕੋ ਜਿਹੀਆਂ ਹੀ ਹਨ।*

ਦੁਨੀਆਂ ਭਰ ਵਿਚ ਸੱਭ ਤੋਂ ਵੱਧ ਮੌਤਾਂ ਲਈ ਹੁਣ ਤਕ ਤੰਬਾਕੂਨੋਸ਼ੀ ਨੂੰ ਹੀ ਜ਼ਿੰਮੇਵਾਰ ਮੰਨਿਆ ਜਾਂਦਾ ਸੀ, ਪਰ ਵਾਸ਼ਿੰਗਟਨ ਸਥਿਤ 'ਸੈਂਟਰ ਫਾਰ ਡਿਜ਼ੀਜ਼ ਕੰਟਰੋਲ ਐਂਡ ਪ੍ਰੀਵੈਨਸ਼ਨ' ਦੀ ਇਕ ਰੀਪੋਰਟ 'ਚ ਕਿਹਾ ਗਿਆ ਹੈ ਕਿ ਮੋਟਾਪਾ ਛੇਤੀ ਹੀ ਮੌਤਾਂ ਦਾ ਸਭ ਤੋਂ ਵੱਡਾ ਕਾਰਨ ਬਣ ਜਾਵੇਗਾ। ਰਿਪੋਰਟ 'ਚ ਕਿਹਾ ਗਿਆ ਹੈ ਕਿ ਹੁਣ ਤਕ ਸਿਹਤ 'ਚ ਜਿੰਨਾ ਸੁਧਾਰ ਹੋਇਆ ਹੈ ਮੋਟਾਪਾ ਉਸ ਨੂੰ ਪੂਰੀ ਤਰ੍ਹਾਂ ਨਸ਼ਟ ਕਰ ਦਿੰਦਾ ਹੈ। ਅਮਰੀਕਾ 'ਚ ਇਸ ਸਮੇਂ ਕਰੀਬ 64 ਫ਼ੀਸਦੀ ਲੋਕ ਮੋਟਾਪੇ ਦੇ ਸ਼ਿਕਾਰ ਹਨ। ਜੇ ਔਰਤਾਂ ਆਪਣੀ ਉਮਰ ਤੇ ਵਜ਼ਨ ਦੇ ਹਿਸਾਬ ਨਾਲ 30 ਪੌਂਡ ਵੱਧ ਵਜ਼ਨੀ ਹਨ ਤਾਂ ਮਰਦ 30 ਤੋਂ 40 ਪੌਂਡ ਵੱਧ। ਅਮਰੀਕਾ 'ਚ ਮੋਟਾਪੇ ਦਾ ਸ਼ਿਕਾਰ ਬੱਚਿਆਂ ਦੀਆਂ ਧਮਣੀਆਂ ਨੂੰ ਨੁਕਸਾਨ ਪੁੱਜਣ ਦੇ ਵੀ ਸਬੂਤ ਮਿਲੇ ਹਨ। ਵਿਸ਼ਵ ਸਿਹਤ ਸੰਸਥਾ ਅਨੁਸਾਰ ਦੁਨੀਆਂ ਭਰ 'ਚ ਸਾਲ 2005 'ਚ 15 ਸਾਲ ਤੋਂ ਵੱਧ ਉਮਰ ਦੇ ਵੱਧ ਵਜ਼ਨ ਵਾਲੇ ਲੋਕਾਂ ਦੀ ਗਿਣਤੀ ਲਗਭਗ 1.5 ਕਰੋੜ ਅਤੇ ਭਾਰੀ ਮੋਟਾਪੇ ਦਾ ਸ਼ਿਕਾਰ ਲੋਕਾਂ ਦੀ ਗਿਣਤੀ ਕਰੀਬ 4 ਕਰੋੜ ਸੀ ਉਥੇ ਸਾਲ 2015 ਤਕ ਇਹ ਗਿਣਤੀ ਕ੍ਰਮਵਾਰ ਸਵਾ ਦੋ ਕਰੋੜ ਅਤੇ 7 ਕਰੋੜ ਹੋ ਜਾਣ ਦਾ ਅਨੁਮਾਨ ਹੈ।

ਇਕ ਸਮਾਂ ਸੀ ਜਦੋਂ ਮੋਟਾਪੇ ਨੂੰ ਅਮੀਰ ਲੋਕਾਂ ਦੀ ਸਮੱਸਿਆ ਮੰਨਿਆ ਜਾਂਦਾ ਸੀ ਪਰ ਹੁਣ ਇਹ ਵਿਚਾਰ ਬਦਲ ਰਿਹਾ ਹੈ ਕਿਉਂਕਿ ਅਜਿਹੇ ਦੇਸ਼ਾਂ ਵਿਚ ਵੀ ਲੋਕ ਮੋਟਾਪੇ ਦੇ ਸ਼ਿਕਾਰ ਹੋ ਰਹੇ ਹਨ ਜਿਥੇ ਭੁੱਖਮਰੀ ਫੈਲੀ ਹੋਈ ਹੈ। ਪਿਛਲੇ 3 ਸਾਲਾਂ 'ਚ ਚੀਨ ਵਿਚ ਜਿਥੇ ਮੋਟਾਪੇ ਦੇ ਸ਼ਿਕਾਰ ਲੋਕਾਂ ਦੀ ਗਿਣਤੀ 10 ਤੋਂ ਵਧ ਕੇ 15 ਫ਼ੀ ਸਦੀ ਹੋ ਗਈ ਹੈ ਉਥੇ ਅਮਰੀਕਾ ਬ੍ਰਿਟੇਨ ਤੇ ਰੂਸ ਵਰਗੇ ਵਿਕਸਿਤ ਦੇਸ਼ਾਂ ਵਿਚ ਮੋਟੇ ਲੋਕਾਂ ਦੀ ਗਿਣਤੀ 30 ਫ਼ੀਸਦੀ ਤੋਂ ਵੀ ਵੱਧ ਹੋ ਗਈ ਹੈ।

ਮੋਟਾਪਾ ਅੱਜ ਭਾਰਤ ਵਿਚ ਮਹਾਂਮਾਰੀ ਦਾ ਰੂਪ ਧਾਰਨ ਕਰਦਾ ਜਾ ਰਿਹਾ ਹੈ। ਖਾਣ-ਪੀਣ ਦੀਆਂ ਵਿਗੜ ਰਹੀਆਂ ਆਦਤਾਂ ਕਾਰਨ ਭਾਰਤ ਵਿਚ ਵੀ ਮੋਟੇ ਲੋਕਾਂ ਦੀ ਗਿਣਤੀ ਵਿਚ ਲਗਾਤਾਰ ਵਾਧਾ ਹੁੰਦਾ ਜਾ ਰਿਹਾ ਹੈ। ਇਕ ਸਰਵੇਖਣ ਤੋਂ ਪਤਾ ਲਗਿਆ ਹੈ ਕਿ ਰਾਜਧਾਨੀ ਵਿਚ ਮੋਟੇ ਲੋਕਾਂ ਦੀ ਗਿਣਤੀ ਵਿਚ ਪਿਛਲੇ ਦੋ ਸਾਲਾਂ ਵਿਚ 12 ਫ਼ੀਸਦੀ ਦਾ ਵਾਧਾ ਹੋਇਆ ਹੈ। ਐਸਕਾਰਟ ਹਸਪਤਾਲ ਵਲੋਂ ਸਕੂਲੀ ਬੱਚਿਆਂ 'ਤੇ ਕੀਤੇ ਇਕ ਸਰਵੇਖਣ ਅਨੁਸਾਰ 28 ਫ਼ੀ ਸਦੀ ਬੱਚੇ ਮੋਟਾਪੇ ਦਾ ਸ਼ਿਕਾਰ ਪਾਏ ਗਏ। ਮੋਟਾਪੇ ਦਾ ਕਾਰਨ ਸ਼ੂਗਰ, ਦਿਲ ਦੇ ਰੋਗਾਂ, ਜੋੜਾਂ ਦੀ ਸਮੱਸਿਆ ਤੇ ਮਾਨਸਿਕ ਸਿਹਤ ਵਿਚ ਗੜਬੜ ਹੋਣ ਦਾ ਡਰ ਵਧ ਜਾਂਦਾ ਹੈ। ਆਮ ਵਿਅਕਤੀਆਂ ਦੇ ਮੁਕਾਬਲੇ ਮੋਟੇ ਲੋਕਾਂ ਦੀ ਮੌਤ ਦਰ ਵੀ ਜ਼ਿਆਦਾ ਹੈ। ਸੰਸਾਰ ਵਿਚ ਸੱਭ ਤੋਂ ਵੱਧ, ਪੌਣੇ ਦੋ ਕਰੋੜ ਲੋਕ ਦਿਲ ਦੀਆਂ ਬਿਮਾਰੀਆਂ ਕਾਰਨ ਕੂਚ ਕਰ ਜਾਂਦੇ ਹਨ। ਸ਼ੂਗਰ ਦੇ ਰੋਗੀਆਂ ਵਿਚ ਮੋਟਾਪੇ ਕਾਰਨ ਵਾਧਾ ਹੋ ਰਿਹਾ ਹੈ। ਸੰਸਾਰ ਸਿਹਤ ਸੰਸਥਾ ਦਾ ਕਹਿਣਾ ਹੈ ਕਿ ਅਗਲੇ 10 ਸਾਲਾਂ ਵਿਚ ਸ਼ੂਗਰ ਦੀ ਬਿਮਾਰੀ ਦੇ ਰੋਗੀਆਂ ਦੀ ਗਿਣਤੀ ਵਿਚ 50 ਫ਼ੀਸਦੀ ਵਾਧਾ ਹੋ ਜਾਵੇਗਾ।



ਅਮਰੀਕਾ 'ਚ ਨੌਜਵਾਨਾਂ 'ਤੇ ਕੀਤੇ ਇਕ ਸਰਵੇਖਣ ਵਿਚ ਇਹ ਤੱਥ ਸਾਹਮਣੇ ਆਏ ਹਨ ਕਿ ਮੋਟਾਪੇ ਦਾ ਸ਼ਿਕਾਰ ਨੌਜਵਾਨਾਂ ਵਿਚ ਸ਼ੂਗਰ ਨਾਲ ਪੀੜਤ ਹੋਣ ਦੇ ਖ਼ਤਰੇ ਵਧ ਜਾਂਦੇ ਹਨ। ਸਰਵੇਖਣ ਕਰਨ ਵਾਲਿਆਂ ਨੇ ਵੇਖਿਆ ਕਿ ਇਨ੍ਹਾਂ ਨੌਜਵਾਨਾਂ ਵਿਚ ਅੱਧੀ ਉਮਰ ਤਕ ਪਹੁੰਚਦੇ ਸ਼ੂਗਰ ਨਾਲ ਪੀੜਤ ਹੋਣ ਦਾ ਖ਼ਤਰਾ ਵਧ ਹੁੰਦਾ ਹੈ। ਜ਼ਰੂਰਤ ਤੋਂ ਵੱਧ ਮੋਟਾਪੇ ਦਾ ਸ਼ਿਕਾਰ ਨੌਜਵਾਨਾਂ ਵਿਚ ਇਹ ਖ਼ਤਰਾ 70 ਫ਼ੀਸਦੀ ਅਤੇ ਮੁਟਿਆਰਾਂ ਵਿਚ 72 ਫ਼ੀ ਸਦੀ ਹੁੰਦਾ ਹੈ। ਮੋਟਾਪਾ ਨਾ ਸਿਰਫ ਦਿਲ ਦੇ ਰੋਗਾਂ ਬਲਕਿ ਬਲੱਡ ਪ੍ਰੈਸ਼ਰ, ਅਧਰੰਗ ਤੇ ਕੈਂਸਰ ਵਰਗੀਆਂ ਜਾਨਲੇਵਾ ਬਿਮਾਰੀਆਂ ਦਾ ਵੀ ਜੜ੍ਹ ਹੈ। ਖਾਣ ਪੀਣ ਪ੍ਰਤੀ ਲਾਪ੍ਰਵਾਹੀ, ਤੇਜ਼ੀ ਨਾਲ ਬਦਲਦੀ ਜੀਵਨ ਸ਼ੈਲੀ ਤੇ ਰੋਜ਼ਾਨਾ ਕਸਰਤ ਨਾ ਕਰਨ ਕਰ ਕੇ ਨੌਜਵਾਨ ਵਰਗ ਤੇਜ਼ੀ ਨਾਲ ਮੋਟਾਪੇ ਦਾ ਸ਼ਿਕਾਰ ਹੋ ਰਿਹਾ ਹੈ।

ਇਸ ਕਾਰਨ ਸ਼ੂਗਰ ਦੀ ਬਿਮਾਰੀ, ਦਿਲ ਦੇ ਰੋਗ ਤੇ ਗੋਡਿਆਂ 'ਚ ਦਰਦ ਦੇ ਰੋਗੀਆਂ ਦੀ ਗਿਣਤੀ ਵਿਚ ਲਗਾਤਾਰ ਵਾਧਾ ਹੋ ਰਿਹਾ ਹੈ। ਮੋਟਾਪਾ ਵੱਧਣ ਨਾਲ ਦਿਲ ਨੂੰ ਆਮ ਨਾਲੋਂ ਦੁੱਗਣੀ ਤਾਕਤ ਨਾਲ ਕੰਮ ਕਰਨਾ ਪੈਂਦਾ ਹੈ ਜਿਸ ਨਾਲ ਉਸ ਦੀ ਕਾਰਜ ਸ਼ਕਤੀ ਘੱਟ ਜਾਂਦੀ ਹੈ। ਮੋਟਾਪੇ ਕਾਰਨ ਜਿਗਰ ਦੀ ਕੰਮ ਕਰਨ ਦੀ ਸ਼ਕਤੀ 'ਤੇ ਵੀ ਅਸਰ ਪੈਂਦਾ ਹੈ। ਔਰਤਾਂ 'ਚ 'ਪੋਲੀਸਿਸਟਕ ਓਵੇਰੀਅਨ ਡਿਸੀਜ਼' ਨਾਂ ਦੀ ਬਿਮਾਰੀ ਪੈਦਾ ਹੋ ਜਾਂਦੀ ਹੈ ਜਿਸ ਨਾਲ ਮਹਾਂਵਾਰੀ ਸਬੰਧੀ ਰੋਗ ਪੈਦਾ ਹੋ ਜਾਂਦੇ ਹਨ। ਬ੍ਰਿਟੇਨ 'ਚ ਕੀਤੇ ਗਏ ਇਕ ਸਰਵੇਖਣ ਵਿਚ ਇਹ ਪਤਾ ਲਗਿਆ ਕਿ 6 ਸਾਲ ਦੀ ਉਮਰ ਤਕ ਹਰੇਕ 10 ਬੱਚਿਆਂ ਵਿਚੋਂ ਇਕ ਅਤੇ 15 ਸਾਲ ਦੀ ਉਮਰ ਤਕ ਹਰੇਕ 5 ਬੱਚਿਆਂ ਵਿਚੋਂ ਇਕ ਮੋਟਾਪੇ ਦੀ ਲਪੇਟ 'ਚ ਹੈ। ਭਾਰਤ 'ਚ 6 ਤੋਂ 10 ਸਾਲ ਤਕ ਦੇ ਬੱਚਿਆਂ 'ਚ 10 ਫ਼ੀਸਦੀ ਤੋਂ ਵੱਧ ਮੋਟਾਪੇ ਦਾ ਸ਼ਿਕਾਰ ਹਨ। ਕੀ ਆਪਾਂ ਕਦੇ ਵੀ ਇਹ ਜਾਣਨ ਦੀ ਕੋਸ਼ਿਸ਼ ਕੀਤੀ ਹੈ? ਨਿਰਸੰਦੇਹ ਜੰਕ ਫ਼ੂਡ ਦੀ ਇਸ ਵਿਚ ਬਹੁਤ ਵੱਡੀ ਭੂਮਿਕਾ ਹੈ। ਮਾਹਿਰਾਂ ਦਾ ਮੰਨਣਾ ਹੈ ਕਿ ਬੱਚਿਆਂ 'ਚ ਮੋਟਾਪਾ ਵਧਣ ਦੀ ਵਜ੍ਹਾ ਉਨ੍ਹਾਂ ਦੀ ਜੀਵਨ ਸ਼ੈਲੀ ਹੀ ਹੈ।

ਫ਼ਾਸਟ ਫ਼ੂਡ, ਮੈਦਾਨੀ ਖੇਡਾਂ ਦੀ ਥਾਂ ਟੀ.ਵੀ. ਨਾਲ ਚਿਪਕੇ ਰਹਿਣਾ ਤੇ ਕਸਰਤ ਨਾ ਕਰਨਾ ਬੱਚਿਆਂ 'ਚ ਵਧ ਰਹੇ ਮੋਟਾਪੇ ਦਾ ਕਾਰਨ ਹੈ। ਚਰਬੀ ਵਾਲੇ ਭੋਜਨ ਕਾਰਨ ਮੋਟਾਪਾ ਇਕ ਮਹਾਂਮਾਰੀ ਵਾਂਗ ਅੱਗੇ ਵਧ ਰਿਹਾ ਹੈ। ਮਾਹਿਰਾਂ ਨੇ ਚਿਤਾਵਨੀ ਦਿੰਦਿਆਂ ਕਿਹਾ ਹੈ ਕਿ ਜੇ ਮੋਟਾਪੇ ਨੂੰ ਨਾ ਰੋਕਿਆ ਗਿਆ ਤਾਂ ਅਗਲੇ 15 ਸਾਲਾਂ 'ਚ ਸ਼ੂਗਰ ਤੇ ਦਿਲ ਦੇ ਰੋਗਾਂ ਦੀ ਮਹਾਂਮਾਰੀ ਝੱਲਣੀ ਪੈ ਸਕਦੀ ਹੈ। ਮਾਹਰ ਮੋਟਾਪੇ ਨੂੰ ਉਨਾ ਹੀ ਖਤਰਨਾਕ ਮੰਨਦੇ ਹਨ ਜਿੰਨਾ ਸ਼ਰਾਬ ਦੀ ਆਪ ਮੁਹਾਰੀ ਵਰਤੋਂ ਨੂੰ। ਸ਼ਰਾਬ ਦੀ ਆਦਤ ਤੇ ਮੋਟਾਪੇ ਤੋਂ ਹੋਣ ਵਾਲੀਆਂ ਬਿਮਾਰੀਆਂ ਲਗਭਗ ਇਕੋ ਜਿਹੀਆਂ ਹੀ ਹਨ। ਫਰਕ ਸਿਰਫ਼ ਇਹ ਹੈ ਕਿ ਸ਼ਰਾਬ ਦੀ ਆਦਤ ਨੂੰ ਰੋਕਣਾ ਸੌਖਾ ਹੈ ਜਦਕਿ ਮੋਟਾਪੇ ਨੂੰ ਰੋਕਣਾ ਸੌਖਾ ਨਹੀਂ।

ਸਵਾਲ ਇਹ ਹੈ ਕਿ ਆਖਰ ਮੋਟਾਪਾ ਹੈ ਕੀ? ਸਾਡੇ ਸਰੀਰ ਵਿਚ ਵਧ ਰਹੀ ਚਰਬੀ ਹੀ ਮੋਟਾਪਾ ਹੈ ਜੋ ਸਾਡੇ ਵੱਲੋਂ ਲਏ ਗਏ ਭੋਜਨ ਤੇ ਖਰਚ ਕੀਤੀਆਂ ਜਾਣ ਵਾਲੀਆਂ ਕੈਲੋਰੀਆਂ ਵਿਚਕਾਰ ਸੰਤੁਲਨ ਨਾ ਹੋਣ ਕਾਰਨ ਵਧਦੀ ਹੈ। ਅਸੀਂ ਜਿੰਨਾ ਭੋਜਨ ਖਾਂਦੇ ਹਾਂ ਅਤੇ ਰੋਜ਼ਾਨਾ ਅਪਣੇ ਕੰਮਾਂ ਕਾਰਾਂ, ਕਸਰਤ ਜਾਂ ਸਰੀਰਕ ਮਿਹਨਤ ਰਾਹੀਂ ਜੋ ਕੈਲੋਰੀ ਖਰਚ ਕਰਦੇ ਹਾਂ ਉਸ ਵਿਚਕਾਰ ਜੇ ਸਹੀ ਸੰਤੁਲਨ ਨਾ ਹੋਵੇ ਤਾਂ ਚਰਬੀ ਵਧਣ ਲਗਦੀ ਹੈ, ਇਹੀ ਮੋਟਾਪਾ ਹੈ। ਅੱਜ ਦੀ ਰੁਝੇਵਿਆਂ ਭਰੀ ਜ਼ਿੰਦਗੀ ਵਿਚ ਅਸੀਂ ਜੰਕ ਫ਼ੂਡ ਦੇ ਰੂਪ ਵਿਚ ਪੀਜਾ ਬਰਗਰ ਆਦਿ ਗ੍ਰਹਿਣ ਕਰ ਰਹੇ ਹਾਂ।

ਇਹ ਮੋਟਾਪੇ ਦਾ ਸੱਭ ਤੋਂ ਵੱਡਾ ਕਾਰਨ ਹੈ। ਭੋਜਨ 'ਚ ਜਿਥੇ ਫੈਟ ਦੀ ਮਾਤਰਾ ਜ਼ਰੂਰਤ ਤੋਂ ਵੱਧ ਹੁੰਦੀ ਹੈ ਉਥੇ ਵਿਟਾਮਿਨ ਦੀ ਮਾਤਾਰ ਘੱਟ ਤੋਂ ਘੱਟ। ਮੋਟਾਪੇ ਨੂੰ ਕਾਬੂ ਕਿਵੇਂ ਕੀਤਾ ਜਾਵੇ? ਮੋਟਾਪਾ ਘਟਾਉਣ ਕਈ ਪ੍ਰਕਾਰ ਦੀਆਂ ਗ਼ਲਤ ਧਾਰਨਾਵਾਂ ਪ੍ਰਚਲਿਤ ਹਨ। ਬਹੁਤ ਸਾਰੇ ਲੋਕਾਂ ਦਾ ਮੰਨਣਾ ਹੈ ਕਿ ਰੋਜ਼ਾਨਾ ਪੰਜ ਮਿੰਟ ਦੀ ਕਸਰਤ ਉਨ੍ਹਾਂ ਨੂੰ ਮੋਟਾਪੇ ਤੋਂ ਛੁਟਕਾਰਾ ਦਿਵਾ ਸਕਦੀ ਹੈ। ਹੌਲੀ ਹੌਲੀ ਕੀਤੀ ਕਸਰਤ ਵੱਧ ਚਰਬੀ ਘਟਾਉਂਦੀ ਹੈ ਜਿਸ ਨਾਲ ਮੋਟਾਪਾ ਛੇਤੀ ਖ਼ਤਮ ਹੁੰਦਾ ਹੈ। ਪੇਟ ਵਰਗੇ ਕੁੱਝ ਹਿਸਿਆਂ ਦੀ ਚਰਬੀ ਘਟਾਉਣ ਨਾਲ ਹੀ ਮੋਟਾਪੇ 'ਤੇ ਕਾਬੂ ਕੀਤਾ ਜਾ ਸਕਦਾ ਹੈ। ਕੁਝ ਵਿਸ਼ੇਸ਼ ਕਿਸਮ ਦੀਆਂ ਕੈਪਸੂਲ ਗੋਲੀਆਂ ਵੀ ਮੋਟਾਪਾ ਘਟਾਉਣ ਵਿਚ ਸਹਾਇਕ ਹਨ। ਅਸਲੀਅਤ ਇਹ ਹੈ ਕਿ ਮੋਟਾਪੇ 'ਤੇ ਕਾਬੂ ਪਾਉਣ ਲਈ ਕਸਰਤ ਪ੍ਰਤੀ ਦਿਨ ਘੱਟੋ ਘੱਟ 30 ਮਿੰਟ ਜ਼ਰੂਰ ਕਰਨੀ ਚਾਹੀਦੀ ਹੈ। ਸਿਰਫ ਪੰਜ ਮਿੰਟ ਕਸਰਤ ਕਰਨ ਨਾਲ ਕੋਈ ਫ਼ਾਇਦਾ ਨਹੀਂ ਹੁੰਦਾ। ਮੱਠੀ ਰਫਤਾਰ ਨਾਲ ਕਸਰਤ ਵੀ ਇਕ ਵਹਿਮ ਹੈ। ਕੈਲੇਫੋਰਨੀਆ ਦੇ ਖੇਡ ਖੁਰਾਕ ਮਾਹਰ ਏਲਨ ਕੋਲਮੈਨ ਅਨੁਸਾਰ ਤੇਜ਼ ਰਫਤਾਰ ਨਾਲ ਕੀਤੀ ਕਸਰਤ ਸਰੀਰ ਵਿਚੋਂ ਸ਼ੂਗਰ ਜਲਾਉਣ ਦੇ ਨਾਲ ਨਾਲ ਕੈਲੋਰੀ ਵੀ ਵਧ ਖਰਚ ਕਰਦੀ ਹੈ ਜਿਸ ਨਾਲ ਵਜ਼ਨ ਤੇਜ਼ੀ ਨਾਲ ਘਟ ਹੁੰਦਾ ਹੈ। ਜੇ ਤੁਸੀਂ ਮੋਟਾਪੇ ਤੋਂ ਛੁਟਕਾਰਾ ਪਾਉਣਾ ਚਾਹੁੰਦੇ ਹੋ ਤਾਂ ਅਕਸਰ ਕੀਤੇ ਜਾਣ ਵਾਲੇ ਭਰਮਾਊ ਦਾਅਵਿਆਂ ਵਿਚ ਉਲਝਣ ਦੀ ਥਾਂ ਜ਼ਰੂਰਤ ਹੈ, ਖਾਣ ਪੀਣ 'ਚ ਸੰਜਮ ਤੇ ਰੋਜ਼ਾਨਾ ਕਸਰਤ ਕੀਤੀ ਜਾਵੇ। ਨਾ ਕਿ ਗੋਲੀ ਕੈਪਸੂਲ ਜਾਂ ਮੋਟਾਪਾ ਘਟਾਉਣ ਦੀ ਦਵਾਈ ਕਰਨ ਵਾਲੇ ਕਿਸੇ ਪ੍ਰਕਾਰ ਦੇ ਇਲੈਕਟ੍ਰੋਨਿਕ ਉਪਕਰਨਾਂ ਦੀ। ਮਾਹਰਾਂ ਅਨੁਸਾਰ ਮੋਟਾਪਾ ਜਿੰਨੇ ਲੰਮੇ ਸਮੇਂ ਤਕ ਰਹਿੰਦਾ ਹੈ, ਸ਼ੂਗਰ ਹੋਣ ਦਾ ਡਰ ਵੀ ਉਨਾ ਹੀ ਵਧ ਜਾਂਦਾ ਹੈ।



ਮੋਟਾਪੇ ਕਾਰਨ ਬਲੱਡ ਪ੍ਰੈਸ਼ਰ ਤੇ ਕੈਲੈਸਟਰੋਲ ਦਾ ਪੱਧਰ ਵੀ ਵੱਧ ਜਾਂਦਾ ਹੈ। ਮੋਟਾਪੇ ਦਾ ਸ਼ਿਕਾਰ ਬੱਚੇ ਹੀਣਭਾਵਨਾ ਵਿਚ ਜਿਊਣ ਲਗ ਜਾਂਦੇ ਹਨ ਜਿਸ ਨਾਲ ਕਈ ਤਰ੍ਹਾਂ ਦੀਆਂ ਮਾਨਸਿਕ ਬਿਮਾਰੀਆਂ ਪੈਦਾ ਹੋ ਜਾਂਦੀਆਂ ਹਨ। ਅਜਿਹੇ ਬੱਚਿਆਂ ਨੂੰ ਆਉਣ ਵਾਲੇ ਸਮੇਂ ਵਿਚ ਅਰਥਟਾਈਟਸ ਵਰਗੀ ਬਿਮਾਰੀ ਹੋਣ ਦਾ ਖ਼ਤਰਾ ਵੀ ਵਧ ਜਾਂਦਾ ਹੈ। ਮਾਹਰਾਂ ਅਨੁਸਾਰ 6 ਸਾਲ ਤਕ ਦੇ ਮੁੰਡਿਆਂ ਲਈ 1700 ਤੇ ਇਸ ਉਮਰ ਦੀਆਂ ਕੁੜੀਆਂ ਲਈ 1500 ਕੈਲੋਰੀ, 10 ਸਾਲ ਤਕ ਦੇ ਮੁੰਡਿਆਂ ਲਈ 1970 ਤੇ ਕੁੜੀਆਂ ਲਈ 1700 ਕੈਲੋਰੀ, ਮਰਦਾਂ ਲਈ 2500 ਕੈਲੋਰੀ ਅਤੇ ਔਰਤਾਂ ਲਈ 2000 ਕੈਲੋਰੀ ਦੀ ਜ਼ਰੂਰਤ ਹੁੰਦੀ ਹੈ।

**-ਡਾ. ਅਜੀਤਪਾਲ ਸਿੰਘ**

# ਕੁਦਰਤੀ ਰੂਪ ਵਿਚ ਕਰੋ ਕੈਲਸ਼ੀਅਮ ਦੀ ਵਰਤੋਂ



*ਅਧਿਅਨਾਂ ਵਿਚ ਇਹ ਸੁਝਾਅ ਦਿੱਤਾ ਗਿਆ ਹੈ ਕਿ ਜੇਕਰ ਤੁਸੀਂ ਆਪਣੇ ਭੋਜਨ ਵਿਚ ਲੋੜੀਂਦੇ ਕੈਲਸ਼ੀਅਮ ਦੀ ਮਾਤਰਾ ਨਹੀਂ ਲੈਂਦੇ ਤਾਂ ਤੁਹਾਡਾ ਭਾਰ ਵਧ ਸਕਦਾ ਹੈ। ਜਦੋਂ ਤੁਹਾਡੇ ਸਰੀਰ ਵਿਚ ਕੈਲਸ਼ੀਅਮ ਦੀ ਮਾਤਰਾ ਘੱਟ ਹੁੰਦੀ ਹੈ ਤਾਂ ਤੁਹਾਡਾ ਸਰੀਰ ਸੋਚਦਾ ਹੈ ਕਿ ਤੁਸੀਂ ਭੁੱਖੇ ਮਰ ਰਹੇ ਹੋ ਅਤੇ ਐਮਰਜੈਂਸੀ ਵਾਲੀ ਸਥਿਤੀ ਵਿਚ ਹੋ। ਇਸ ਤਰ੍ਹਾਂ ਇਹ ਤੁਹਾਡੇ ਗਲੇ ਦੀਆਂ ਚਾਰ ਚੰਗ੍ਰੀਆਂ ਤੋਂ ਪੈਰਾਥਾਈਰਾਈਡ ਨਾਂ ਦਾ ਹਾਰਮੋਨ ਛੱਡਦਾ ਹੈ ਜੋ ਤੁਹਾਡੀਆ ਹੱਡੀਆਂ ਨੂੰ ਤੁਹਾਡੇ ਖ਼ੂਨ ਦੇ ਪ੍ਰਵਾਹ ਵਿਚ ਕੁਝ ਕੈਲਸ਼ੀਅਮ ਛੱਡਣ ਲਈ ਉਤੇਜਿਤ ਕਰਦਾ ਹੈ। ਗੁਰਦੇ ਵੀ ਕਾਲਸੀਟ੍ਰਾਓਲ ਹਾਰਮੋਨ ਦੀ ਇਕ ਖ਼ੁਰਾਕ ਛੱਡਦੇ ਹਨ ਜੋ ਵਿਟਾਮਿਨ ਡੀ ਦੀ ਇਕ ਕਿਸਮ ਹੈ ਤਾਂ ਕਿ ਤੁਹਾਡੀ ਕੈਲਸ਼ੀਅਮ ਜਜ਼ਬ ਕਰਨ ਦੀ ਯੋਗਤਾ ਵਧ ਸਕੇ।*

ਕੈਲਸ਼ੀਅਮ ਦੀ ਰੋਜ਼ਾਨਾ ਵੱਧ ਮਾਤਰਾ ਲੈਣ ਨਾਲ ਇਕ ਭਰਮ ਜੁੜਿਆ ਹੋਇਆ ਹੈ ਕਿ ਰੋਜ਼ਾਨਾ ਦੁੱਧ ਅਤੇ ਦੁੱਧ ਦੇ ਉਤਪਾਦਾਂ ਦੀ ਵਰਤੋਂ ਜ਼ਿਆਦਾ ਕਰਨੀ ਚਾਹੀਦੀ ਹੈ। ਜੇਕਰ ਤੁਹਾਨੂੰ ਪਤਾ ਹੈ ਕਿ ਦੁੱਧ ਵਿਚ ਕੈਲਸ਼ੀਅਮ ਹੁੰਦਾ ਹੈ ਤਾਂ ਜ਼ਰੂਰੀ ਨਹੀਂ ਕਿ ਸਾਡਾ ਸਰੀਰ ਇਸ ਨੂੰ ਸੋਖ ਲਵੇ। ਅਸਲ ਵਿਚ ਕੈਲਸ਼ੀਅਮ ਨਾਲ ਸਬੰਧਛ ਕੁਝ ਤੱਥ ਇਸ ਤਰ੍ਹਾਂ ਹਨ।

ਭਾਰਤ ਘਟਾਉਣ ਲਈ ਲਾਹੇਵੰਤ : ਅਧਿਅਨਾਂ ਵਿਚ ਇਹ ਸੁਝਾਅ ਦਿੱਤਾ ਗਿਆ ਹੈ ਕਿ ਜੇਕਰ ਤੁਸੀਂ ਆਪਣੇ ਭੋਜਨ ਵਿਚ ਲੋੜੀਂਦੇ ਕੈਲਸ਼ੀਅਮ ਦੀ ਮਾਤਰਾ ਨਹੀਂ ਲੈਂਦੇ ਤਾਂ ਤੁਹਾਡਾ ਭਾਰ ਵਧ ਸਕਦਾ ਹੈ। ਜਦੋਂ ਤੁਹਾਡੇ ਸਰੀਰ ਵਿਚ ਕੈਲਸ਼ੀਅਮ ਦੀ ਮਾਤਰਾ ਘੱਟ ਹੁੰਦੀ ਹੈ ਤਾਂ ਤੁਹਾਡਾ ਸਰੀਰ ਸੋਚਦਾ ਹੈ ਕਿ ਤੁਸੀਂ ਭੁੱਖੇ ਮਰ ਰਹੇ ਹੋ ਅਤੇ ਐਮਰਜੈਂਸੀ ਵਾਲੀ ਸਥਿਤੀ ਵਿਚ ਹੋ। ਇਸ ਤਰ੍ਹਾਂ ਇਹ ਤੁਹਾਡੇ ਗਲੇ ਦੀਆਂ ਚਾਰ ਚੰਗ੍ਰੀਆਂ ਤੋਂ ਪੈਰਾਥਾਈਰਾਈਡ ਨਾਂ ਦਾ ਹਾਰਮੋਨ ਛੱਡਦਾ ਹੈ ਜੋ ਤੁਹਾਡੀਆ ਹੱਡੀਆਂ ਨੂੰ ਤੁਹਾਡੇ ਖ਼ੂਨ ਦੇ ਪ੍ਰਵਾਹ ਵਿਚ ਕੁਝ ਕੈਲਸ਼ੀਅਮ ਛੱਡਣ ਲਈ ਉਤੇਜਿਤ ਕਰਦਾ ਹੈ। ਗੁਰਦੇ ਵੀ ਕਾਲਸੀਟ੍ਰਾਓਲ ਹਾਰਮੋਨ ਦੀ ਇਕ ਖ਼ੁਰਾਕ ਛੱਡਦੇ ਹਨ ਜੋ ਵਿਟਾਮਿਨ ਡੀ ਦੀ ਇਕ ਕਿਸਮ ਹੈ ਤਾਂ ਕਿ ਤੁਹਾਡੀ ਕੈਲਸ਼ੀਅਮ ਜਜ਼ਬ ਕਰਨ ਦੀ ਯੋਗਤਾ ਵਧ ਸਕੇ। ਇਸ ਤਰ੍ਹਾਂ ਕੈਲਸ਼ੀਅਮ ਦੀ ਉਚ ਮਾਤਰਾ ਇਨ੍ਹਾਂ ਹਾਰਮੋਨਸ ਨੂੰ ਦਬਾ ਦਿੰਦੀ ਹੈ, ਤਾਂ ਕਿ ਤੁਹਾਡਾ ਸਰੀਰ ਘੱਟ ਚਿਕਨਾਈ ਸਟੋਰ ਕਰ ਸਕੇ ਅਤੇ ਇਸ ਨੂੰ ਆਸਾਨੀ ਨਾਲ ਤੋੜਿਆ ਜਾ ਸਕਦਾ ਹੈ।



ਕੈਲਸ਼ੀਮ ਬਲੱਡ ਪ੍ਰੈਸ਼ਰ ਤੋਂ ਬਚਾਉਂਦਾ ਹੈ : ਜੇਕਰ ਤੁਹਾਨੂੰ ਕੈਲਸ਼ੀਅਮ ਦੀ ਘਾਟ ਹੈ ਤਾਂ ਤੁਹਾਨੂੰ ਹਾਈ ਬਲੱਡ ਪ੍ਰੈਸ਼ਰ ਹੋਣ ਦਾ ਜ਼ਿਆਦਾ ਖਤਰਾ ਰਹਿੰਦਾ ਹੈ। ਕੈਲਸ਼ੀਅਮ ਲੋੜੀਂਦੀ ਮਾਤਰਾ ਤੁਹਾਡੀਆਂ ਮਾਸਪੇਸ਼ੀਆਂ ਨੂੰ ਸੁੰਗੜਨ ਅਤੇ ਆਰਾਮ ਕਰਨ ਦੇ ਆਪਣੇ ਕੰਮਾਂ ਵਿਚ ਤੁਹਾਡੀ ਸਹਾਇਦਾ ਕਰਦੀ ਹੈ। ਨਾਲ ਹੀ ਕੈਲਸ਼ੀਅਮ ਤੁਹਾਡੇ ਨਰਵਸ ਸਿਸਟਮ ਨੂੰ ਤੁਹਾਡੀਆਂ ਧਮਣੀਆਂ ਤੱਕ ਦਬਾਅ ਦਾ ਪੱਧਰ ਕੰਟਰੋਲ ਰੱਖਣ ਵਿਚ ਸਹਾਇਤਾ ਹੈ।

ਦੰਦਾਂ ਨੂੰ ਸਿਹਤਮੰਦ ਰੱਖਦਾ ਹੈ : ਓਸਟਿਓਪੋਰੋਸਿਸ ਦਾ ਪਹਿਲਾ ਚਿਨ੍ਹ ਤੁਹਾਡਾ ਡੈਂਟਿਸ ਹੀ ਪਛਾਣਦਾ, ਕਿਉਂਕਿ ਇਸ ਨਾਲ ਜਬੜੇ ਦੀ ਹੱਡੀ ਪ੍ਰਭਾਵਿਤ ਹੁੰਦੀ ਹੈ। ਕੈਲਸ਼ੀਅਮ ਦੇ ਲਾਭਾਂ ਨੂੰ ਦੇਖਦੇ ਹੋਏ ਬਾਜ਼ਾਰ ਵਿਚ ਕੈਲਸ਼ੀਅਮ ਸਪਲੀਮੈਂਟਸ ਦੀਆਂ ਕਹੀ ਕਿਸਮਾਂ ਉਪਲਬੱਧ ਹਨ। ਮਹੱਵਪੂਰਨ ਗੱਲ ਇਹ ਹੈ ਕਿ ਅਸੀਂ ਕੈਲਸ਼ੀਅਮ ਨੂੰ ਕੁਦਰਤੀ ਰੂਪ ਨਾਲ ਹੀ ਸੇਵਨ ਕਰੀਏ, ਸਪਲੀਮੈਂਟਸ ਦੀ ਵਰਤੋਂ ਲੋੜ ਪੈਣ 'ਤੇ ਹੀ ਕਰੀਏ।

ਕੈਲਸ਼ੀਅਮ ਦੇ ਸ੍ਰੋਤ :

➜ਸਧਾਰਨ ਸੂਰਜ ਦੀ ਰੋਸ਼ਨੀ ਵਿਟਾਮਿਨ ਡੀ ਦਾ ਸਭ ਤੋਂ ਵਧੀਆ ਸ੍ਰੋਤ ਹੈ ਜੋ ਕੈਲਸ਼ੀਮ ਦੀ ਖਪਤ ਵਿਚ ਸਾਡੀ ਮਦਦ ਕਰਦਾ ਹੈ, ਇਸ ਲਈ ਰੋਜ਼ਾਨਾ 11 ਵਜੇ ਤੋਂ ਪਹਿਲਾਂ ਅਤੇ ਢਾਈ ਵਜੇ ਦੇ ਬਾਅਦ 20 ਤੋਂ 40 ਮਿੰਟ ਤੱਕ ਧੁੱਪ ਵਿਚ ਰਹੋ।

➜ਟਮਾਟਰ ਵਿਚ ਪਾਇਆ ਜਾਣ ਵਾਲਾ ਵਿਟਾਮਿਨ ਸੀ ਕੈਲਾਜੈਨ ਦੇ ਨਿਰਮਾਣ ਅਤੇ ਦੇਖ ਭਾਲ ਵਿਚ ਸਹਾਇਕ ਹੁੰਦਾ ਹੈ ਜੋ ਸਾਡੇ ਦੰਦਾਂ ਨੂੰ ਤਾਕਤ ਅਤੇ ਲਚਕ ਉਪਲਬਧ ਕਰਵਾਉਂਦਾ ਹੈ। ਇਨ੍ਹਾਂ ਦਾ ਤਾਜ਼ੇ ਰੂਪ ਵਿਚ ਸੇਵਨ ਕਰੋ, ਪ੍ਰੋਸੈਸਡ ਰੂਪ ਵਿਚ ਨਹੀਂ। ਰੋਜ਼ਾਨਾ ਚਾਰ ਟਮਾਟਰਾਂ ਦੀ ਵਰਤੋਂ ਕਰੋ।



➜ਤਿਲ ਤੁਹਾਡੀ ਕੈਲਸ਼ੀਅਮ ਦੀ ਖਪਤ ਵਿਚ ਵਾਧਾ ਕਰਦੇ ਹਨ। ਇਨ੍ਹਾਂ ਦੀ ਆਪਣੇ ਸਲਾਤ, ਟੈਸਟ, ਸਬਜ਼ੀਆਂ ਅਤੇ ਰਾਇਤੇ ਲਈ ਵਰਤੋਂ ਕਰੋ।

➜ਹਰੀਆ ਪੱਤਰਦਾਰ ਸਬਜ਼ੀਆਂ ਕੈਲਸ਼ੀਅਮ ਨਾਲ ਭਰਪੂਰ ਹੁੰਦੀਆਂ ਹਨ, ਜਿਨ੍ਹਾਂ ਵਿਚ ਧਨੀਆ, ਮੇਥੀ ਅਤੇ ਪਾਲਕ ਹਨ। ਧਨੀਏ ਦੀ ਵਰਤੋਂ ਹਰ ਦਾਲ, ਸਬਜ਼ੀ ਵਿਚ ਕੀਤੀ ਜਾ ਸਕਦੀ ਹੈ। ਇਸ ਦੇ ਇਲਾਵਾ ਮੇਥੀ ਤੋਂ ਆਲੂ ਮੇਥੀ ਦੇ ਪਰੌਂਠੇ ਬਣਾਏ ਜਾ ਸਕਦੇ ਹਨ।

➜ਹਰੀ ਗੋਭੀ ਵੀ ਕੈਲਸ਼ੀਅਮ ਦਾ ਵਧੀਆ ਸ੍ਰੋਤ ਹੈ।

➜ਦਹੀਂ ਦੀ ਇਕ ਕਟੋਰੀ ਰੋਜ਼ਾਨਾ ਤੁਹਾਨੂੰ ਕੈਲਸ਼ੀਅਮ ਦੀ ਮੌਜੂਦਾ ਮਾਤਰਾ ਉਪਲਬਧ ਕਰਾਉਂਦੀ ਹੈ।

➜ਲਾਲ ਮੋਠ ਜਾਂ ਰਾਜਮਾਂਹ ਨੂੰ ਵੀ ਆਪਣੇ ਭੋਜਨ ਵਿਚ ਜਗ੍ਹਾ ਦਿਓ।

➜ਸੰਤਰੇ ਨਾ ਸਿਰਫ ਸੁਆਦੀ ਹੁੰਦੇ ਹਨ, ਸਗੋਂ ਤੁਹਾਨੂੰ ਕੈਲਸ਼ੀਅਮ ਵੀ ਉਪਲਬਧ ਕਰਾਉਂਦੇ ਹਨ।

➜ਹਰੇ ਮਟਰਾਂ ਦੀ ਵਰਤੋਂ ਤੁਸੀਂ ਸਲਾਦ, ਸਬਜ਼ੀਆਂ, ਚਾਵਲ ਅਤੇ ਪਰੌਂਠਿਆਂ ਵਿਚ ਕਰ ਸਕਦੇ ਹੋ। ਇਹ ਕੈਲਸ਼ੀਅਮ ਦੇ 'ਪੈਕਡ' ਸਰੋਤ ਹਨ।

➜ਬਾਦਾਮ ਕੈਲਸ਼ੀਅਮ ਦੀ ਉਚ ਮਾਤਰਾ ਨਾਲ ਭਰਪੂਰ ਮੰਨੇ ਜਾਂਦੇ ਹਨ। ਤੁਸੀਂ ਕੰਮ 'ਤੇ ਇਨ੍ਹਾਂ ਨੂੰ ਚਬਾ ਕੇ ਖਾ ਸਕਦੇ ਹੋ।

➜ਆਲੂਬੁਖਾਰਾ ਕੈਲਸ਼ੀਅਮ ਦਾ ਉਤਮ ਸ੍ਰੋਤ ਹੈ। ਇਸ ਨੂੰ ਡੇ ਸਨੈਕਸ ਵਿਚ ਸ਼ਾਮਲ ਕਰੋ।

# ਸਫੈਦ ਚੀਜ਼ਾਂ ਦੀ ਵਰਤੋਂ ਜਰਾ ਸਾਵਧਾਨੀ ਨਾਲ

ਅੱਜ ਵਧੇਰੇ ਬਿਮਾਰੀਆਂ ਦਾ ਕਾਰਨ ਹੈ ਚੀਨੀ, ਨਮਕ, ਮੈਦਾ, ਦੁੱਧ ਅਤੇ ਨਾਰੀਅਲ। ਆਓ ਜਾਣੀਏ ਕਿ ਇਨ੍ਹਾਂ ਵਿਚ ਅਜਿਹਾ ਕੀ ਹੈ ਜਿਸ ਕਰਕੇ ਇਹ ਸਾਰੇ ਸਫੈਦ ਖਾਧ ਪਦਾਰਥ ਸਾਡੀ ਸਿਹਤ ਲਈ ਹਾਨੀਕਾਰਕ ਹਨ।



ਚੀਨੀ : ਚੀਨੀ ਨੂੰ ਅੱਜ ਬਹੁਤੀਆਂ ਬਿਮਾਰੀਆਂ ਦੀ ਵਜ੍ਹਾ ਮੰਨਿਆ ਜਾਂਦਾ ਹੈ। ਪਿੱਛੇ ਜਿਹੇ ਅਮਰੀਕਾ ਵਿਚ ਹੋਏ ਇਕ ਵਿਸ਼ਲੇਸ਼ਣ ਦੇ ਅਨੁਸਾਰ ਜੋ ਵਿਅਕਤੀ ਚੀਨੀ ਦੀ ਵਧੇਰੇ ਮਾਤਰਾ ਦਾ ਸੇਵਨ ਕਰਦੇ ਹਨ, ਉਨ੍ਹਾਂ ਵਿਚ ਵੱਡੀ ਅੰਤੜੀ ਦਾ ਕੈਂਸਰ ਹੋਣ ਦੀ ਸੰਭਾਵਨਾ ਹੁੰਦੀ ਹੈ। ਚੀਨੀ ਦੀ ਵਰਤੋਂ ਅਸੀਂ ਚਾਹ, ਕੌਫੀ, ਬਿਸਕੁਟ, ਮਠਿਆਈ, ਚਾਕਲੇਟ ਅਤੇ ਪਤਾ ਨਹੀਂ ਹੋਰ ਕਿੰਨੇ ਖਾਧ ਪਦਾਰਥਾਂ ਵਿਚ ਕਰਦੇ ਹਾਂ। ਇਹੀ ਨਹੀਂ, ਚੀਨੀ ਤੋਂ ਸਾਨੂੰ ਬਹੁਤ ਜ਼ਿਆਦਾ ਮਾਤਰਾ ਵਿਚ ਕੈਲੋਰੀ ਮਿਲਦੀ ਹੈ ਜੋ ਤੰਦਰੁਸਤੀ ਦੀ ਨਜ਼ਰ ਤੋਂ ਹਾਨੀਕਾਰਕ ਹੈ ਅਤੇ ਕਈ ਰੋਗਾਂ ਦੀ ਜੜ੍ਹ ਹੈ।

ਇਸ ਲਈ ਚੀਨੀ ਦੀ ਥਾਂ ਜ਼ਰੂਰਤ ਹੈ ਕਿਸੇ ਅਜਿਹੇ ਖਾਧ ਪਦਾਰਥ ਦੀ ਜੋ ਚੀਨੀ ਦੀ ਕਮੀ ਪੂਰੀ ਕਰ ਸਕੇ ਅਤੇ ਉਹ ਹੈ ਗੁੜ। ਵੈਸੇ ਤਾਂ ਗੁੜ ਅਤੇ ਚੀਨੀ ਵਿਚ ਕੈਲੋਰੀ ਦੀ ਮਾਤਰਾ ਇਕੋ ਜਿਹੀ ਹੁੰਦੀ ਹੈ ਪਰ ਗੁੜ ਸਿਹਤ ਦੇ ਅਨੁਕੂਲ ਹੁੰਦਾ ਹੈ ਅਤੇ ਇਸ ਵਿਚ ਆਇਰਨ, ਕੈਲਸ਼ੀਅਮ ਅਤੇ ਫਾਸਫੋਰਸ ਵੀ ਹੁੰਦੇ ਹਨ ਜੋ ਸਾਡੇ ਸਰੀਰ ਦੀ ਲੋੜ ਹਨ।

ਨਮਕ : ਵੱਧ ਖ਼ੂਨ ਦੇ ਦਬਾਅ ਵਾਲੇ ਰੋਗੀਆਂ ਦਾ ਤਾਂ ਨਮਕ ਸਭ ਤੋਂ ਵੱਡਾ ਦੁਸ਼ਮਣ ਹੈ। ਭੋਜਨ ਵਿਚ ਨਮਕ ਦੀ ਥੋੜ੍ਹੀ ਵਰਤੋਂ ਹੀ ਠੀਕ ਹੈ। ਭੋਜਨ ਵਿਚੋਂ ਨਮਕ ਬਿਲਕੁੱਲ ਕੱਢ ਦੇਣਾ ਤਾਂ ਸੰਭਵ ਨਹੀਂ ਪਰ ਇਸ ਦੀ ਥੋੜ੍ਹੀ ਮਾਤਰਾ ਲੈਣਾ ਅਤੇ ਨਮਕੀਨ ਖਾਧ ਪਦਾਰਥ ਜਿਸ ਵਿਚ ਨਮਕ ਦੀ ਮਾਤਰਾ ਬਹੁਤ ਜ਼ਿਆਦਾ ਹੁੰਦੀ ਹੈ ਜਿਵੇਂ ਆਚਾਰ, ਟਮੈਟੋ ਸੌਸ, ਸੋਇਆ ਸੌਸ ਨੂੰ ਭੋਜਨ ਵਿਚੋਂ ਕੱਢਣਾ ਜ਼ਰੂਰੀ ਹੈ। ਜਦੋਂ ਵੀ ਨਮਕ ਦਾ ਪ੍ਰਯੋਗ ਕਰੋ ਤਾਂ ਆਇਓਡਾਈਜ਼ਡ ਨਮਕ ਹੀ ਵਰਤੋ।

ਮੈਦਾ : ਮੈਦੇ ਦੇ ਪ੍ਰਯੋਗ ਬਿਸਕੁੱਟ, ਕੇਕ, ਬਰੈਡ, ਪੀਜ਼ਾ ਅਤੇ ਮਠਿਆਈਆਂ ਆਦਿ ਬਣਾਉਣ ਵਿਚ ਕੀਤਾ ਜਾਂਦਾ ਹੈ। ਮੈਦੇ ਵਿਚ ਰੇਸ਼ੇ ਦੀ ਕਮੀ ਹੁੰਦੀ ਹੈ। ਇਸ ਨੂੰ ਮਸ਼ੀਨੀ ਪ੍ਰਕਿਰਿਆ ਦੁਆਰਾ ਜ਼ਿਆਦਾ ਸ਼ੁੱਧ ਕੀਤਾ ਜਾਂਦਾ ਹੈ। ਜੇਕਰ ਤੁਸੀਂ ਆਟੇ ਅਤੇ ਮੈਦੇ ਦੀ ਤੁਲਨਾ ਕਰੋ ਤਾਂ ਦੇਖੋਗੇ ਕਿ ਆਟਾ ਭੂਰੇ ਰੰਗ ਦਾ ਹੁੰਦਾ ਹੈ ਅਤੇ ਮੈਦਾ ਸਫੈਦ ਅਤੇ ਨਰਮ ਹੁੰਦਾ ਹੈ, ਕਿਉਂਕਿ ਇਸ ਵਿਚ ਰੇਸ਼ਾ ਨਹੀਂ ਹੁੰਦਾ। ਜੋ ਲੋਕ ਮੈਦੇ ਦਾ ਵਧੇਰੇ ਸੇਵਨ ਕਰਦੇ ਹਨ, ਉਨ੍ਹਾਂ ਨੂੰ ਕਬਜ਼ ਦੀ ਸ਼ਿਕਾਇਤ ਰਹਿੰਦੀ ਹੈ। ਪਾਚਣ ਕਿਰਿਆ ਵਿਚ ਵੀ ਮੁਸ਼ਕਿਲ ਆਉਂਦੀ ਹੈ। ਇਸ ਲਈ ਮੈਦੇ ਦੀ ਬਜਾਏ ਆਟੇ ਦਾ ਪ੍ਰਯੋਗ ਸਹੀ ਹੈ। ਬਾਜ਼ਾਰ ਵਿਚ ਆਟੇ ਦੀ ਬਰੈਡ ਵੀ ਮਿਲਦੀ ਹੈ ਪਰ ਧਿਆਨ ਰੱਖੋ ਕਿ ਇਹ ਆਟੇ ਨਾਲ ਹੀ ਬਣੀ ਹੋਵੇ, ਕਿਉਂਕਿ ਬਾਜ਼ਾਰ ਵਿਚ ਮਿਲਦੀ ਬਰਾਊਨ ਬਰੈਡ ਰੰਗ ਮਿਲੀ ਹੋਈ ਵੀ ਹੋ ਸਕਦੀ ਹੈ।

ਦੁੱਧ : ਪ੍ਰੋਟੀਨ, ਵਿਟਾਮਿਨ ਅਤੇ ਕੈਲਸ਼ੀਅਮ ਦਾ ਬਹੁਤ ਚੰਗਾ ਸਾਧਨ ਹੈ ਦੁੱਧ, ਪਰ ਦੁੱਧ ਵਿਚ ਚਰਬੀ ਦੀ ਮਾਤਰਾ ਵਧੇਰੇ ਹੁੰਦੀ ਹੈ। ਇਸ ਲਈ ਸਕਿਮ ਮਿਲਕ ਪਾਊਡਰ ਦਾ ਪ੍ਰਯੋਗ ਕਰੋ ਜਾਂ ਫਿਰ ਦੁੱਧ ਨੂੰ ਚੰਗੀ ਤਰ੍ਹਾਂ ਉਬਾਲ ਲਵੋ ਅਤੇ ਠੰਢੇ ਹੋਣ 'ਤੇ ਉਸ ਦੇ ਉਪਰ ਆਈ ਹੋਈ ਮਲਾਈ ਉਤਾਰ ਲਵੋ। ਕੁਝ ਲੋਕਾਂ ਨੂੰ ਦੁੱਧ ਪੀਣ ਦੇ ਬਾਅਦ ਡਾਇਰੀਆ ਦੀ ਸਮੱਸਿਆ ਦਾ ਸਵਾਲ ਉਠਦਾ ਹੈ। ਉਨ੍ਹਾਂ ਲਈ ਬਿਹਤਰ ਹੋਵੇਗਾ ਕਿ ਦੁੱਧ ਦੀ ਥਾਂ ਦਹੀਂ ਦਾ ਪ੍ਰਯੋਗ ਕਰਨ।

ਨਾਰੀਅਲ : ਨਾਰੀਅਲ ਨੂੰ ਵੈਸੇ ਤਾਂ ਪੌਸ਼ਟਿਕ ਮੰਨਿਆ ਜਾਂਦਾ ਹੈ ਪਰ ਇਸ ਵਿਚ ਚਰਬੀ ਦੀ ਮਾਤਰਾ ਜ਼ਿਆਦਾ ਹੋਣ ਕਰਕੇ ਦਿਲ ਦੇ ਰੋਗਾਂ ਲਈ ਚੰਗਾ ਨਹੀਂ ਹੈ। ਨਾਰੀਅਲ ਪਾਣੀ ਚਰਬੀ ਰਹਿਤ ਹੁੰਦਾ ਹੈ ਅਤੇ ਪੋਟਾਸ਼ੀਅਮ ਦਾ ਵੀ ਬਹੁਤ ਚੰਗਾ ਸਾਧਨ ਹੈ। ਨਾਰੀਅਲ ਵਿਚ ਚਰਬੀ ਪਾਈ ਜਾਂਦੀ ਹੈ ਜੋ ਦਿਲ ਲਈ ਹਾਨੀਕਾਰਕ ਹੈ। ਇਸ ਲਈ ਨਾਰੀਅਲ ਅਤੇ ਨਾਰੀਅਲ ਦੇ ਤੇਲ ਦਾ ਘੱਟ ਤੋਂ ਘੱਟ ਸੇਵਨ ਕਰੋ।

# ਪੈਨਕਿਲਰ ਦਵਾਈਆਂ

ਦਰਦ ਰੋਕੂ ਉਸ ਡਰੱਗ ਨੂੰ ਕਹਿੰਦੇ ਹਨ ਜੋ ਬਿਨਾਂ ਬੇਹੋਸ਼ ਕੀਤੇ ਜਾਂ ਸਰੀਰ ਦੇ ਕਿਸੇ ਹਿੱਸੇ ਨੂੰ ਪੂਰੀ ਤਰ੍ਹਾਂ ਸੁੰਨ ਕੀਤੇ ਦਰਦ ਤੋਂ ਰਾਹਤ ਪ੍ਰਦਾਨ ਕਰਦੀ ਹੈ। ਡਾਕਟਰੀ ਭਾਸ਼ਾ ਵਿਚ ਇਨ੍ਹਾਂ ਨੂੰ 'ਏਨਲਜੈਸਿਕਸ' ਕਿਹਾ ਜਾਂਦਾ ਹੈ। ਇਨ੍ਹਾਂ ਦੇ ਦੋ ਮੁੱਖ ਪ੍ਰਕਾਰ ਹਨ -'ਪੈਰਿਫੈਰਲੀ ਐਕਟਿੰਗ ਏਨਲਜੈਸਿਕ' ਜਾਂ 'ਨਾਨ ਨਾਰਕੋਟਿਕ ਪੇਨ ਰਿਲੀਵਰ' ਅਤੇ 'ਸੈਂਟਰਲੀ ਐਕਟਿੰਗ ਏਨਲਜੈਸਿਕ ਜਾਂ 'ਨਾਰਕੋਟਿਕ ਪੇਨ ਰਿਲੀਵਰ'। ਪਹਿਲੀ ਤਰ੍ਹਾਂ ਦਾ ਏਨਲਜੈਸਿਕ ਮਾਸਪੇਸ਼ੀਆਂ ਅਤੇ ਹੱਡੀਆਂ ਜਾਂ ਉਨ੍ਹਾਂ ਨਾਲ ਸੰਬੰਧਤ ਹਿੱਸਿਆਂ 'ਤੇ ਕੰਮ ਕਰਦਾ ਹੈ। ਇਨ੍ਹਾਂ ਨੂੰ 'ਮਾਈਲਡ' ਏਨਲਜੈਸਿਕ ਵੀ ਕਿਹਾ ਜਾਂਦਾ ਹੈ। ਇਸ ਤਰ੍ਹਾਂ ਦੀ ਸਭ ਤੋਂ ਆਮ ਦਰਦ ਰੋਕੂ ਡਰੱਗ ਹੈ ਐਸਪਰਿਨ। ਇਸ ਵਿਚ ਐਸਿਟਾਈਲ ਸੈਲਿਸਾਇਲਿਕ ਐਸਿਡ ਹੁੰਦਾ ਹੈ। 1853 ਵਿਚ ਇਸ ਡਰੱਗ ਨੂੰ ਸਭ ਤੋਂ ਪਹਿਲਾਂ ਤਿਆਰ ਕਰਨ ਦਾ ਸਿਹਰਾ ਇਕ ਫਰਾਂਸੀਸੀ ਕੈਮਿਸਟ ਚਾਰਲਸ ਫੈਡ੍ਰਿਕ ਗੈਰਹਾਰਡ ਨੂੰ ਜਾਂਦਾ ਹੈ। ਇਸ ਡਰੱਗ ਦਾ ਪਹਿਲੀ ਵਾਰ ਸੰਨ 1899 ਵਿਚ ਉਤਪਾਦਨ ਕੀਤਾ ਗਿਆ। ਇਸ ਸਮੂਹ ਦੇ ਹੋਰ ਪੇਨ ਕਿੱਲਰਾਂ ਵਿਚ ਐਨਜਲਿਨ ਅਤੇ ਪੈਰਾਸਿਟਾਮੋਲ ਸ਼ਾਮਲ ਹਨ। ਇਸ ਦਾ ਇਸਤੇਮਾਲ ਸਿਰਦਰਦ, ਗਠੀਆ ਦੇ ਦਰਦ ਅਤੇ ਸਰੀਰ ਦੇ ਹੋਰ ਦਰਦਾਂ ਤੋਂ ਰਾਹਤ ਪ੍ਰਦਾਨ ਕਰਨ ਲਈ ਹੁੰਦਾ ਹੈ। ਦੂਜੇ ਗਰੁੱਪ ਦੀ ਦਰਦ ਰੋਕੂ ਮੈਡੀਸਨ ਕਾਫੀ ਸ਼ਕਤੀਸ਼ਾਲੀ ਹੁੰਦੀ ਹੈ। ਇਨ੍ਹਾਂ ਵਿਚ ਅਫੀਮ ਤੋਂ ਲਏ ਗਏ ਤੱਤ ਸ਼ਾਮਲ ਹੁੰਦੇ ਹਨ। ਇਸ ਤਰ੍ਹਾਂ ਦੇ ਪੇਨ ਕਿੱਲਰਾਂ ਵਿਚ ਮੋਰਫਿਨ ਅਤੇ ਹੈਰੋਇਨ ਵੀ ਸ਼ਾਮਲ ਹਨ। ਇਹ ਪੇਨ ਕਿੱਲਰ ਦਿਮਾਗ ਵਿਚ ਕੋਰਟੈਕਸ ਅਤੇ ਥੈਲੇਮਸ ਦੀ ਕਾਰਜ ਪ੍ਰਣਾਲੀ ਵਿਚ ਰੁਕਾਵਟ ਪੈਦਾ ਕਰਦੇ ਹਨ। ਇਹ ਦਿਮਾਗ ਦੇ ਉਹ ਹਿੱਸੇ ਹਨ ਜੋ ਸਰੀਰ ਤੋਂ ਦਰਦ ਦੂਰ ਕਰਨ ਵਾਲੇ ਸੰਵੇਦਕਾਂ ਤੋਂ ਸੰਦੇਸ਼ ਪ੍ਰਾਪਤ ਕਰਦੇ ਹਨ। ਇਹ ਪੇਨ ਕਿੱਲਰ ਤੁਰੰਤ ਕੰਮ ਕਰਦੇ ਹਨ ਅਤੇ ਮਾਸਪੇਸ਼ੀਆਂ ਜਾਂ ਨਸਾਂ ਵਿਚ ਇੰਜੈਕਸ਼ਨ ਦੁਆਰਾ ਦੇਣ 'ਤੇ ਤੁਰੰਤ ਦਰਦ ਤੋਂ ਰਾਹਤ ਪ੍ਰਦਾਨ ਕਰਦੇ ਹਨ। ਡਾਕਟਰ ਇਨ੍ਹਾਂ ਏਨਲਜੈਸਿਕ ਦੀ ਵਰਤੋਂ ਕੈਂਸਰ, ਦਿਲ ਦਾ ਦੌਰਾ ਜਾਂ ਖਤਰਨਾਕ ਸੱਟ ਲੱਗਣ 'ਤੇ ਪੈਦਾ ਹੋਣ ਵਾਲੇ ਦਰਦ ਤੋਂ ਆਰਾਮ ਦਿਵਾਉਣ ਲਈ ਕਰਦੇ ਹਨ। ਇਸ ਗਰੁੱਪ ਦੇ ਕੁਝ ਆਮ ਡਰੱਗਜ਼ ਵਿਚ ਕੋਡੇਇਨ, ਪੈਂਟਾਜੋਸੀਨ ਅਤੇ ਇਥੋਹੈਪਟਾਜਾਈਨ ਸ਼ਾਮਲ ਹਨ।



ਇਨ੍ਹਾਂ ਦੋਵਾਂ ਤਰ੍ਹਾਂ ਦੇ ਪੇਨ ਕਿੱਲਰਾਂ ਦੇ ਕਈ ਸਾਈਡ ਇਫੈਕਟਸ ਹਨ। ਉਦਾਹਰਣ ਲਈ ਲੰਬੇ ਸਮੇਂ ਤਕ ਇਸਤੇਮਾਲ ਕੀਤੇ ਜਾਣ 'ਤੇ ਐਸਪਰਿਨ ਪੇਟ ਵਿਚ ਖਰਾਬੀ ਕਬਜ਼ ਜਾਂ ਕੁਝ ਗੰਭੀਰ ਕੇਸਾਂ ਵਿਚ ਅਲਸਰ ਦਾ ਕਾਰਨ ਵੀ ਬਣ ਸਕਦੀ ਹੈ। ਇਸ ਦੇ ਜ਼ਿਆਦਾ ਇਸਤੇਮਾਲ ਨਾਲ ਸਰੀਰ ਵਿਚ ਖ਼ੂਨ ਦੀ ਕਮੀ ਵੀ ਹੋ ਸਕਦੀ ਹੈ। ਮੋਰਫਿਨ ਤੋਂ ਮਿਤਲੀ ਅਤੇ ਉਲਟੀ ਦੀ ਸਮੱਸਿਆ ਹੋ ਸਕਦੀ ਹੈ। ਇਸ ਸਾਈਡ ਇਫੈਕਟ ਨੂੰ ਰੋਕਣ ਲਈ ਇਸ ਨਾਲ ਸਾਈਕਲਜਾਈਨ ਨਾਂ ਦੀ ਡਰੱਗ ਦਿਤੀ ਜਾ ਸਕਦੀ ਹੈ। ਲੰਬੇ ਸਮੇਂ ਤਕ ਵਰਤੋਂ ਨਾਲ ਵਿਅਕਤੀਮੋਰਫਿਨ ਅਤੇ ਇਸ ਜਿਹੀਆਂ ਹੋਰ ਡਰੱਗਜ਼ ਦਾ ਆਦੀ ਵੀ ਹੋ ਸਕਦਾ ਹੈ। ਐਂਟੀਪਾਇਰੈਟਿਕ ਵਰਗੀਆਂ ਕੁਝ-ਹੋਰ ਤਰ੍ਹਾਂ ਦੀ ਏਨਲਜੈਸਿਕ ਨੂੰ ਬੁਖਾਰ ਉਤਾਰਨ ਲਈ ਇਸਤੇਮਾਲ ਕੀਤਾ ਜਾਂਦਾ ਹੈ। ਕੁਝ ਗੰਭੀਰ ਕੇਸਾਂ ਵਿਚ ਸਰਜਰੀ ਦੌਰਾਨ ਵੀ ਡਾਕਟਰ ਪੇਨ ਕਿੱਲਰਾਂ ਲਈ ਕਈ ਤਰ੍ਹਾਂ ਦੀਆਂ ਦਰਦ ਰੋਕੂ ਦਵਾਈਆਂ ਦਾ ਇਸਤੇਮਾਲ ਕਰ ਸਕਦੇ ਹਨ। ਬਾਜ਼ਾਰ ਵਿਚ ਸਾਰੇ ਤਰ੍ਹਾਂ ਦੀਆਂ ਪੇਨ ਕਿੱਲਰਾਂ ਦੀਆਂ ਦਵਾਈਆਂ ਵੱਖ-ਵੱਖ ਨਾਵਾਂ ਨਾਲ ਮਿਲਦੀਆਂ ਹੈ। ਪੇਨ ਕਿੱਲਰ ਦਾ ਗਲਤ ਇਸਤੇਮਾਲ ਕਰਨ ਨਾਲ ਕਈ ਤਰ੍ਹਾਂ ਦੀਆਂ ਸਿਹਤ ਸਮੱਸਿਆਵਾਂ ਦਾ ਸਾਹਮਣਾ ਕਰਨਾ ਪੈ ਸਕਦਾ ਹੈ। ਇਸ ਲਈ ਇਹ ਜ਼ਰੂਰੀ ਹੈ ਕਿ ਕਿਸੇ ਵੀ ਤਰ੍ਹਾਂ ਦੀ ਸਮੱਸਿਆ ਹੋਣ 'ਤੇ ਡਾਕਟਰ ਦੀ ਸਲਾਹ ਲਈ ਜਾਵੇ ਅਤੇ ਉਸ ਦੀ ਸਲਾਹ ਅਨੁਸਾਰ ਹੀ ਕਿਸੇ ਪੇਨ ਕਿੱਲਰ ਦੀ ਵਰਤੋਂ ਕੀਤੀ ਜਾਵੇ।

# ਪੰਜਾਬ ਪੁਲਿਸ ਵੱਲੋਂ ਪਾਕਿਸਤਾਨੀ ਆਈਐਸਆਈ ਸਮਰਥਿਤ ਮਾਡਿਊਲ ਦਾ ਪਰਦਾਫਾਸ਼; ਪੁਲਿਸ ਅਦਾਰਿਆਂ ਨੂੰ ਨਿਸ਼ਾਨਾ ਬਣਾਉਣ ਦੀ ਸਾਜ਼ਿਸ਼ ਕੀਤੀ ਨਾਕਾਮ ਅਤੇ ਖਾਸਾ ਕੈਂਟ ਆਈਈਡੀ ਧਮਾਕੇ ਸਬੰਧੀ ਮਾਮਲੇ ਨੂੰ ਸੁਲਝਾਇਆ

**ਅੰਮ੍ਰਿਤਸਰ, 17 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਚੱਲ ਰਹੀ ਮੁਹਿੰਮ ਦੌਰਾਨ ਵੱਡੀ ਸਫ਼ਲਤਾ ਹਾਸਲ ਕਰਦਿਆਂ, ਅੰਮ੍ਰਿਤਸਰ ਦਿਹਾਤੀ ਪੁਲਿਸ ਨੇ ਪਾਕਿਸਤਾਨ ਆਈਐਸਆਈ-ਸਮਰਥਿਤ ਗੈਰ-ਕਾਨੂੰਨੀ ਹਥਿਆਰ ਅਤੇ ਵਿਸਫੋਟਕ ਸਪਲਾਈ ਨੈੱਟਵਰਕ ਦਾ ਪਰਦਾਫਾਸ਼ ਕਰਦਿਆਂ ਪੁਲਿਸ ਅਦਾਰਿਆਂ 'ਤੇ ਹਮਲਾ ਕਰਨ ਦੀ ਸਾਜ਼ਿਸ਼ ਨੂੰ ਨਾਕਾਮ ਕਰ ਦਿੱਤਾ ਹੈ ਅਤੇ ਮਈ 2026 ਵਿੱਚ ਆਰਮੀ ਛਾਉਣੀ ਖਾਸਾ ਨੇੜੇ ਹੋਏ ਇੰਪ੍ਰੋਵਾਈਜ਼ਡ ਐਕਸਪਲੋਸਿਵ ਡਿਵਾਈਸ (ਆਈਈਡੀ) ਧਮਾਕੇ ਸਬੰਧੀ ਮਾਮਲੇ ਨੂੰ ਸੁਲਝਾ ਲਿਆ ਹੈ। ਇਹ ਜਾਣਕਾਰੀ ਅੱਜ ਇੱਥੇ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ।

ਪੁਲਿਸ ਟੀਮਾਂ ਨੇ ਦੋ ਆਪਸ ਵਿੱਚ ਜੁੜੇ ਮਾਮਲਿਆਂ ਵਿੱਚ ਕੁੱਲ ਛੇ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਹੈ ਅਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ ਇੱਕ ਹੈਂਡ ਗ੍ਰਨੇਡ ਅਤੇ ਇੱਕ 9 ਐਮਐਮ ਪਿਸਤੌਲ ਸਮੇਤ ਪੰਜ ਜ਼ਿੰਦਾ ਕਾਰਤੂਸ ਬਰਾਮਦ ਕੀਤੇ ਹਨ।



ਪੁਲਿਸ ਅਦਾਰਿਆਂ 'ਤੇ ਹਮਲੇ ਦੀ ਸਾਜ਼ਿਸ਼ ਦੇ ਸਬੰਧ ਵਿੱਚ ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਨਵਦੀਪ ਸਿੰਘ ਵਾਸੀ ਫਤਿਹਗੜ੍ਹ ਕੋਰੋਟਾਨਾ, ਧਰਮਕੋਟ, ਮੋਗਾ; ਸੈਮੂਅਲ ਉਰਫ਼ ਸਾਮੂ ਤੇ ਸੰਦੀਪ ਸਿੰਘ ਉਰਫ਼ ਟਿੱਡੀ ਦੋਵੇਂ ਵਾਸੀ ਮੇਨੇਵਾਲਾ, ਮੋਗਾ ਵਜੋਂ ਕੀਤੀ ਗਈ ਹੈ।

ਖਾਸਾ ਛਾਉਣੀ ਵਿਖੇ ਆਈਈਡੀ ਧਮਾਕੇ ਨੂੰ ਅੰਜਾਮ ਦੇਣ ਲਈ ਗ੍ਰਿਫ਼ਤਾਰ ਕੀਤੇ ਗਏ ਤਿੰਨ ਕਾਰਕੁਨਾਂ ਦੀ ਪਛਾਣ ਰਮਨਦੀਪ ਸਿੰਘ, ਜੱਜਪ੍ਰੀਤ ਸਿੰਘ ਅਤੇ ਅਰਸ਼ਦੀਪ ਸਿੰਘ ਉਰਫ਼ ਕੇਕੜਾ ਤਿੰਨੋਂ ਵਾਸੀ ਪੁਰਾਣੀ ਦਾਣਾ ਮੰਡੀ, ਅਟਾਰੀ, ਅੰਮ੍ਰਿਤਸਰ ਵਜੋਂ ਕੀਤੀ ਗਈ ਹੈ।

ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਮੁੱਢਲੀ ਜਾਂਚ ਦੌਰਾਨ ਇਸ ਮਾਡਿਊਲ ਦੇ ਵਿਦੇਸ਼ੀ ਤਸਕਰਾਂ ਅਤੇ ਆਈਐਸਆਈ ਦੇ ਕਾਰਕੁਨਾਂ ਨਾਲ ਕਥਿਤ ਸਬੰਧ ਸਾਹਮਣੇ ਆਏ ਹਨ ਅਤੇ ਪੂਰੇ ਨੈੱਟਵਰਕ ਦਾ ਪਰਦਾਫਾਸ਼ ਕਰਨ ਦੇ ਨਾਲ-ਨਾਲ ਅਗਲੇ-ਪਿਛਲੇ ਸਬੰਧਾਂ ਦਾ ਪਤਾ ਲਗਾਉਣ ਲਈ ਅਗਲੇਰੀ ਜਾਂਚ ਜਾਰੀ ਹੈ।

ਇਸ ਆਪਰੇਸ਼ਨ ਬਾਰੇ ਜਾਣਕਾਰੀ ਦਿੰਦਿਆਂ, ਇੰਸਪੈਕਟਰ ਜਨਰਲ ਆਫ਼ ਪੁਲਿਸ (ਆਈਜੀਪੀ) ਬਾਰਡਰ ਰੇਂਜ ਗੁਰਪ੍ਰੀਤ ਸਿੰਘ ਭੁੱਲਰ ਨੇ ਦੱਸਿਆ ਕਿ ਸਰਹੱਦ ਪਾਰਲੇ ਹੈਂਡਲਰਾਂ ਦੇ ਗੁਰਗਿਆਂ ਵੱਲੋਂ ਪੁਲਿਸ ਅਦਾਰਿਆਂ 'ਤੇ ਹਮਲਾ ਕਰਕੇ ਅਮਨ-ਸ਼ਾਂਤੀ ਭੰਗ ਕਰਨ ਦੀ ਸਾਜ਼ਿਸ਼ ਰਚਣ ਸਬੰਧੀ ਕੇਂਦਰੀ ਏਜੰਸੀਆਂ ਤੋਂ ਮਿਲੀ ਭਰੋਸੇਯੋਗ ਜਾਣਕਾਰੀ ਦੇ ਆਧਾਰ 'ਤੇ ਤੁਰੰਤ ਕਾਰਵਾਈ ਕਰਦਿਆਂ ਅੰਮ੍ਰਿਤਸਰ ਦਿਹਾਤੀ ਪੁਲਿਸ ਦੀਆਂ ਟੀਮਾਂ ਨੇ ਇੱਕ ਮੋਟਰਸਾਈਕਲ ਨੂੰ ਰੋਕਿਆ ਅਤੇ ਨਵਦੀਪ ਸਿੰਘ ਨੂੰ ਉਸਦੇ ਸਾਥੀਆਂ ਸੈਮੂਅਲ ਉਰਫ਼ ਸਾਮੂ ਅਤੇ ਸੰਦੀਪ ਸਿੰਘ ਉਰਫ਼ ਟਿੱਡੀ ਸਮੇਤ ਕਾਬੂ ਕਰ ਲਿਆ। ਤਲਾਸ਼ੀ ਦੌਰਾਨ ਉਨ੍ਹਾਂ ਕੋਲੋਂ ਇੱਕ ਹੈਂਡ ਗ੍ਰਨੇਡ ਅਤੇ ਇੱਕ 9ਐਮਐਮ ਪਿਸਤੌਲ ਸਮੇਤ ਪੰਜ ਜ਼ਿੰਦਾ ਕਾਰਤੂਸ ਬਰਾਮਦ ਕੀਤੇ। ਇਸ ਸਬੰਧੀ, ਥਾਣਾ ਘਰਿੰਡਾ ਵਿਖੇ ਵਿਸਫੋਟਕ ਪਦਾਰਥ ਐਕਟ ਦੀਆਂ ਧਾਰਾਵਾਂ 3, 4 ਅਤੇ 5 ਅਤੇ ਅਸਲਾ ਐਕਟ ਦੀ ਧਾਰਾ 25 ਤਹਿਤ ਮਿਤੀ 11.10.2026 ਨੂੰ ਐਫਆਈਆਰ ਨੰਬਰ 441 ਦਰਜ ਕੀਤੀ ਗਈ ਹੈ।

ਆਈਜੀਪੀ ਨੇ ਅੱਗੇ ਦੱਸਿਆ ਕਿ ਇਸ ਆਪਰੇਸ਼ਨ ਦੌਰਾਨ 5 ਮਈ 2026 ਦੀ ਰਾਤ ਨੂੰ ਕਰੀਬ 11 ਵਜੇ ਕੈਂਟ ਖਾਸਾ ਸਥਿਤ ਬ੍ਰਿਗੇਡ ਸਕਿਓਰਿਟੀ ਦੀ ਕੰਧ 'ਤੇ ਹੋਏ ਆਈਈਡੀ ਧਮਾਕੇ ਦੇ ਮਾਮਲੇ ਦੀ ਗੁੱਥੀ ਵੀ ਸੁਲਝਾ ਲਈ ਹੈ। ਉਨ੍ਹਾਂ ਦੱਸਿਆ ਕਿ ਇਸ ਅਣਸੁਲਝੇ ਧਮਾਕੇ ਦੇ ਮਾਮਲੇ ਨੂੰ ਸੁਲਝਾਉਣ ਲਈ, ਅੰਮ੍ਰਿਤਸਰ ਦਿਹਾਤੀ ਦੇ ਐਸਐਸਪੀ ਕੰਵਲਪ੍ਰੀਤ ਸਿੰਘ ਚਾਹਲ ਨੇ ਇੱਕ ਵਿਸ਼ੇਸ਼ ਜਾਂਚ ਟੀਮ (ਐਸਆਈਟੀ) ਦਾ ਗਠਨ ਕੀਤਾ ਸੀ, ਜਿਸ ਵਿੱਚ ਐਸਪੀ (ਜਾਂਚ) ਰਮਨਦੀਪ ਸਿੰਘ, ਐਸਪੀ ਆਪਰੇਸ਼ਨਜ਼ ਗਗਨਦੀਪ ਸਿੰਘ, ਡੀਐਸਪੀ ਡਿਟੈਕਟਿਵ ਗੁਰਿੰਦਰਪਾਲ ਸਿੰਘ ਨਾਗਰਾ ਅਤੇ ਡੀਐਸਪੀ ਅਟਾਰੀ ਯਾਦਵਿੰਦਰ ਸਿੰਘ ਸ਼ਾਮਲ ਸਨ।

ਐਸਐਸਪੀ ਕੰਵਲਪ੍ਰੀਤ ਚਾਹਲ ਨੇ ਦੱਸਿਆ ਕਿ ਸੀਆਈਏ ਇੰਚਾਰਜ ਇੰਸਪੈਕਟਰ ਮਨਮੀਤ ਸਿੰਘ ਅਤੇ ਘਰਿੰਡਾ ਥਾਣੇ ਦੇ ਐਸਐਚਓ ਇੰਸਪੈਕਟਰ ਅਮਨਦੀਪ ਸਿੰਘ ਦੀ ਅਗਵਾਈ ਵਾਲੀਆਂ ਟੀਮਾਂ ਵੱਲੋਂ ਬਾਰੀਕੀ ਨਾਲ ਕੀਤੀ ਜਾਂਚ ਅਤੇ ਤਕਨੀਕੀ ਢੰਗ ਨਾਲ ਕੀਤੀ ਟਰੈਕਿੰਗ ਸਦਕਾ ਮੁਲਜ਼ਮ ਰਮਨਦੀਪ ਸਿੰਘ, ਜੱਜਪ੍ਰੀਤ ਸਿੰਘ ਅਤੇ ਅਰਸ਼ਦੀਪ ਸਿੰਘ ਉਰਫ਼ ਕੇਕੜਾ ਨੂੰ ਸਫਲਤਾਪੂਰਵਕ ਕਾਬੂ ਕਰ ਲਿਆ ਗਿਆ ਹੈ।

ਇਸ ਸਬੰਧ ਵਿੱਚ, ਥਾਣਾ ਘਰਿੰਡਾ ਵਿਖੇ ਵਿਸਫੋਟਕ ਪਦਾਰਥ ਐਕਟ ਦੀਆਂ ਧਾਰਾਵਾਂ 3, 4 ਅਤੇ 5 ਅਤੇ ਗੈਰ-ਕਾਨੂੰਨੀ ਗਤੀਵਿਧੀਆਂ (ਰੋਕੂ) ਐਕਟ (ਯੂਏਪੀਏ) ਦੀ ਧਾਰਾ 13 ਤਹਿਤ ਮਿਤੀ 06.05.2026 ਨੂੰ ਐਫਆਈਆਰ ਨੰਬਰ 174 ਪਹਿਲਾਂ ਹੀ ਦਰਜ ਹੈ।

# ਖੇਡਾਂ ਸਾਡੇ ਜੀਵਨ ਦਾ ਅਨਿੱਖੜਵਾਂ ਅੰਗ ਹਨ: ਕੁਲਵੰਤ ਸਿੰਘ ਬਾਜੀਗਰ



**ਪਾਤੜਾਂ, 17 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸ਼ਹੀਦ ਭਗਤ ਸਿੰਘ ਸਪੋਰਟਸ ਕਲੱਬ ਖਾਨੇਵਾਲ ਵੱਲੋਂ ਧੰਨ ਧੰਨ ਬਾਬਾ ਕਾਲਾ ਮਹਿਰ ਸੰਧੂ ਦੀ ਯਾਦ ਵਿੱਚ 7ਵਾਂ ਕਬੱਡੀ ਕੱਪ ਕਰਵਾਇਆ ਗਿਆ । ਇਸ ਮੌਕੇ ਮੁੱਖ ਮਹਿਮਾਨ ਵਜੋਂ ਪਹੁੰਚੇ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਵੱਲੋਂ ਖਿਡਾਰੀਆਂ ਨਾਲ ਮੁਲਾਕਾਤ ਕੀਤੀ । ਇਸ ਮੌਕੇ ਵਿਧਾਇਕ ਕੁਲਵੰਤ ਸਿੰਘ ਬਾਜੀਗਰ ਨੇ ਕਿਹਾ ਕਿ ਖੇਡਾਂ ਸਾਡੇ ਜੀਵਨ ਦਾ ਅਨਿੱਖੜਵਾਂ ਅੰਗ ਹਨ ਜਿਸ ਨਾਲ ਸਾਡੀ ਨੌਜਵਾਨ ਪੀੜ੍ਹੀ ਨੂੰ ਸਰੀਰਕ ਤੰਦਰੁਸਤੀ ਦੇ ਨਾਲ ਮਾਨਸਿਕ ਤੌਰ ਤੇ ਮਜ਼ਬੂਤੀ ਮਿਲਦੀ ਹੈ ।

ਵਿਧਾਇਕ ਕੁਲਵੰਤ ਸਿੰਘ ਨੇ ਦੱਸਿਆ ਹੈ ਮਾਨ ਸਰਕਾਰ ਨੇ ਪੰਜਾਬ ਦੇ ਨੌਜਵਾਨਾਂ ਨੂੰ ਖੇਡਾਂ ਵੱਲ ਆਕਰਸ਼ਿਤ ਕਰਨ ਲਈ ਸੂਬੇ ਅੰਦਰ ਹਜ਼ਾਰਾਂ ਦੀ ਗਿਣਤੀ ਵਿੱਚ ਸਟੇਡੀਅਮ ਬਣਾਏ ਹਨ ਤਾਂ ਕਿ ਪੰਜਾਬ ਦੀ ਜਵਾਨੀ ਖੇਡਾਂ ਵਿੱਚ ਮੱਲਾਂ ਮਾਰ ਸਕੇ। ਇਸ ਮੌਕੇ ਕਲੱਬ ਦੇ ਅਹੁਦੇਦਾਰਾਂ ਅਤੇ ਵਰਿੰਦਰ ਸਿੰਘ ਸੰਧੂ ( ਸੰਧੂ ਜਵੈਲਰਜ਼ ਪਾਤੜਾਂ ) ਵੱਲੋਂ ਵਿਧਾਇਕ ਕੁਲਵੰਤ ਸਿੰਘ ਬਾਜੀਗਰ ਦਾ ਸਨਮਾਨ ਕੀਤਾ ਗਿਆ । ਇਸ ਮੌਕੇ ਮਿੱਠੂ ਸਿੰਘ ਪ੍ਰਧਾਨ ਨਗਰ ਪੰਚਾਇਤ ਘੱਗਾ , ਸਕਤੀ ਗੋਇਲ ਸੀਨੀਅਰ ਮੀਤ ਪ੍ਰਧਾਨ ਨਗਰ ਪੰਚਾਇਤ ਘੱਗਾ ,ਰਣਜੀਤ ਸਿੰਘ ਪ੍ਰਧਾਨ ਟਰੱਕ ਯੂਨੀਅਨ ਪਾਤੜਾਂ, ਗੁਰਬੰਤ ਸਿੰਘ ਪੰਨੂ ਕੌਂਸਲਰ ਘੱਗਾ , ਮਨੀ ਘੱਗਾ, ਹੈਰੀ ਪੰਨੂ , ਗੋਲਡੀ ਕਾਹਨਗੜ੍ਹ, ਸਰਪੰਚ ਤਲਵਿੰਦਰ ਸਿੰਘ ਮੌਲਵੀਵਾਲਾ, ਸਰਪੰਚ ਜਗਦੀਪ ਸਿੰਘ ਬੂਰੜ, ਅੰਮ੍ਰਿਤ ਸਿੰਘ , ਸਰਪੰਚ ਕੁਲਦੀਪ ਸਿੰਘ ਕੋਟਲੀ, ਸਰਪੰਚ ਹਰਜਿੰਦਰ ਸਿੰਘ ਕਾਠ, ਹਰਭਜਨ ਸਿੰਘ , ਪਾਰਸ ਪੀਏ, ਲਾਭ ਸਿੰਘ ਡਰੌਲੀ , ਸਰਪੰਚ ਕਰਨੈਲ ਸਿੰਘ ਨਾਮਸੋਤ , ਸਰਪੰਚ ਜਗਨਾ ਰਾਮ ਸੁਭਾਸ ਨਗਰ ਹਾਜ਼ਰ ਸਨ ।

# ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਦੀ ਹਰ ਜਾਇਜ਼ ਮੰਗ ਦਾ ਤਰਜੀਹੀ ਆਧਾਰ 'ਤੇ ਹੋਵੇਗਾ ਨਿਪਟਾਰਾ: ਡਾ. ਬਲਜੀਤ ਕੌਰ



**ਚੰਡੀਗੜ੍ਹ, 17 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸਮਾਜ ਦੇ ਹਰ ਵਰਗ ਦੀ ਭਲਾਈ ਨੂੰ ਵਿਸ਼ੇਸ਼ ਤਰਜੀਹ ਦਿੰਦਿਆਂ ਆਂਗਣਵਾੜੀ ਵਰਕਰਾਂ ਅਤੇ ਹੈਲਪਰਾਂ ਦੇ ਹਿੱਤਾਂ ਦੀ ਰਾਖੀ ਲਈ ਵੀ ਪੂਰੀ ਗੰਭੀਰਤਾ ਅਤੇ ਸੰਵੇਦਨਸ਼ੀਲਤਾ ਨਾਲ ਕੰਮ ਕਰ ਰਹੀ ਹੈ। ਇਸੇ ਕੜੀ ਤਹਿਤ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਅੱਜ ਪੰਜਾਬ ਸਿਵਲ ਸਕੱਤਰੇਤ ਵਿਖੇ ਆਪਣੇ ਦਫ਼ਤਰ ਵਿੱਚ ਆਂਗਣਵਾੜੀ ਵਰਕਰਾਂ ਅਤੇ ਹੈਲਪਰਾਂ ਦੀਆਂ ਜਥੇਬੰਦੀਆਂ ਨਾਲ ਮੀਟਿੰਗ ਕਰਦਿਆਂ ਭਰੋਸਾ ਦਿੱਤਾ ਕਿ ਉਨ੍ਹਾਂ ਦੀ ਹਰ ਜਾਇਜ਼ ਮੰਗ ਦਾ ਤਰਜੀਹੀ ਆਧਾਰ 'ਤੇ ਨਿਪਟਾਰਾ ਯਕੀਨੀ ਬਣਾਇਆ ਜਾਵੇਗਾ।

ਮੀਟਿੰਗ ਦੌਰਾਨ ਕੈਬਨਿਟ ਮੰਤਰੀ ਨੇ ਜਥੇਬੰਦੀਆਂ ਦੇ ਨੁਮਾਇੰਦਿਆਂ ਵੱਲੋਂ ਉਠਾਏ ਗਏ ਹਰ ਮੁੱਦੇ ਅਤੇ ਸੁਝਾਅ ਨੂੰ ਬੜੇ ਧਿਆਨ ਅਤੇ ਗੰਭੀਰਤਾ ਨਾਲ ਸੁਣਿਆ। ਇਹ ਮੀਟਿੰਗ ਆਪਸੀ ਵਿਸ਼ਵਾਸ, ਸੁਖਾਵੇਂ ਮਾਹੌਲ ਅਤੇ ਉਸਾਰੂ ਵਿਚਾਰ-ਵਟਾਂਦਰੇ ਵਿੱਚ ਸੰਪੰਨ ਹੋਈ, ਜਿਸ ਨੇ ਸਰਕਾਰ ਅਤੇ ਆਂਗਣਵਾੜੀ ਕਰਮਚਾਰੀਆਂ ਦਰਮਿਆਨ ਬਿਹਤਰ ਤਾਲਮੇਲ ਨੂੰ ਹੋਰ ਮਜ਼ਬੂਤ ਕੀਤਾ।

ਡਾ. ਬਲਜੀਤ ਕੌਰ ਨੇ ਕਿਹਾ ਕਿ ਜਿਹੜੇ ਮਾਮਲੇ ਵਿਭਾਗੀ ਪੱਧਰ 'ਤੇ ਹੱਲ ਕੀਤੇ ਜਾ ਸਕਦੇ ਹਨ, ਉਨ੍ਹਾਂ ਦਾ ਨਿਪਟਾਰਾ ਬਿਨਾਂ ਕਿਸੇ ਬੇਲੋੜੀ ਦੇਰੀ ਦੇ ਕੀਤਾ ਜਾਵੇਗਾ, ਜਦਕਿ ਸਰਕਾਰ ਪੱਧਰ 'ਤੇ ਵਿਚਾਰਯੋਗ ਮੰਗਾਂ ਨੂੰ ਵੀ ਪਹਿਲ ਦੇ ਆਧਾਰ 'ਤੇ ਜਲਦ ਹੱਲ ਕਰਵਾਉਣ ਲਈ ਹਰ ਸੰਭਵ ਯਤਨ ਕੀਤੇ ਜਾਣਗੇ।

ਉਨ੍ਹਾਂ ਕਿਹਾ ਕਿ ਆਂਗਣਵਾੜੀ ਵਰਕਰ ਅਤੇ ਹੈਲਪਰ ਮਾਵਾਂ, ਬੱਚਿਆਂ ਅਤੇ ਸਮਾਜ ਦੇ ਕਮਜ਼ੋਰ ਵਰਗਾਂ ਤੱਕ ਸਰਕਾਰੀ ਭਲਾਈ ਸਕੀਮਾਂ ਦੀ ਪਹੁੰਚ ਯਕੀਨੀ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾ ਰਹੇ ਹਨ। ਉਨ੍ਹਾਂ ਦੀ ਨਿਸ਼ਠਾ, ਮਿਹਨਤ ਅਤੇ ਸਮਰਪਣ ਸੂਬੇ ਦੇ ਸਮਾਜਿਕ ਵਿਕਾਸ ਦੀ ਮਜ਼ਬੂਤ ਨੀਂਹ ਹੈ।
ਪੰਜਾਬ ਸਰਕਾਰ ਉਨ੍ਹਾਂ ਦੀ ਸੇਵਾ ਦਾ ਪੂਰਾ ਸਨਮਾਨ ਕਰਦੀ ਹੈ ਅਤੇ ਉਨ੍ਹਾਂ ਦੇ ਜਾਇਜ਼ ਹੱਕਾਂ ਦੀ ਰਾਖੀ ਲਈ ਹਮੇਸ਼ਾ ਵਚਨਬੱਧ ਰਹੇਗੀ।

ਕੈਬਨਿਟ ਮੰਤਰੀ ਨੇ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਜਥੇਬੰਦੀਆਂ ਵੱਲੋਂ ਉਠਾਏ ਗਏ ਜਾਇਜ਼ ਮਾਮਲਿਆਂ ਦੀ ਤੁਰੰਤ ਜਾਂਚ ਕਰਕੇ ਨਿਰਧਾਰਤ ਸਮੇਂ ਅੰਦਰ ਲੋੜੀਂਦੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇ ਅਤੇ ਜਥੇਬੰਦੀਆਂ ਨਾਲ ਨਿਰੰਤਰ ਸੰਵਾਦ ਬਣਾਈ ਰੱਖਿਆ ਜਾਵੇ।

ਮੀਟਿੰਗ ਦਾ ਸਮਾਪਨ ਆਪਸੀ ਵਿਸ਼ਵਾਸ ਅਤੇ ਸਕਾਰਾਤਮਕ ਸਹਿਮਤੀ ਦੇ ਮਾਹੌਲ ਵਿੱਚ ਹੋਇਆ। ਇਸ ਮੌਕੇ ਡਾ. ਬਲਜੀਤ ਕੌਰ ਨੇ ਦੁਹਰਾਇਆ ਕਿ ਪੰਜਾਬ ਸਰਕਾਰ ਪਾਰਦਰਸ਼ੀ ਪ੍ਰਸ਼ਾਸਨ, ਉਸਾਰੂ ਸੰਵਾਦ ਅਤੇ ਲੋਕ-ਪੱਖੀ ਸੋਚ ਨਾਲ ਆਂਗਣਵਾੜੀ ਵਰਕਰਾਂ ਅਤੇ ਹੈਲਪਰਾਂ ਦੇ ਜਾਇਜ਼ ਹਿੱਤਾਂ ਦੀ ਰਾਖੀ ਲਈ ਨਿਰੰਤਰ ਕਾਰਜਸ਼ੀਲ ਰਹੇਗੀ।

ਇਸ ਮੀਟਿੰਗ ਵਿੱਚ ਵਿਧਾਇਕ ਸ੍ਰੀ ਜਗਦੀਪ ਕੰਬੋਜ ਗੋਲਡੀ, ਸ੍ਰੀ ਨਰਿੰਦਰ ਪਾਲ ਸਿੰਘ ਸਵਨਾ ਤੋਂ ਇਲਾਵਾ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਵਿਭਾਗ ਦੇ ਪ੍ਰਮੁੱਖ ਸਕੱਤਰ ਸ੍ਰੀ ਗੁਰਕਿਰਤ ਕਿਰਪਾਲ ਸਿੰਘ, ਡਾਇਰੈਕਟਰ ਡਾ. ਸ਼ੇਨਾ ਅਗਰਵਾਲ ਅਤੇ ਵਿਭਾਗ ਦੇ ਹੋਰ ਸੀਨੀਅਰ ਅਧਿਕਾਰੀ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

# ਸ੍ਰੀ ਅਨੰਦਪੁਰ ਸਾਹਿਬ ਦੀਆਂ ਸਰਾਵਾਂ ਵਿਖੇ ਪਹੁੰਚੀ ਅਮਰਜੀਤ ਸਿੰਘ ਚਾਵਲਾ ਮਾਮਲੇ ਦੀ ਜਾਂਚ ਕਰ ਰਹੀ ਵਿਸ਼ੇਸ਼ ਜਾਂਚ ਟੀਮ

**ਸ੍ਰੀ ਅਨੰਦਪੁਰ ਸਾਹਿਬ, 17 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਅਮਰਜੀਤ ਸਿੰਘ ਚਾਵਲਾ ਮਾਮਲੇ ਨੂੰ ਲੈ ਕੇ ਗਠਿਤ ਵਿਸ਼ੇਸ਼ ਜਾਂਚ ਟੀਮ (ਸਿੱਟ) ਵੱਲੋਂ ਅੱਜ ਸ੍ਰੀ ਅਨੰਦਪੁਰ ਸਾਹਿਬ ਦੀਆਂ ਸਰਾਵਾਂ ਵਿਖੇ ਪਹੁੰਚ ਕੇ ਮਾਮਲੇ ਦੀ ਜਾਂਚ ਅੱਗੇ ਵਧਾਈ ਗਈ। ਸਿੱਟ ਵੱਲੋਂ ਪੀੜਤ ਬੀਬੀ ਦੇ ਬਿਆਨ ਦਰਜ ਕਰਨ ਦੇ ਨਾਲ-ਨਾਲ ਉਨ੍ਹਾਂ ਥਾਵਾਂ ਦਾ ਦੌਰਾ ਵੀ ਕੀਤਾ ਗਿਆ। ਟੀਮ ਨੇ ਪਹਿਲਾਂ ਮਿਲੇ ਜਾਂਚ ਰਿਕਾਰਡ ਦੀ ਘੋਖ ਕਰਨ ਉਪਰੰਤ ਮਾਮਲੇ ਦੇ ਤੱਥਾਂ ਅਤੇ ਸਬੂਤਾਂ ਨੂੰ ਇਕੱਠਾ ਕਰਨ ਦੀ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਹੈ।

ਮੀਡੀਆ ਨਾਲ ਗੱਲਬਾਤ ਕਰਦਿਆਂ ਸਿੱਟ ਚੇਅਰਮੈਨ ਅਤੇ ਐਸਐਸਪੀ ਫਰੀਦਕੋਟ ਸ੍ਰੀ ਗੁਰਬੰਸ ਸਿੰਘ ਬੈਂਸ ਨੇ ਦੱਸਿਆ ਕਿ ਸ੍ਰੀ ਅਨੰਦਪੁਰ ਸਾਹਿਬ ਪੁਲਿਸ ਵੱਲੋਂ ਮਾਮਲੇ ਨਾਲ ਸਬੰਧਤ ਰਿਕਾਰਡ ਸਿੱਟ ਨੂੰ ਸੌਂਪਿਆ ਗਿਆ ਸੀ। ਇਸ ਰਿਕਾਰਡ ਦੀ ਜਾਂਚ ਕਰਨ ਤੋਂ ਬਾਅਦ ਟੀਮ ਨੇ ਪੀੜਤ ਬੀਬੀ ਦੇ ਬਿਆਨ ਦਰਜ ਕੀਤੇ ਅਤੇ ਉਨ੍ਹਾਂ ਤੋਂ ਘਟਨਾਕ੍ਰਮ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਹਾਸਲ ਕੀਤੀ। ਇਸ ਤੋਂ ਬਾਅਦ ਟੀਮ ਨੇ ਉਨ੍ਹਾਂ ਸਾਰੀਆਂ ਥਾਵਾਂ ਦਾ ਦੌਰਾ ਕੀਤਾ, ਜਿੱਥੇ ਪੀੜਤ ਬੀਬੀ ਨੂੰ ਕਥਿਤ ਤੌਰ 'ਤੇ ਠਹਿਰਾਇਆ ਗਿਆ ਜਾਂ ਰੋਕਿਆ ਗਿਆ ਸੀ।



ਉਨ੍ਹਾਂ ਦੱਸਿਆ ਕਿ ਸਿੱਟ ਮਾਮਲੇ ਦੀ ਮੁੱਢਲੀ ਜਾਂਚ ਕਰ ਰਹੀ ਹੈ ਅਤੇ ਜਾਂਚ ਨੂੰ ਅੱਗੇ ਵਧਾਉਣ ਲਈ ਹੋਰ ਸਬੰਧਤ ਰਿਕਾਰਡ ਦੀ ਵੀ ਲੋੜ ਹੈ। ਇਸ ਸਬੰਧੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ (ਐਸਜੀਪੀਸੀ) ਨਾਲ ਤਾਲਮੇਲ ਕਰਕੇ ਲੋੜੀਂਦਾ ਰਿਕਾਰਡ ਪ੍ਰਾਪਤ ਕਰਨ ਦੀ ਕੋਸ਼ਿਸ਼ ਕੀਤੀ ਜਾਵੇਗੀ। ਉਨ੍ਹਾਂ ਸਪੱਸ਼ਟ ਕੀਤਾ ਕਿ ਜਾਂਚ ਦੌਰਾਨ ਸਾਹਮਣੇ ਆਉਣ ਵਾਲੇ ਤੱਥਾਂ ਅਤੇ ਸਬੂਤਾਂ ਦੇ ਆਧਾਰ 'ਤੇ ਅਗਲੀ ਕਾਰਵਾਈ ਕੀਤੀ ਜਾਵੇਗੀ।

ਸਿੱਟ ਚੇਅਰਮੈਨ ਅਤੇ ਐਸਐਸਪੀ ਗੁਰਬੰਸ ਸਿੰਘ ਬੈਂਸ ਨੇ ਦੱਸਿਆ ਕਿ ਕਾਨੂੰਨ ਦੀ ਨਜ਼ਰ ਵਿੱਚ ਕੋਈ ਵੀ ਵਿਅਕਤੀ ਛੋਟਾ ਜਾਂ ਵੱਡਾ ਨਹੀਂ ਹੈ। ਜੇਕਰ ਕਿਸੇ ਵਿਅਕਤੀ ਵਿਰੁੱਧ ਜੁਰਮ ਕਰਨ ਦੇ ਪੁਖ਼ਤਾ ਸਬੂਤ ਸਾਹਮਣੇ ਆਉਂਦੇ ਹਨ ਤਾਂ ਉਸ ਵਿਰੁੱਧ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਜਿਨ੍ਹਾਂ ਵਿਅਕਤੀਆਂ ਵਿਰੁੱਧ ਦੋਸ਼ ਲਗਾਏ ਗਏ ਹਨ, ਉਹ ਜਾਂਚ ਵਿੱਚ ਆਪਣਾ ਪੱਖ ਅਤੇ ਸਬੂਤ ਪੇਸ਼ ਕਰ ਸਕਦੇ ਹਨ।

ਉਨ੍ਹਾਂ ਇਹ ਵੀ ਦੱਸਿਆ ਕਿ ਸਿੱਟ ਆਪਣੀ ਜਾਂਚ ਪੂਰੀ ਕਾਨੂੰਨੀ ਪ੍ਰਕਿਰਿਆ ਅਤੇ ਨਿਯਮਾਂ ਦੀ ਪਾਲਣਾ ਕਰਦਿਆਂ ਕਰੇਗੀ। ਜਾਂਚ ਦੌਰਾਨ ਕਿਸੇ ਵੀ ਬੇਕਸੂਰ ਵਿਅਕਤੀ ਨਾਲ ਬੇਇਨਸਾਫ਼ੀ ਨਹੀਂ ਹੋਣ ਦਿੱਤੀ ਜਾਵੇਗੀ। ਸਿੱਟ ਦੇ ਗਠਨ ਦਾ ਮਕਸਦ ਮਾਮਲੇ ਦੀ ਡੂੰਘਾਈ ਨਾਲ ਜਾਂਚ ਕਰਕੇ ਤੱਥਾਂ ਨੂੰ ਸਾਹਮਣੇ ਲਿਆਉਣਾ ਅਤੇ ਪੀੜਤ ਨੂੰ ਇਨਸਾਫ਼ ਦਿਵਾਉਣ ਲਈ ਕਾਨੂੰਨ ਅਨੁਸਾਰ ਕਾਰਵਾਈ ਯਕੀਨੀ ਬਣਾਉਣਾ ਹੈ। ਉਨ੍ਹਾਂ ਦੱਸਿਆ ਕਿ ਮਾਮਲੇ ਦੀ ਜਾਂਚ ਹਾਲੇ ਮੁੱਢਲੇ ਪੜਾਅ 'ਤੇ ਹੈ। ਜਿਵੇਂ-ਜਿਵੇਂ ਤੱਥ ਅਤੇ ਸਬੂਤ ਸਾਹਮਣੇ ਆਉਣਗੇ, ਜਾਂਚ ਨੂੰ ਅੱਗੇ ਵਧਾਇਆ ਜਾਵੇਗਾ ਅਤੇ ਉਸ ਅਨੁਸਾਰ ਅਗਲੇ ਕਦਮ ਚੁੱਕੇ ਜਾਣਗੇ।

ਇਸ ਸਿੱਟ ਟੀਮ ਵਿੱਚ ਐਸਐਸਪੀ ਫਰੀਦਕੋਟ ਸ. ਗੁਰਬੰਸ ਸਿੰਘ ਬੈਂਸ ਤੋਂ ਇਲਾਵਾ ਐਸਐਸਪੀ ਵਿਜੀਲੈਂਸ ਮੋਹਾਲੀ ਸ. ਸਿਮਰਨਜੀਤ ਸਿੰਘ ਲੰਗ (ਮੈਂਬਰ) ਅਤੇ ਡੀਐਸਪੀ ਮੁੱਲਾਂਪੁਰ ਦਾਖਾ ਸ਼੍ਰੀ ਕਰਨ ਸੰਧੂ (ਮੈਂਬਰ) ਵੀ ਹਾਜ਼ਰ ਸਨ। ਇਸ ਤੋਂ ਇਲਾਵਾ ਇਸ ਮੌਕੇ ਡੀਐਸਪੀ ਸ੍ਰੀ ਅਨੰਦਪੁਰ ਸਾਹਿਬ ਸ. ਜਸ਼ਨਦੀਪ ਸਿੰਘ ਮਾਨ, ਐਸ.ਐਚ.ਓ ਸ੍ਰੀ ਅਨੰਦਪੁਰ ਸਾਹਿਬ ਸ਼੍ਰੀ ਜਤਿਨ ਕਪੂਰ ਅਤੇ ਐਸ.ਐਚ.ਓ ਕੀਰਤਪੁਰ ਸਾਹਿਬ ਸ਼੍ਰੀ ਰਾਹੁਲ ਸ਼ਰਮਾ ਵੀ ਹਾਜ਼ਰ ਸਨ।

ਸਿੱਟ ਵੱਲੋਂ ਮਾਮਲੇ ਦੀ ਜਾਂਚ ਜਾਰੀ ਹੈ ਅਤੇ ਅਗਲੀ ਕਾਰਵਾਈ ਜਾਂਚ ਦੌਰਾਨ ਸਾਹਮਣੇ ਆਉਣ ਵਾਲੇ ਤੱਥਾਂ ਅਤੇ ਸਬੂਤਾਂ ਦੇ ਆਧਾਰ 'ਤੇ ਕੀਤੀ ਜਾਵੇਗੀ।

# ਵਰਲਡ ਬੈਂਕ ਦੀ ਟੀਮ ਵੱਲੋਂ ਸਕੂਲ ਆਫ਼ ਐਮੀਨੈਂਸ ਖਡੂਰ ਸਾਹਿਬ ਦਾ ਦੌਰਾ



**ਤਰਨ ਤਾਰਨ, 17 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸਿੱਖਿਆ ਦੇ ਖੇਤਰ ਵਿੱਚ ਆਪਣੀ ਵਿਲੱਖਣ ਪਹਿਚਾਣ ਬਣਾ ਚੁੱਕੇ ਸਕੂਲ ਆਫ਼ ਐਮੀਨੈਂਸ, ਖਡੂਰ ਸਾਹਿਬ ਵਿਖੇ ਅੱਜ ਵਰਲਡ ਬੈਂਕ ਦੀ ਉੱਚ ਪੱਧਰੀ ਟੀਮ ਵੱਲੋਂ ਵਿਸ਼ੇਸ਼ ਦੌਰਾ ਕੀਤਾ ਗਿਆ। ਟੀਮ ਵਿੱਚ ਸੇਮ ਮੀਤੇ, ਸ਼ਹਿਰਜ਼ਾਦ ਜੋਯਾ, ਮੋਨਾਮੀ ਲਤੀਫ਼, ਮੇਘਨਾ ਸ਼ਰਮਾ, ਡਿਏਗੋ ਲੂਨਾ ਬਜ਼ਲਦੂਆ, ਨੇਹਾ ਵਿਆਸ, ਸੋਨੀਆ ਭਾਮਬਰੀ ਅਤੇ ਸੁਰੇਖਾ ਠਾਕੁਰ ਸ਼ਾਮਲ ਸਨ।

ਇਸ ਦੌਰੇ ਦੀ ਵਿਸ਼ੇਸ਼ ਗੱਲ ਇਹ ਰਹੀ ਕਿ ਇਹ ਪੂਰੀ ਤਰ੍ਹਾਂ ਵਿਦਿਆਰਥੀ-ਕੇਂਦਰਿਤ ਰਿਹਾ। ਟੀਮ ਦਾ ਨਿੱਘਾ ਸਵਾਗਤ ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ) ਮੰਗਤ ਸਿੰਘ, ਪ੍ਰਿੰਸੀਪਲ ਗੁਰਦੀਪ ਸਿੰਘ ਅਤੇ ਸਮੂਹ ਸਟਾਫ਼ ਵੱਲੋਂ ਕੀਤਾ ਗਿਆ।

ਦੌਰੇ ਦੌਰਾਨ ਟੀਮ ਨੇ ਸਕੂਲ ਦੀਆਂ ਅਤਿ-ਆਧੁਨਿਕ ਸਾਇੰਸ ਪ੍ਰਯੋਗਸ਼ਾਲਾਵਾਂ, ਕੰਪਿਊਟਰ ਲੈਬਾਂ ਅਤੇ ਲਾਇਬ੍ਰੇਰੀ ਦਾ ਨਿਰੀਖਣ ਕੀਤਾ। ਇਸ ਦੌਰਾਨ ਟੀਮ ਮੈਂਬਰਾਂ ਨੇ ਵਿਦਿਆਰਥੀਆਂ ਨਾਲ ਸਿੱਧੀ ਗੱਲਬਾਤ ਕੀਤੀ, ਉਨ੍ਹਾਂ ਦੀਆਂ ਵਿਸ਼ੇ ਸਬੰਧੀ ਮੁਸ਼ਕਲਾਂ ਅਤੇ ਵਿਚਾਰਾਂ ਨੂੰ ਸੁਣਿਆ। ਪ੍ਰਿੰਸੀਪਲ ਗੁਰਦੀਪ ਸਿੰਘ ਨੇ ਟੀਮ ਨੂੰ ਵਿਦਿਆਰਥੀਆਂ ਨੂੰ ਦਰਪੇਸ਼ ਚੁਣੌਤੀਆਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ।

ਟੀਮ ਨੇ ਸਕੂਲ ਮੈਨੇਜਮੈਂਟ ਕਮੇਟੀ ਦੇ ਮੈਂਬਰਾਂ ਨਾਲ ਵੀ ਵਿਸ਼ੇਸ਼ ਮੀਟਿੰਗ ਕਰਕੇ ਸਕੂਲ ਦੇ ਪ੍ਰਬੰਧ ਅਤੇ ਵਿਕਾਸ ਸਬੰਧੀ ਜਾਣਕਾਰੀ ਹਾਸਲ ਕੀਤੀ। ਵਿਦਿਆਰਥੀਆਂ ਵੱਲੋਂ ਤਿਆਰ ਕੀਤੀਆਂ ਵਸਤਾਂ ਅਤੇ ਹੱਥੀਂ ਬਣਾਏ ਤੋਹਫ਼ੇ ਦੇਖ ਕੇ ਟੀਮ ਨੇ ਖੁਸ਼ੀ ਦਾ ਪ੍ਰਗਟਾਵਾ ਕੀਤਾ।

ਅੰਤ ਵਿੱਚ ਵਰਲਡ ਬੈਂਕ ਟੀਮ ਦੇ ਮੁਖੀ ਨੇ ਸਕੂਲ ਪ੍ਰਬੰਧਨ ਦੀ ਬਿਹਤਰੀਨ ਕਾਰਗੁਜ਼ਾਰੀ ਅਤੇ ਸਕੂਲ ਦੀ ਸਾਫ਼-ਸਫਾਈ ਦੀ ਵਿਸ਼ੇਸ਼ ਤੌਰ 'ਤੇ ਸ਼ਲਾਘਾ ਕੀਤੀ।

ਇਸ ਮੌਕੇ ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ ਮੰਗਤ ਸਿੰਘ ਨੇ ਟੀਮ ਦਾ ਧੰਨਵਾਦ ਕਰਦਿਆਂ ਕਿਹਾ ਕਿ ਜ਼ਿਲ੍ਹੇ ਦੇ ਸਕੂਲਾਂ ਨੂੰ ਹੋਰ ਉਚਾਈਆਂ 'ਤੇ ਲਿਜਾਇਆ ਜਾਵੇਗਾ।

# ਅਕਾਲੀ ਦਲ ਵਾਰਿਸ ਪੰਜਾਬ ਦੇ ਆਗੂ ਦਲਵੀਰ ਸਿੰਘ ਜਟਾਣਾ ਅਤੇ ਭਰਾ ਪਵਨ ਸਿੰਘ ਵਿਚਕਾਰ ਮਨਮੁਟਾਅ ਦੂਰ, ਦੋਵੇਂ ਭਰਾ ਮਿਲ ਕੇ ਕਰਨਗੇ ਚੋਣ ਪ੍ਰਚਾਰ




**ਰੂਪਨਗਰ, 17 ਅਕਤੂਬਰ-**
**-ਕੌਮੀ ਪੱਤ੍ਰਿਕਾ ਬਿਊਰੋ-**

ਅਕਾਲੀ ਦਲ ਵਾਰਿਸ ਪੰਜਾਬ ਦੇ ਵਿਧਾਨ ਸਭਾ ਹਲਕਾ ਰੋਪੜ ਦੇ ਆਗੂ ਦਲਵੀਰ ਸਿੰਘ ਜਟਾਣਾ ਅਤੇ ਉਨ੍ਹਾਂ ਦੇ ਭਰਾ ਪਵਨ ਸਿੰਘ ਵਿਚਕਾਰ ਚੱਲ ਰਿਹਾ ਮਨਮੁਟਾਅ ਦੂਰ ਹੋ ਗਿਆ ਹੈ। ਦੋਵੇਂ ਭਰਾਵਾਂ ਵਿਚਕਾਰ ਆਪਸੀ ਸਹਿਮਤੀ ਬਣਨ ਤੋਂ ਬਾਅਦ ਹੁਣ ਉਹ ਇਕੱਠੇ ਹੋ ਕੇ ਚੋਣ ਪ੍ਰਚਾਰ ਕਰਨਗੇ।

ਦੋਵੇਂ ਭਰਾਵਾਂ ਦੇ ਮੁੜ ਇਕੱਠੇ ਹੋਣ ਨਾਲ ਪਰਿਵਾਰਕ ਏਕਤਾ ਨੂੰ ਮਜ਼ਬੂਤੀ ਮਿਲੀ ਹੈ। ਹੁਣ ਦਲਵੀਰ ਸਿੰਘ ਜਟਾਣਾ ਅਤੇ ਪਵਨ ਸਿੰਘ ਮਿਲ ਕੇ ਪਾਰਟੀ ਦੀਆਂ ਸਿਆਸੀ ਸਰਗਰਮੀਆਂ ਵਿੱਚ ਹਿੱਸਾ ਲੈਣਗੇ ਅਤੇ ਚੋਣ ਪ੍ਰਚਾਰ ਨੂੰ ਅੱਗੇ ਵਧਾਉਣਗੇ।

ਹਲਕਾ ਰੋਪੜ ਦੀ ਸਿਆਸਤ ਵਿੱਚ ਦੋਵੇਂ ਭਰਾਵਾਂ ਦੇ ਇਕੱਠੇ ਹੋਣ ਨੂੰ ਅਹਿਮ ਘਟਨਾਕ੍ਰਮ ਵਜੋਂ ਦੇਖਿਆ ਜਾ ਰਿਹਾ ਹੈ। ਮਨਮੁਟਾਅ ਦੂਰ ਹੋਣ ਨਾਲ ਦੋਵੇਂ ਭਰਾ ਹੁਣ ਆਪਸੀ ਸਹਿਯੋਗ ਨਾਲ ਆਪਣੀਆਂ ਸਰਗਰਮੀਆਂ ਜਾਰੀ ਰੱਖਣਗੇ। ਇਸ ਬਾਰੇ ਜਾਣਕਾਰੀ ਦਿੰਦੇ ਹੋਏ ਭਾਈ ਦਲਵੀਰ ਸਿੰਘ ਜਟਾਣਾ ਨੇ ਦੱਸਿਆ ਕਿ ਪਿੰਡ ਗੁੰਨੋ ਮਾਜਰਾ ਵਿਖੇ ਪਿੰਡ ਵਾਸੀਆਂ ਤੇ ਨੌਜਵਾਨਾਂ ਨਾਲ ਮੀਟਿੰਗ ਕੀਤੀ ਗਈ । ਭਾਈ ਦਲਵੀਰ ਸਿੰਘ ਜਟਾਣਾ ਨੇ ਦੱਸਿਆ ਕਿ ਭਰਾ ਪਵਨ ਸਿੰਘ ਨਾਲ ਪਿਛਲੇ ਦਿਨੀਂ ਕੁਝ ਮਨਮੁਟਾਪ ਚੱਲ ਰਿਹਾ ਸੀ ਅਤੇ ਹੁਣ ਦੋਵੇਂ ਭਰਾ ਮਿਲ ਕੇ ਵਿਧਾਨ ਸਭਾ ਹਲਕਾ ਰੋਪੜ ਵਿੱਚ ਚੋਣ ਪ੍ਰਚਾਰ ਕਰਨਗੇ।

# ਜੈਪੁਰ ਰਗਜ਼ ਵੱਲੋਂ ਸਾਲਾਨਾ ਸੇਲ-2026 ਦਾ ਐਲਾਨ

**ਜਲੰਧਰ, 17 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਹੱਥ ਨਾਲ ਬਣੇ ਰਗਜ਼ ਅਤੇ ਗਲੀਚਿਆਂ ਦੇ ਖੇਤਰ ਵਿੱਚ ਭਾਰਤ ਦੇ ਪ੍ਰਮੁੱਖ ਬ੍ਰਾਂਡਾਂ ਵਿੱਚੋਂ ਇੱਕ ਜੈਪੁਰ ਰਗਜ਼ ਵੱਲੋਂ ਸਾਲਾਨਾ ਸੇਲ-2026 ਦਾ ਐਲਾਨ ਕੀਤਾ ਗਿਆ ਹੈ। ਇਸ ਸਾਲ ਦੀ ਸੇਲ ਦੌਰਾਨ ਗਾਹਕਾਂ ਲਈ ਵੱਖ-ਵੱਖ ਕਾਰੀਗਰੀ, ਡਿਜ਼ਾਈਨਾਂ, ਤਕਨੀਕਾਂ ਅਤੇ ਕੀਮਤਾਂ ਦੇ ਵਿਕਲਪਾਂ ਵਾਲਾ ਵਿਸ਼ਾਲ ਸੰਗ੍ਰਹਿ ਪੇਸ਼ ਕੀਤਾ ਜਾਵੇਗਾ, ਜਿਸ 'ਤੇ 60 ਫ਼ੀਸਦੀ ਤੱਕ ਦੀ ਛੋਟ ਮਿਲੇਗੀ। ਇਸ ਸਾਲ ਜੈਪੁਰ ਰਗਜ਼ ਦੀ ਸੇਲ ਦਾ ਮਕਸਦ ਸਿਰਫ਼ ਗਾਹਕਾਂ ਨੂੰ ਆਕਰਸ਼ਕ ਕੀਮਤਾਂ 'ਤੇ ਉਤਪਾਦ ਮੁਹੱਈਆ ਕਰਵਾਉਣਾ ਹੀ ਨਹੀਂ, ਸਗੋਂ ਸਮਾਜਿਕ ਤੌਰ 'ਤੇ ਸਾਰਥਕ ਯੋਗਦਾਨ ਪਾਉਣਾ ਵੀ ਹੈ। ਇਸ ਪਹਿਲ ਤਹਿਤ ਸੇਲ ਦੀ ਵਿਕਰੀ ਵਿੱਚੋਂ ਇੱਕ ਨਿਸ਼ਚਿਤ ਰਕਮ ਸਾਈਕਲ ਫੰਡ ਲਈ ਦਿੱਤੀ ਜਾਵੇਗੀ। ਇਸ ਫੰਡ ਰਾਹੀਂ ਪੇਂਡੂ ਇਲਾਕਿਆਂ ਦੀਆਂ ਉਨ੍ਹਾਂ ਲੜਕੀਆਂ ਦੀ ਮਦਦ ਕੀਤੀ ਜਾਵੇਗੀ, ਜਿਨ੍ਹਾਂ ਨੂੰ ਸਕੂਲ ਪਹੁੰਚਣ ਲਈ ਰੋਜ਼ਾਨਾ ਲੰਮੀ ਦੂਰੀ ਪੈਦਲ ਤੈਅ ਕਰਨੀ ਪੈਂਦੀ ਹੈ।

ਇਹ ਪਹਿਲ ਦੇਸ਼ ਦੇ ਪੇਂਡੂ ਇਲਾਕਿਆਂ ਵਿੱਚ ਸਿੱਖਿਆ ਨਾਲ ਜੁੜੀ ਇੱਕ ਅਹਿਮ ਸਮੱਸਿਆ ਵੱਲ ਧਿਆਨ ਦਿਵਾਉਂਦੀ ਹੈ। ਕਈ ਥਾਵਾਂ 'ਤੇ ਘਰ ਤੋਂ ਸਕੂਲ ਦੀ ਦੂਰੀ ਹੀ ਇਹ ਤੈਅ ਕਰਦੀ ਹੈ ਕਿ ਕਿਸੇ ਲੜਕੀ ਲਈ ਸਿੱਖਿਆ ਹਾਸਲ ਕਰਨੀ ਕਿੰਨੀ ਸੌਖੀ ਜਾਂ ਔਖੀ ਹੋਵੇਗੀ। ਅਜਿਹੇ ਵਿੱਚ ਸਾਈਕਲ ਸਿਰਫ਼ ਆਉਣ-ਜਾਣ ਦਾ ਸਾਧਨ ਨਹੀਂ, ਸਗੋਂ ਸਮੇਂ ਦੀ ਬੱਚਤ, ਲੰਮਾ ਸਫ਼ਰ ਘਟਾਉਣ, ਸੁਰੱਖਿਆ ਵਿੱਚ ਸੁਧਾਰ ਅਤੇ ਪੜ੍ਹਾਈ ਜਾਰੀ ਰੱਖਣ ਦਾ ਇੱਕ ਅਹਿਮ ਜ਼ਰੀਆ ਬਣ ਸਕਦੀ ਹੈ।

ਜੈਪੁਰ ਰਗਜ਼ ਦੇ ਮੈਨੇਜਿੰਗ ਡਾਇਰੈਕਟਰ ਯੋਗੇਸ਼ ਚੌਧਰੀ ਨੇ ਕਿਹਾ ਕਿ ਸਭ ਤੋਂ ਸਾਰਥਕ ਤਬਦੀਲੀਆਂ ਅਕਸਰ ਛੋਟੀਆਂ-ਛੋਟੀਆਂ ਚੀਜ਼ਾਂ ਰਾਹੀਂ ਆਉਂਦੀਆਂ ਹਨ। ਸ਼ਹਿਰਾਂ ਵਿੱਚ ਰਹਿੰਦਿਆਂ ਅਸੀਂ ਕਈ ਅਜਿਹੀਆਂ ਸਹੂਲਤਾਂ ਦਾ ਲਾਭ ਲੈਂਦੇ ਹਾਂ, ਜਿਨ੍ਹਾਂ ਬਾਰੇ ਆਮ ਤੌਰ 'ਤੇ ਸੋਚਦੇ ਵੀ ਨਹੀਂ। ਪਰ ਜਦੋਂ ਪੇਂਡੂ ਭਾਰਤ ਦੀ ਗੱਲ ਆਉਂਦੀ ਹੈ ਤਾਂ ਇੱਕ ਸਧਾਰਨ ਸਾਈਕਲ ਦੀ ਘਾਟ ਵੀ ਸਿੱਖਿਆ ਦੇ ਰਾਹ ਵਿੱਚ ਵੱਡੀ ਰੁਕਾਵਟ ਬਣ ਸਕਦੀ ਹੈ।

# ਟਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਵਿਰੁੱਧ ਆਰ.ਟੀ.ਓ. ਦੀ ਸਖ਼ਤ ਕਾਰਵਾਈ

**ਮਲੇਰਕੋਟਲਾ, 17 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸੜਕੀ ਹਾਦਸਿਆਂ ਦੀ ਰੋਕਥਾਮ ਅਤੇ ਵਿਦਿਆਰਥੀਆਂ ਦੀ ਸੁਰੱਖਿਅਤ ਆਵਾਜਾਈ ਯਕੀਨੀ ਬਣਾਉਣ ਲਈ ਰੀਜਨਲ ਟਰਾਂਸਪੋਰਟ ਅਫ਼ਸਰ (ਆਰ.ਟੀ.ਓ.) ਸ. ਕਰਨਬੀਰ ਸਿੰਘ ਛੀਨਾ ਵੱਲੋਂ ਵਾਹਨਾਂ ਦੀ ਚੈਕਿੰਗ ਕੀਤੀ ਗਈ। ਇਸ ਦੌਰਾਨ ਟਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਦੇ ਮਾਮਲੇ ਵਿੱਚ ਦੋ ਜੁਗਾੜੂ ਰੇਹੜੀਆਂ ਜ਼ਬਤ ਕੀਤੀਆਂ ਗਈਆਂ, ਜਦਕਿ ਓਵਰਲੋਡਿੰਗ ਕਰਨ ਵਾਲੇ ਵਾਹਨਾਂ ਦੇ ਚਲਾਨ ਕੀਤੇ ਗਏ। ਚੈਕਿੰਗ ਦੌਰਾਨ ਆਰ.ਟੀ.ਓ. ਸ਼੍ਰੀ ਕਰਨਬੀਰ ਸਿੰਘ ਛੀਨਾ ਨੇ ਸਕੂਲੀ ਬੱਸਾਂ ਦੀ ਜਾਂਚ ਵੀ ਕੀਤੀ ਅਤੇ ਸਕੂਲ ਪ੍ਰਬੰਧਕਾਂ ਤੇ ਵਾਹਨ ਚਾਲਕਾਂ ਨੂੰ ਸੇਫ਼ ਸਕੂਲ ਵਾਹਨ ਪਾਲਿਸੀ ਦੀ ਸਖ਼ਤੀ ਨਾਲ ਪਾਲਣਾ ਕਰਨ ਦੀਆਂ ਹਦਾਇਤਾਂ ਦਿੱਤੀਆਂ।




ਉਨ੍ਹਾਂ ਕਿਹਾ ਕਿ ਸਕੂਲੀ ਵਾਹਨਾਂ ਦੀ ਫਿਟਨੈੱਸ, ਲੋੜੀਂਦੇ ਦਸਤਾਵੇਜ਼ਾਂ, ਸੁਰੱਖਿਆ ਉਪਕਰਨਾਂ ਅਤੇ ਨਿਰਧਾਰਤ ਸਮਰੱਥਾ ਅਨੁਸਾਰ ਬੱਚਿਆਂ ਦੀ ਆਵਾਜਾਈ ਨੂੰ ਯਕੀਨੀ ਬਣਾਇਆ ਜਾਵੇ। ਇਸ ਮਾਮਲੇ ਵਿੱਚ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਆਰ.ਟੀ.ਓ. ਨੇ ਕਿਹਾ ਕਿ ਸੜਕੀ ਸੁਰੱਖਿਆ ਸਿਰਫ਼ ਕਾਨੂੰਨੀ ਪਾਬੰਦੀ ਨਹੀਂ, ਸਗੋਂ ਹਰੇਕ ਨਾਗਰਿਕ ਦੀ ਨੈਤਿਕ ਅਤੇ ਸਮਾਜਿਕ ਜ਼ਿੰਮੇਵਾਰੀ ਵੀ ਹੈ। ਥੋੜ੍ਹੇ ਜਿਹੇ ਆਰਥਿਕ ਲਾਭ ਜਾਂ ਸਮੇਂ ਦੀ ਬੱਚਤ ਲਈ ਟਰੈਫਿਕ ਨਿਯਮਾਂ ਦੀ ਅਣਦੇਖੀ ਕਰਨਾ ਕੀਮਤੀ ਮਨੁੱਖੀ ਜਾਨਾਂ ਨੂੰ ਖ਼ਤਰੇ ਵਿੱਚ ਪਾ ਸਕਦਾ ਹੈ। ਖ਼ਾਸ ਕਰਕੇ ਬੱਚਿਆਂ ਦੀ ਸੁਰੱਖਿਆ ਲਈ ਸਕੂਲ ਪ੍ਰਬੰਧਕਾਂ, ਮਾਪਿਆਂ ਅਤੇ ਵਾਹਨ ਚਾਲਕਾਂ ਨੂੰ ਪੂਰੀ ਜ਼ਿੰਮੇਵਾਰੀ ਅਤੇ ਸੰਵੇਦਨਸ਼ੀਲਤਾ ਨਾਲ ਕੰਮ ਕਰਨਾ ਚਾਹੀਦਾ ਹੈ। ਉਨ੍ਹਾਂ ਵਾਹਨ ਚਾਲਕਾਂ ਨੂੰ ਓਵਰਲੋਡਿੰਗ ਤੋਂ ਗੁਰੇਜ਼ ਕਰਨ, ਨਿਰਧਾਰਤ ਗਤੀ ਸੀਮਾ ਦੀ ਪਾਲਣਾ ਕਰਨ ਅਤੇ ਸੜਕ 'ਤੇ ਦੂਜਿਆਂ ਦੀ ਸੁਰੱਖਿਆ ਦਾ ਖ਼ਿਆਲ ਰੱਖਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਇੱਕ ਛੋਟੀ ਜਿਹੀ ਲਾਪਰਵਾਹੀ ਕਿਸੇ ਪਰਿਵਾਰ ਲਈ ਉਮਰ ਭਰ ਦਾ ਦੁੱਖ ਬਣ ਸਕਦੀ ਹੈ। ਇਸ ਲਈ ਹਰੇਕ ਵਾਹਨ ਚਾਲਕ ਨੂੰ ਟਰੈਫਿਕ ਨਿਯਮਾਂ ਦੀ ਪਾਲਣਾ ਆਪਣੀ ਰੋਜ਼ਾਨਾ ਜ਼ਿੰਦਗੀ ਦਾ ਹਿੱਸਾ ਬਣਾਉਣਾ ਚਾਹੀਦਾ ਹੈ।

## ਸਰਕਾਰੀ ਸਟੇਟ ਕਾਲਜ ਆਫ਼ ਐਜੂਕੇਸ਼ਨ ਦਾ 70ਵਾਂ ਸਥਾਪਨਾ ਦਿਵਸ ਧੂਮਧਾਮ ਨਾਲ ਮਨਾਇਆ

# ਡਿਪਟੀ ਕਮਿਸ਼ਨਰ ਵੱਲੋਂ ਵਿਦਿਆਰਥੀਆਂ ਨੂੰ ਸਿਹਤਮੰਦ ਸਮਾਜ ਦੀ ਸਿਰਜਣਾ ਲਈ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਵਿੱਚ ਸਰਗਰਮ ਭੂਮਿਕਾ ਨਿਭਾਉਣ ਦਾ ਸੱਦਾ

**ਪਟਿਆਲਾ, 17 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਗੌਰਮਿੰਟ (ਸਟੇਟ) ਕਾਲਜ ਆਫ਼ ਐਜੂਕੇਸ਼ਨ, ਪਟਿਆਲਾ ਦਾ 70ਵਾਂ ਸਥਾਪਨਾ ਦਿਵਸ ਧੂਮਧਾਮ ਨਾਲ ਮਨਾਇਆ ਗਿਆ। ਇਸ ਮੌਕੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਉਨ੍ਹਾਂ ਕਿਹਾ ਕਿ ਇਸ ਸੰਸਥਾ ਨੇ ਭਵਿੱਖ ਦੀਆਂ ਪੀੜ੍ਹੀਆਂ ਦੇ ਨਿਰਮਾਤਾ ਅਧਿਆਪਕਾਂ ਨੂੰ ਸਿੱਖਿਆ ਅਤੇ ਸਿਖਲਾਈ ਪ੍ਰਦਾਨ ਕਰਕੇ ਪੰਜਾਬ ਦੇ ਵਿਕਾਸ ਵਿੱਚ ਅਹਿਮ ਯੋਗਦਾਨ ਪਾਇਆ ਹੈ।



ਡਿਪਟੀ ਕਮਿਸ਼ਨਰ ਨੇ ਕਾਲਜ ਦੇ ਪ੍ਰਿੰਸੀਪਲ, ਸਮੂਹ ਸਟਾਫ਼ ਅਤੇ ਵਿਦਿਆਰਥੀਆਂ ਨੂੰ 70ਵੇਂ ਸਥਾਪਨਾ ਦਿਵਸ ਦੀ ਵਧਾਈ ਦਿੰਦਿਆਂ ਨੌਜਵਾਨਾਂ ਨੂੰ ਸਿਹਤਮੰਦ ਸਮਾਜ ਦੀ ਸਿਰਜਣਾ ਲਈ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਚਲਾਈ ਜਾ ਰਹੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਵਿੱਚ ਸਰਗਰਮ ਭੂਮਿਕਾ ਨਿਭਾਉਣ ਦਾ ਸੱਦਾ ਦਿੱਤਾ।

ਡਾ. ਹਿਮਾਂਸ਼ੂ ਅਗਰਵਾਲ ਨੇ ਕਿਹਾ ਕਿ ਨੌਜਵਾਨ ਦੇਸ਼ ਦਾ ਸਰਮਾਇਆ ਹਨ ਅਤੇ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਲਈ ਵਿਦਿਆਰਥੀਆਂ ਤੇ ਅਧਿਆਪਕਾਂ ਦੀ ਭੂਮਿਕਾ ਬੇਹੱਦ ਅਹਿਮ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ ਆਧੁਨਿਕ ਤਕਨਾਲੋਜੀ ਦੇ ਗਿਆਨ ਦੇ ਨਾਲ-ਨਾਲ ਨੈਤਿਕ ਕਦਰਾਂ-ਕੀਮਤਾਂ ਨੂੰ ਵੀ ਆਪਣੇ ਜੀਵਨ ਦਾ ਹਿੱਸਾ ਬਣਾਉਣ, ਤਾਂ ਜੋ ਇੱਕ ਸਿਹਤਮੰਦ, ਜਾਗਰੂਕ ਅਤੇ ਜ਼ਿੰਮੇਵਾਰ ਸਮਾਜ ਦੀ ਸਿਰਜਣਾ ਕੀਤੀ ਜਾ ਸਕੇ।

ਕਾਲਜ ਦੀ ਪ੍ਰਿੰਸੀਪਲ ਪ੍ਰੋ. (ਡਾ.) ਵਨੀਤਾ ਰਾਣੀ ਗਰਗ ਨੇ ਮਹਿਮਾਨਾਂ ਦਾ ਸਵਾਗਤ ਕਰਦਿਆਂ ਸੰਸਥਾ ਦੇ 70 ਸਾਲਾਂ ਦੇ ਸ਼ਾਨਦਾਰ ਇਤਿਹਾਸ, ਸਿੱਖਿਆ ਦੇ ਖੇਤਰ ਵਿੱਚ ਪਾਏ ਵਡਮੁੱਲੇ ਯੋਗਦਾਨ ਅਤੇ ਕਾਲਜ ਦੀਆਂ ਪ੍ਰਾਪਤੀਆਂ ਬਾਰੇ ਜਾਣਕਾਰੀ ਸਾਂਝੀ ਕੀਤੀ। ਇਸ ਮੌਕੇ ਪ੍ਰਿੰਸੀਪਲ ਨੇ ਡਿਪਟੀ ਕਮਿਸ਼ਨਰ, ਕਾਲਜ ਦੇ ਸਾਬਕਾ ਵਿਦਿਆਰਥੀਆਂ ਅਤੇ ਪੀ.ਟੀ.ਏ. ਦੇ ਮੈਂਬਰਾਂ ਸਮੇਤ ਹੋਰ ਮਹਿਮਾਨਾਂ ਨੂੰ ਯਾਦਗਾਰੀ ਚਿੰਨ੍ਹ ਭੇਟ ਕੀਤੇ।

ਸਥਾਪਨਾ ਦਿਵਸ ਦੇ ਸਮਾਗਮ ਦੌਰਾਨ ਪੰਜਾਬੀ ਸੱਭਿਆਚਾਰ ਨੂੰ ਦਰਸਾਉਂਦੀ ਪ੍ਰਦਰਸ਼ਨੀ ਲਾਉਣ ਸਮੇਤ ਮਹਿੰਦੀ ਮੁਕਾਬਲੇ ਕਰਵਾਏ ਗਏ। ਇਸ ਤੋਂ ਇਲਾਵਾ ਨਸ਼ਿਆਂ ਵਿਰੁੱਧ ਜਾਗਰੂਕਤਾ ਪੈਦਾ ਕਰਨ ਦੇ ਉਦੇਸ਼ ਨਾਲ ਪੋਸਟਰ ਮੇਕਿੰਗ ਅਤੇ ਸਲੋਗਨ ਲੇਖਣ ਮੁਕਾਬਲੇ ਵੀ ਕਰਵਾਏ ਗਏ। ਕਾਲਜ ਦੇ ਸੰਗੀਤ ਵਿਭਾਗ ਦੇ ਵਿਦਿਆਰਥੀਆਂ ਨੇ ਸੰਗੀਤ ਅਤੇ ਲੋਕ ਨਾਚ ਦੀਆਂ ਮਨਮੋਹਕ ਪੇਸ਼ਕਾਰੀਆਂ ਨਾਲ ਸਮਾਗਮ ਨੂੰ ਰੰਗਾਰੰਗ ਬਣਾਇਆ। ਇਸ ਮੌਕੇ ਸਾਲ 1956 ਦੇ ਬੈਚ ਦੇ ਸਾਬਕਾ ਵਿਦਿਆਰਥੀ ਡਾ. ਬਲਵਿੰਦਰ ਸਿੰਘ ਬਰਾੜ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਸਮਾਗਮ ਦਾ ਮੰਚ ਸੰਚਾਲਨ ਨਵਨੀਤ ਕੌਰ ਜੇਜੀ ਅਤੇ ਡਾ. ਕੁਲਜੀਤ ਕੌਰ ਨੇ ਕੀਤਾ, ਜਦਕਿ ਲਾਇਬ੍ਰੇਰੀਅਨ ਰੁਪਿੰਦਰ ਸਿੰਘ ਨੇ ਹਾਜ਼ਰ ਮਹਿਮਾਨਾਂ ਦਾ ਧੰਨਵਾਦ ਕੀਤਾ।

ਇਸ ਮੌਕੇ ਕਾਲਜ ਦੇ ਸਾਬਕਾ ਵਿਦਿਆਰਥੀ ਅਤੇ ਐਲੂਮਨੀ ਮੈਂਬਰ ਡਾ. ਜੋਗਿੰਦਰ ਸਿੰਘ ਰਾਣਾ, ਸਤਨਾਮ ਸਿੰਘ ਵਾਲੀਆ, ਪ੍ਰੋ. ਵੀਰਦੇਵ ਸਿੰਘ, ਪ੍ਰਿੰਸੀਪਲ ਡਾ. ਪਰਮਿੰਦਰ ਸਿੰਘ, ਡਾ. ਦੀਪਿਕਾ ਰਾਜਪਾਲ, ਅਮਰਜੀਤ ਸਿੰਘ, ਕਪਿਲ ਸੂਦ, ਪੀ.ਟੀ.ਏ. ਮੈਂਬਰ ਸਹਾਇਕ ਪ੍ਰੋਫੈਸਰ ਰਿਤੂ ਕਪੂਰ ਸਮੇਤ ਕਾਲਜ ਦਾ ਸਮੂਹ ਸਟਾਫ਼ ਅਤੇ ਵਿਦਿਆਰਥੀ ਹਾਜ਼ਰ ਸਨ।

# ਨਾਰੀ ਸੰਸਾਰ

## ਤੁਹਾਡੀ ਰਸੋਈ

### ਪਨੀਰ ਕੋਲਹਾਪੁਰੀ



ਪਨੀਰ ਖਾਣ ਦੇ ਸ਼ੌਕੀਨ ਹੋ ਤਾਂ ਸਾਰੇ ਹੁੰਦੇ ਹਨ ਪਰ ਘਰ ਵਿੱਚ ਮਹਿਮਾਨ ਵੀ ਆਉਣੇ ਹੋਣ ਤਾਂ ਪਨੀਰ ਦੀ ਸਬਜ਼ੀ ਜ਼ਰੂਰ ਬਣਾਈ ਜਾਂਦੀ ਹੈ ਤਾਂ ਕਿਉਂ ਨਾ ਇਸ ਡਿਨਰ ਵਿੱਚ ਪਨੀਰ ਕੋਲਹਾਪੁਰੀ ਖਾਦਾ ਜਾਵੇ। ਆਓ ਜਾਣਦੇ ਹਾਂ ਇਸ ਨੂੰ ਬਣਾਉਣ ਦੀ ਵਿਧੀ

ਸਮੱਗਰੀ
- 1 ਚਮਚ ਤਿਲ
- 1 ਚਮਚ ਖਸਖਸ
- 1/ 2 ਚਮਚ ਜੀਰਾ
- 1 ਚਮਚ ਧਨੀਏ ਦੇ ਬੀਜ
- 3 ਲੌਂਗ
- 1 ਇਲਾਇਚੀ
- 1/4 ਚਮਚ ਕਾਲੀ ਮਿਰਚ
- 1 ਚੱਕਰ ਫ਼ੁੱਲ
- 3 ਲਾਲ ਮਿਰਚ (ਸੁੱਕੀ ਹੋਈ)
- 2 ਵੱਡੇ ਚਮਚ ਡ੍ਰਾਈ ਨਾਰੀਅਲ(ਪਿਸਿਆ ਹੋਇਆ)
- 3 ਵੱਡੇ ਚਮਚ ਤੇਲ
- 9 ਕਿਊਬ ਪਨੀਰ
- 1ਤੇਜ ਪੱਤਾ
- 1 ਪਿਆਜ
- 1 ਚਮਚ ਅਦਰਕ ਅਤੇ ਲਸਣ ਦੀ ਪੇਸਟ
- 3 ਟਮਾਟਰ (ਕੱਟੇ ਹੋਏ)

ਬਣਾਉਣ ਦੀ ਵਿਧੀ

1. ਕੜਾਈ ਵਿੱਚ ਤਿਲ, ਖਸਖਸ, ਜੀਰਾ, ਸੁੱਕਾ ਧਨੀਆ ਅਤੇ ਲੌਂਗ, ਦਾਲਚੀਨੀ ਪਾ ਕੇ ਇਲਾਇਚੀ, ਕਾਲੀ ਮਿਰਚ, ਚੱਕਰ ਫ਼ੁੱਲ ਪਾ ਕੇ ਚੰਗੀ ਤਰ੍ਹਾਂ ਨਾਲ ਸੇਕ ਲਗਾ ਲਓ। ਬਣ ਕੇ ਤਿਆਰ ਹੈ ਤੁਹਾਡਾ ਕੋਲਹਾਪੁਰੀ ਮਸਾਲਾ
2. ਫ਼ਿਰ ਦੂਜੀ ਕੜਾਈ ਵਿੱਚ ਤੇਲ ਪਾ ਕੇ ਗੈਸ 'ਤੇ ਰੱਖ ਦਿਓ। ਇਸ ਨੂੰ ਟੁੱਕੜਿਆਂ ਵਿੱਚ ਕੱਟ ਕੇ ਪਨੀਰ ਪਾ ਕੇ ਹਲਕਾ ਬ੍ਰਾਊਨ ਕਰ ਲਓ। ਇਸ ਤੋਂ ਬਾਅਦ ਪਨੀਰ 1 ਕੱਢ ਕੇ ਭਾਂਡੇ ਵਿੱਚ ਰੱਖ ਲਓ।
3. ਫ਼ਿਰ ਉਸੇ ਤੇਲ ਵਿੱਚ ਤੇਜਪੱਤਾ ਪਾ ਕੇ ਚੰਗੀ ਤਰ੍ਹਾਂ ਪਕਾਓ। ਫ਼ਿਰ ਉਸ ਵਿੱਚ ਪਿਆਜ, ਅਦਰਕ ਅਤੇ ਲਸਣ ਦੀ ਪੇਸਟ ਅਤੇ ਟਮਾਟਰ ਪਾ ਕੇ ਕੜਾਈ ਨੂੰ ਕਵਰ ਕਰ ਦਿਓ।
4. 10 ਮਿੰਟ ਬਾਅਦ ਢੱਕਣ ਨੂੰ ਉਤਾਰ ਦਿਓ ਅਤੇ ਟਮਾਟਰ ਨੂੰ ਚੰਗੀ ਤਰ੍ਹਾਂ ਨਾਲ ਮੈਸ਼ ਕਰ ਦਿਓ। ਪਹਿਲਾਂ ਤਿਆਰ ਕੀਤੇ ਹੋਏ ਕੋਲਹਾਪੁਰੀ ਮਸਾਲਾ ਪਾ ਕੇ ਮਿਕਸ ਕਰ ਲਓ। ਫ਼ਿਰ ਇਸ ਪੇਸਟ ਵਿੱਚ ਹਲਦੀ ਅਤੇ ਨਮਕ ਮਿਲਾਓ।
5. ਇਸ ਤੋਂ ਬਾਅਦ ਇਸ ਵਿੱਚ 1 ਕੱਪ ਪਾਣੀ ਪਾਓ ਅਤੇ ਗ੍ਰੇਵੀ ਤਿਆਰ ਕਰ ਲਓ ਫ਼ਿਰ ਇਸ ਵਿੱਚ ਫ਼੍ਰਾਈ ਪਨੀਰ ਪਾਓ। ਢੱਕਣ ਨਾਲ 5 ਮਿੰਟ ਤੱਕ ਢੱਕ ਕੇ ਰੱਖ ਦਿਓ। ਫ਼ਿਰ ਇਸ ਵਿੱਚ 1 ਚਮਚ ਸੁੱਕੀ ਮੇਥੀ ਦੇ ਪੱਤਿਆਂ ਨੂੰ ਪੀਸ ਕੇ ਮਿਕਸ ਕਰ ਲਓ।
6. ਫ਼ਿਰ ਗਰਮਾ-ਗਰਮ ਸਰਵ ਕਰੋ।

### ਆਲੂ ਚਾਟ



ਚਟਪਟੀ ਚੀਜ਼ਾਂ ਦੇ ਨਾਂ ਸੁਣਦੇ ਹੀ ਲੋਕਾਂ ਦੇ ਮੂੰਹ ਵਿੱਚ ਪਾਣੀ ਆ ਜਾਂਦਾ ਹੈ ਚਾਹੇ ਫ਼ਿਰ ਉਹ ਚਟਪਟੀ ਚਾਟ ਹੋਵੇ ਜਾਂ ਕੁਝ ਹੋਰ। ਅੱਜ ਅਸੀਂ ਵੀ ਤੁਹਾਡੇ ਲਈ ਚਟਪਟੀ ਆਲੂ ਚਾਟ ਦੀ ਰੈਸਿਪੀ ਲੈ ਕੇ ਆਏ ਹੈ। ਇਹ ਖਾਣੇ ਵਿੱਚ ਸੁਆਦ ਹੁੰਦੀ ਹੈ ਅਤੇ ਬਣਾਉਣ ਵਿੱਚ ਆਸਾਨ ਹੁੰਦੀ ਹੈ। ਅੱਜ ਅਸੀਂ ਤੁਹਾਨੂੰ ਚਟਪਟੀ ਆਲੂ ਚਾਟ ਬਣਾਉਣ ਦੀ ਵਿਧੀ ਬਾਰੇ ਦੱਸਣ ਜਾ ਰਹੇ ਹਾਂ ਆਓ ਜਾਣਦੇ ਹਾਂ ਇਸ ਨੂੰ ਬਣਾਉਣ ਦੀ ਵਿਧੀ ਬਾਰੇ

ਸਮੱਗਰੀ
- 230 ਗ੍ਰਾਮ ਚੀਨੀ
- 320 ਮਿਲੀ ਲੀਟਰ ਪਾਣੀ
- 2 ਚਮਚ ਅੰਬ ਦਾ ਪਾਊਡਰ
- 1 ਚਮਚ ਲਾਲ ਮਿਰਚ
- 1 ਚਮਚ ਜੀਰਾ ਪਾਊਡਰ
- 1 ਚਮਚ ਕਾਲਾ ਨਮਕ
- 1 ਚਮਚ ਅਦਰਕ ਪਾਊਡਰ
- 1 ਚਮਚ ਸੌਂਫ਼ ਪਾਊਡਰ
- 400 ਗ੍ਰਾਮ ਆਲੂ
- ਚਾਟ ਮਸਾਲਾ ਗਾਰਨਿਸ਼ ਲਈ

ਬਣਾਉਣ ਦੀ ਵਿਧੀ

1. ਸਭ ਤੋਂ ਪਹਿਲਾਂ ਇੱਕ ਪੈਨ ਵਿੱਚ ਚੀਨੀ ਅਤੇ ਪਾਣੀ ਮਿਲਾ ਕੇ ਚੰਗੀ ਤਰ੍ਹਾਂ ਨਾਲ ਮਿਲਾ ਲਓ ਅਤੇ ਫ਼ਿਰ ਇਸ ਵਿੱਚ ਅੰਬ ਪਾਊਡਰ, ਲਾਲ ਮਿਰਚ, ਜੀਰਾ ਪਾਊਡਰ , ਕਾਲਾ ਨਮਕ ਅਦਰਕ ਅਤੇ ਸੌਂਫ਼ ਪਾਊਡਰ ਪਾ ਕੇ ਚੰਗੀ ਤਰ੍ਹਾਂ ਨਾਲ ਮਿਕਸ ਕਰੋ।
2. ਇਸ ਮਿਕਸਰ ਨੂੰ 4-5 ਮਿੰਟ ਲਈ ਪਕਾਓ। ਜਦੋਂ ਮਿਕਸਰ ਗਾੜਾ ਹੋ ਜਾਵੇ ਤਾਂ ਇਸ ਨੂੰ ਗੈਸ ਤੋਂ ਹਟਾ ਦਿਓ।
3. ਇੱਕ ਪੈਨ ਵਿੱਚ ਤੇਲ ਗਰਮ ਕਰਕੇ ਆਲੂਆਂ ਨੂੰ ਫ਼੍ਰਾਈ ਕਰ ਲਓ। ਫ਼ਿਰ ਇਨ੍ਹਾਂ ਨੂੰ ਤੋਲਿਏ ਵਿੱਚ ਰੱਖ ਕੇ ਹਲਕਾ ਦਬਾਓ ਅਤੇ ਕੋਲੀ ਵਿੱਚ ਪਾ ਲਓ।
4. ਫ਼ਿਰ ਫ਼੍ਰਾਈ ਕੀਤੇ ਹੋਏ ਆਲੂਆਂ ਵਿੱਚ ਤਿਆਰ ਚਟਨੀ ਪਾ ਕਾ ਚੰਗੀ ਤਰ੍ਹਾਂ ਨਾਲ ਮਿਕਸ ਕਰ ਲਓ। ਫ਼ਿਰ ਚਾਟ ਮਸਾਲਾ ਪਾਓ।
5. ਆਲੂ ਚਾਟ ਤਿਆਰ ਹੈ। ਇਸ ਨੂੰ ਸਰਵ ਕਰੋ ਅਤੇ ਇਸ ਦਾ ਸੁਆਦ ਲਓ।

# ਵੀਡਿਓ ਗੇਮਾਂ, ਕਾਰਟੂਨ ਫ਼ਿਲਮਾਂ ਤੇ ਸਾਡੇ ਬੱਚੇ



➣ ਹਰੀ ਕ੍ਰਿਸ਼ਨ ਮਾਇਰ

**ਅਜਿਹੀਆਂ ਕੁਝ ਵੀਡਿਓ ਗੇਮਾਂ ਵਿੱਚ ਐਂਗਰੀਬਰਡਜ਼, ਕੱਟ ਦੀ ਰੋਪ ਆਦਿ ਮੁਸ਼ਕਲ ਦਾ ਹੱਲ ਤਲਾਸ਼ਣ ਅਤੇ ਦਲੀਲ ਜਿਹੇ ਗੁਣ ਬੱਚੇ ਨੂੰ ਸਿਖਾਉਂਦੀਆਂ ਹਨ।**

ਅੱਜ ਦਾ ਦੌਰ, ਨਵੀਨਤਮ ਸੰਚਾਰ ਤਕਨੀਕਾਂ ਦਾ ਦੌਰ ਹੈ। ਅਖ਼ਬਾਰ, ਰੇਡਿਓ, ਟੈਲੀਵਿਜ਼ਨ, ਮੋਬਾਈਲ ਫੋਨ, ਇੰਟਰਨੈੱਟ, ਸੋਸ਼ਲ ਮੀਡੀਆ ਅੰਤਰਗਤ ਫੇਸਬੁੱਕ, ਵਟਸਐੱਪ ਨੇ ਜਣੇ ਖਣੇ ਨਾਲ ਰਾਬਤਾ ਬਣਾ ਲਿਆ ਹੈ। ਇਨ੍ਹਾਂ ਨੇ ਸਾਡੇ ਬੱਚਿਆਂ ਦੀ ਜੀਵਨ ਜਾਚ ਵਿੱਚ ਬੜੀ ਤੇਜ਼ੀ ਨਾਲ ਤਬਦੀਲੀ ਲਿਆਂਦੀ ਹੈ। ਛੋਟੇ ਛੋਟੇ ਬੱਚੇ ਸਮਾਰਟ ਫੋਨ ਅਤੇ ਟੈਬਲਟ ਦੀ ਵਰਤੋਂ ਕਰਨ ਲੱਗੇ ਹਨ। ਬੱਚੇ ਐਪਲੀਕੇਸ਼ਨਜ ਡਾਊਨਲੋਡ ਕਰ ਲੈਂਦੇ ਹਨ। ਉਪਭੋਗਤਾ ਰਿਪੋਰਟਾਂ ਤੋਂ ਪਤਾ ਲੱਗਦਾ ਹੈ ਕਿ ਬੀਤੇ ਵਰ੍ਹੇ 75 ਮਿਲੀਅਨ ਤੋਂ ਵੱਧ ਅਮਰੀਕਨ ਬੱਚੇ ਆਨਲਾਈਨ ਸਰਗਰਮੀਆਂ ਵਿੱਚ ਭਾਈਵਾਲ ਬਣੇ। ਪੰਜ ਸਾਲ ਦੀ ਉਮਰ ਦੇ 50 ਫ਼ੀਸਦੀ ਬੱਚੇ ਰੋਜ਼ਾਨਾ ਕੰਪਿਊਟਰ 'ਤੇ ਕੰਮ ਕਰਦੇ ਹਨ। ਸੱਤ ਜਾਂ ਅੱਠ ਸਾਲਾਂ ਦੇ ਬੱਚੇ ਰੋਜ਼ਾਨਾ ਵੀਡਿਓ ਗੇਮਾਂ ਖੇਡਦੇ ਹਨ। ਬੱਚੇ ਮਾਤਾ ਪਿਤਾ ਨਾਲੋਂ ਜ਼ਿਆਦਾ ਵਕਤ ਆਨਲਾਈਨ ਸਰਗਰਮੀਆਂ ਵਿੱਚ ਰੁੱਝੇ ਰਹਿੰਦੇ ਹਨ। ਫੇਸਬੁੱਕ ਲਈ ਘੱਟੋ ਘੱਟ 13 ਸਾਲ ਉਮਰ ਦਾ ਹੋਣਾ ਜ਼ਰੂਰੀ ਹੈ, ਪਰ ਬੜੀ ਹੈਰਾਨੀ ਹੁੰਦੀ ਹੈ ਕਿ ਅੱਜ 5 ਮਿਲੀਅਨ ਬੱਚੇ ਜਿਨ੍ਹਾਂ ਦੀ ਉਮਰ ਦਸ ਸਾਲ ਤੋਂ ਘੱਟ ਹੈ, ਫੇਸਬੁੱਕ ਦੀ ਸ਼ਾਨ ਨਾਲ ਵਰਤੋਂ ਕਰ ਰਹੇ ਹਨ। ਮਾਂ ਬਾਪ ਇਹ ਸੋਚ ਕੇ ਬਾਜ਼ਾਰੋਂ ਵੀਡਿਓ ਗੇਮਾਂ ਖਰੀਦ ਕੇ ਲੈ ਆਉਂਦੇ ਹਨ ਕਿ ਇਨ੍ਹਾਂ ਗੇਮਾਂ ਨਾਲ ਖੇਡ ਕੇ, ਉਨ੍ਹਾਂ ਦਾ ਲਾਡਲਾ ਬੱਚਾ ਫੁਰਤੀਲਾ ਬਣ ਜਾਏਗਾ। ਉਸ ਦੀ ਬੁੱਧੀ ਥੋੜ੍ਹੀ ਤੇਜ਼ ਹੋ ਜਾਵੇਗੀ, ਪਰ ਮਨੋਵਿਗਿਆਨੀ ਇਸ ਨਾਲੋਂ ਉਲਟ ਸੋਚਦੇ ਹਨ ਕਿ ਵੀਡਿਓ ਗੇਮਾਂ ਬੱਚਿਆਂ ਦੇ ਮਨਾਂ ਉੱਪਰ ਬੁਰਾ ਪ੍ਰਭਾਵ ਪਾਉਂਦੀਆਂ ਹਨ। ਇਹ ਬੱਚਿਆਂ ਨੂੰ ਸਮਾਰਟ ਨਹੀਂ ਬਣਾਉਂਦੀਆਂ। ਇੱਥੇ ਇਹ ਦੱਸਣਾ ਬੜਾ ਜ਼ਰੂਰੀ ਹੈ ਕਿ ਦੋ ਸਾਲਾਂ ਤੋਂ ਘੱਟ ਉਮਰ ਦੇ ਬੱਚੇ ਦਾ ਦਿਮਾਗ਼ ਵਿਕਸਤ ਹੋ ਰਿਹਾ ਹੁੰਦਾ ਹੈ। ਬੱਚੇ ਨੂੰ ਟੈਲੀਵਿਜ਼ਨ, ਵੀਡਿਓ ਗੇਮਾਂ ਨਾਲ ਰਿਝਾਉਣਾ ਖਤਰਨਾਕ ਹੋ ਸਕਦਾ ਹੈ। ਇਸ ਮੌਕੇ 'ਤੇ ਬੱਚੇ ਨਾਲ ਗੱਲਾਂ ਕਰਨੀਆਂ ਚਾਹੀਦੀਆਂ ਹਨ। ਉਸ ਨਾਲ ਹੱਸਿਆ ਖੇਡਿਆ ਜਾਣਾ ਜ਼ਰੂਰੀ ਹੁੰਦਾ ਹੈ। ਉਸ ਨਾਲ ਮਸਤੀ ਕਰਨੀ ਚਾਹੀਦੀ ਹੈ। ਉਸ ਨੂੰ ਰਵਾਇਤੀ ਖਿਡੌਣਿਆਂ ਨਾਲ ਖੇਡਣ ਦਾ ਮੌਕਾ ਦੇਣਾ ਚਾਹੀਦਾ ਹੈ।

ਵੀਡਿਓ ਗੇਮਾਂ ਦੇ ਪੱਖ ਵਿੱਚ ਕਈ ਲੋਕ ਦਲੀਲਾਂ ਦਿੰਦੇ ਹਨ ਕਿ ਇਨ੍ਹਾਂ ਨੂੰ ਖੇਡਦੇ ਸਮੇਂ ਬੱਚੇ ਦੇ ਦਿਮਾਗ਼ ਨੂੰ ਕਈ ਪਾਸੇ ਕੰਮ ਕਰਨਾ ਪੈਂਦਾ ਹੈ। ਇਸ ਲਈ ਵੱਖੋ ਵੱਖ ਕੁਸ਼ਲਤਾਵਾਂ ਦੀ ਲੋੜ ਪੈਂਦੀ ਹੈ। ਵੀਡਿਓ ਗੇਮਾਂ ਬੱਚਿਆਂ ਦੀਆਂ ਮਾਨਸਿਕ ਕੁਸ਼ਲਤਾਵਾਂ ਨੂੰ ਹੋਰ ਚੰਗੇਰਾ ਬਣਾ ਦਿੰਦੀਆਂ ਹਨ। ਜਦੋਂ ਬੱਚਾ ਕੋਈ ਅਜਿਹੀ ਖੇਡ ਖੇਡਦਾ ਹੈ, ਜਿਸ ਵਿੱਚ ਉਹ ਆਪਣੇ ਦਿਮਾਗ਼ ਨੂੰ ਸਿਰ 'ਤੇ ਪਈ ਮੁਸ਼ਕਿਲ ਦਾ ਹੱਲ ਲੱਭਣ ਵਿੱਚ ਮੁਹਾਰਤ ਹਾਸਲ ਕਰਨਾ ਸਿਖਾਉਂਦਾ ਹੈ। ਅਜਿਹੀਆਂ ਕੁਝ ਵੀਡਿਓ ਗੇਮਾਂ ਵਿੱਚ ਐਂਗਰੀਬਰਡਜ਼, ਕੱਟ ਦੀ ਰੋਪ ਆਦਿ ਮੁਸ਼ਕਲ ਦਾ ਹੱਲ ਤਲਾਸ਼ਣ ਅਤੇ ਦਲੀਲ ਜਿਹੇ ਗੁਣ ਬੱਚੇ ਨੂੰ ਸਿਖਾਉਂਦੀਆਂ ਹਨ। ਉਨ੍ਹਾਂ ਦਾ ਕਹਿਣਾ ਹੈ ਕਿ ਇਸ ਤੋਂ ਇਲਾਵਾ ਯੋਗ ਪ੍ਰਬੰਧਨ ਅਤੇ ਯੋਜਨਾਬੰਦੀ ਕਰਨ ਦਾ ਗੁਣ ਵੀ ਇਨ੍ਹਾਂ ਖੇਡਾਂ ਤੋਂ ਬੱਚੇ ਸਿੱਖ ਲੈਂਦੇ ਹਨ। ਉਨ੍ਹਾਂ ਦਾ ਤਰਕ ਹੈ ਕਿ ਇਨ੍ਹਾਂ ਗੇਮਾਂ ਨੂੰ ਖੇਡਦੇ ਸਮੇਂ ਬੱਚੇ ਨੂੰ ਤੁਰੰਤ ਸੋਚਣ, ਯੋਜਨਾ ਬਣਾਉਣ, ਫਟਾਫਟ ਨਿਰੀਖਣ, ਝੱਟ ਫ਼ੈਸਲਾ ਲੈਣਾ, ਜਿੱਤ ਵੱਲ ਵਧਣ ਦਾ ਤਰੀਕਾ ਆ ਜਾਂਦਾ ਹੈ। ਕਈ ਮਨੋਵਿਗਿਆਨੀਆਂ ਦਾ ਕਹਿਣਾ ਹੈ, "ਐਕਸ਼ਨ ਗੇਮਾਂ ਖੇਡਣ ਵਾਲੇ ਬੱਚੇ ਜ਼ਿਆਦਾ ਦਰੁਸਤ ਅਤੇ ਤੇਜ਼ੀ ਨਾਲ ਫ਼ੈਸਲਾ ਲੈਣ ਵਾਲੇ ਹੁੰਦੇ ਹਨ। ਉਨ੍ਹਾਂ ਨੂੰ ਸਥਿਤੀ ਨੂੰ ਵਾਚਣਾ ਅਤੇ ਸਮਝਣਾ ਆਉਂਦਾ ਹੁੰਦਾ ਹੈ। ਗਣਿਤ ਅੜਾਉਣੀਆਂ, ਤਰਕ, ਵਿਵੇਕ, ਯਾਦਾਸ਼ਤ, ਇਕਾਗਰਤਾ ਇਨ੍ਹਾਂ ਗੇਮਾਂ ਜ਼ਰੀਏ ਨਿਖਾਰੇ ਜਾ ਸਕਦੇ ਹਨ।" ਦੂਜੀ ਤਰਫ਼ ਕਈ ਅਜਿਹੇ ਮਨੋਵਿਗਿਆਨੀ ਵੀ ਹਨ ਜੋ ਵੀਡਿਓ ਗੇਮਾਂ, ਕਾਰਟੂਨ ਫ਼ਿਲਮਾਂ ਬਾਰੇ ਬੜਾ ਕੁਝ ਨਾਂਹ ਪੱਖੀ ਵੀ ਕਹਿੰਦੇ ਹਨ। ਕਈ ਵਾਰ ਨਾਂਹ ਪੱਖੀਆਂ ਦੀ ਦਲੀਲ ਵੀ ਮਨ ਵਿੱਚ ਸੋਚ ਪੈਦਾ ਕਰ ਜਾਂਦੀ ਹੈ। ਉਹ ਕਹਿੰਦੇ ਹਨ ਕਿ ਵੀਡਿਓ ਗੇਮਾਂ ਵਿੱਚ ਕੁੱਟਮਾਰ, ਹਿੰਸਾ ਬੱਚਿਆਂ ਨੂੰ ਗੁਸੈਲ ਬਣਾਉਂਦੀ ਹੈ। ਚਿੜਚਿੜੇ ਬਣਾਉਂਦੀ ਹੈ। ਵੀਡਿਓ ਗੇਮਾਂ ਖੇਡਣ ਵਾਲੇ ਬੱਚੇ ਸਮਾਜਿਕ ਤੌਰ 'ਤੇ ਇਕੱਲੇ ਪੈ ਜਾਂਦੇ ਹਨ। ਉਹ ਨਾ ਤਾਂ ਦੋਸਤਾਂ ਨੂੰ ਮਿਲਦੇ ਹਨ, ਨਾ ਉਨ੍ਹਾਂ ਨਾਲ ਖੇਡਣ ਜਾਂਦੇ ਹਨ। ਉਹ ਤਾਂ ਆਪਣੇ ਪਰਿਵਾਰ ਦੇ ਮੈਂਬਰਾਂ ਨਾਲ ਵੀ ਖੁਸ਼ ਨਹੀਂ ਰਹਿੰਦੇ। ਵੀਡਿਓ ਗੇਮਾਂ ਹਕੀਕਤ ਅਤੇ ਕਲਪਨਾ ਵਿਚਕਾਰ ਬਿਖੇੜਾ ਖੜ੍ਹਾ ਕਰ ਦਿੰਦੀਆਂ ਹਨ। ਪ੍ਰਭਾਵਿਤ ਬੱਚੇ ਸਕੂਲ ਵਿੱਚ ਮਾੜੀ ਕਾਰਗੁਜ਼ਾਰੀ ਦਿਖਾਉਂਦੇ ਹਨ। ਅਧਿਆਪਕਾਂ ਨਾਲ ਬਹਿਸ ਕਰਦੇ ਹਨ ਅਤੇ ਝਗੜਾਲੂ ਬਿਰਤੀ ਦੇ ਬਣ ਜਾਂਦੇ ਹਨ। ਬਹਾਨੇਬਾਜ਼ ਬਣ ਜਾਂਦੇ ਹਨ। ਪ੍ਰੀਖਿਆਵਾਂ ਵਿੱਚ ਘੱਟ ਅੰਕ ਪ੍ਰਾਪਤ ਕਰਦੇ ਹਨ। ਵੀਡਿਓ ਗੇਮਾਂ ਗ਼ਲਤ ਸ਼ਬਦਾਵਲੀ ਅਤੇ ਗ਼ਲਤ ਵਤੀਰਾ ਵੀ ਬੱਚਿਆਂ ਨੂੰ ਸਿਖਾਉਂਦੀਆਂ ਹਨ। ਇਹ ਗੇਮਾਂ ਬੱਚਿਆਂ ਨੂੰ ਆਨਲਾਈਨ ਜ਼ੋਖਮ ਭੁਗਤਣ ਲਈ ਵੀ ਤਿਆਰ ਕਰਦੀਆਂ ਹਨ। ਇਹ ਗੇਮਾਂ ਬੱਚਿਆਂ ਵਿੱਚ ਨਸ ਦਬਾਅ ਅਤੇ ਵਿਆਕੁਲਤਾ ਦਾ ਸਤਰ ਉੱਚਾ ਚੁੱਕਦੀਆਂ ਹਨ। ਲਗਾਤਾਰ ਗੇਮਾਂ ਖੇਡਣ ਵਾਲੇ ਬੱਚੇ ਮਨੋਵੇਗੀ ਵਤੀਰੇ ਵਾਲੇ ਹੁੰਦੇ ਹਨ। ਅਜਿਹੇ ਬੱਚਿਆਂ ਦੇ ਮਨਾਂ ਵਿੱਚ ਸਮਾਜਿਕ ਡਰ ਝਲਕਦੇ ਹਨ। ਇਨ੍ਹਾਂ ਦਾ ਮਨ ਇੱਕ ਥਾਂ 'ਤੇ ਇਕਾਗਰ ਨਹੀਂ ਹੁੰਦਾ।

ਇਸ ਲਈ ਆਪਾਂ ਕਹਿ ਸਕਦੇ ਹਾਂ ਕਿ ਜਿੱਥੇ ਵੀਡਿਓ ਗੇਮਾਂ ਦੇ ਕਈ ਫਾਇਦੇ ਹਨ, ਉੱਥੇ ਨੁਕਸਾਨ ਵੀ ਘੱਟ ਨਹੀਂ ਹਨ। ਅਜਿਹੇ ਹਾਲਾਤ ਵਿੱਚ ਮਾਪਿਆਂ ਅਤੇ ਅਧਿਆਪਕਾਂ ਦੀ ਜ਼ਿੰਮੇਵਾਰੀ ਬਣਦੀ ਹੈ ਕਿ ਉਹ ਬੱਚਿਆਂ ਨੂੰ ਇਨ੍ਹਾਂ ਵਿੱਚ ਸੰਤੁਲਨ ਬਣਾਉਣ ਲਈ ਉਨ੍ਹਾਂ ਦਾ ਮਾਰਗ ਦਰਸ਼ਕ ਕਰਨ। ਬੱਚੇ ਨੂੰ ਇਹ ਸਮਝਾਉਣਾ ਬੜਾ ਹੀ ਜ਼ਰੂਰੀ ਹੁੰਦਾ ਹੈ ਕਿ ਵੀਡਿਓ ਗੇਮਾਂ, ਕਾਰਟੂਨ ਫ਼ਿਲਮਾਂ ਦੇ ਪਾਤਰ ਕਾਲਪਨਿਕ ਅਤੇ ਮਨਘੜਤ ਹੁੰਦੇ ਹਨ। ਇਹ ਪਾਤਰ ਯਥਾਰਥ ਦੇ ਸੰਸਾਰ ਵਿੱਚ ਨਹੀਂ ਵਿਚਰਦੇ। ਹਰ ਸਮੱਸਿਆ ਦਾ ਹੱਲ ਲੜਾਈ ਝਗੜਾ ਕਰਕੇ ਜਾਂ ਹਿੰਸਕ ਹੋ ਕੇ ਨਹੀਂ ਨਿਕਲਦਾ। ਜਿਵੇਂ ਕਿ ਕਾਰਟੂਨ ਫ਼ਿਲਮਾਂ ਵਿੱਚ ਨਾਇਕ ਹੱਲ ਕੱਢਦੇ ਹਨ। ਬੱਚੇ ਕਈ ਵਾਰ ਵੀਡਿਓ ਗੇਮਾਂ ਵਾਲੇ ਪਾਤਰਾਂ ਵਰਗੇ ਹੋਣਾ ਚਾਹੁੰਦੇ ਹਨ। ਉਹੀ ਅਦਾਵਾਂ ਕਰਦੇ ਹਨ, ਉਹੀ ਕਾਰਨਾਮੇ ਤੇ ਉਹੀ ਕੱਪੜੇ ਪਹਿਨਣੇ ਚਾਹੁੰਦੇ ਹਨ। ਉਨ੍ਹਾਂ ਨੂੰ ਇਹ ਇਲਮ ਨਹੀਂ ਹੁੰਦਾ ਕਿ ਜੋ ਕਾਰਨਾਮੇ ਕਾਰਟੂਨ ਕਰ ਸਕਦੇ ਹਨ, ਹਕੀਰਤ ਵਿੱਚ ਬੰਦੇ ਨਹੀਂ ਕਰ ਸਕਦੇ। ਕਲਪਨਾ ਅਤੇ ਹਕੀਕਤ ਵਿੱਚ ਜ਼ਮੀਨ ਆਸਮਾਨ ਦਾ ਫਰਕ ਹੁੰਦਾ ਹੈ, ਜਿਹੜਾ ਕਿ ਬੱਚਿਆਂ ਨੂੰ ਸਮਝਾਉਣਾ ਜ਼ਰੂਰੀ ਹੈ। ਬੱਚਿਆਂ ਨੂੰ ਸਾਰਾ ਸਾਰਾ ਦਿਨ ਵੀਡਿਓ ਗੇਮਾਂ ਖੇਡਣ, ਕਾਰਟੂਨ ਫ਼ਿਲਮਾਂ ਦੇਖਣ ਦੀ ਬਜਾਏ ਉਨ੍ਹਾਂ ਨੂੰ ਸਮੇਂ ਦੀ ਸਹੀ ਵਰਤੋਂ ਕਰਨੀ ਸਿਖਾਉਣੀ ਚਾਹੀਦੀ ਹੈ। ਥੋੜ੍ਹਾ ਸਮਾਂ ਸਾਥੀਆਂ ਨਾਲ ਖੇਡਣ, ਕੁਝ ਸਮਾਂ ਕਿਤਾਬਾਂ ਪੜ੍ਹਨ, ਕੁਝ ਸਮਾਂ ਸਕੂਲ ਵੱਲੋਂ ਦਿੱਤਾ ਕੰਮ ਕਰਨ ਵਿੱਚ ਲਗਾਉਣ, ਥੋੜ੍ਹਾ ਸਮਾਂ ਆਪਣੇ ਮਾਤਾ ਪਿਤਾ, ਭੈਣ ਭਰਾਵਾਂ ਨਾਲ ਗੱਲਾਂ ਕਰਨ ਵਿੱਚ ਲਗਾਉਣ ਲਈ ਪ੍ਰੇਰਿਤ ਕਰਨਾ ਚਾਹੀਦਾ ਹੈ ਤਾਂ ਕਿਤੇ ਜਾ ਕੇ ਬੱਚੇ ਦੀ ਸ਼ਖ਼ਸੀਅਤ ਦੀ ਸਹੀ ਉਸਾਰੀ ਹੋ ਸਕਦੀ ਹੈ। ਉਂਜ ਅਲੱਗ ਅਲੱਗ ਵਿਸ਼ਿਆਂ 'ਤੇ ਤਿਆਰ ਵੀਡਿਓ ਫ਼ਿਲਮਾਂ ਦੇਖਣਾ ਕੋਈ ਬੁਰਾ ਕੰਮ ਨਹੀਂ ਹੁੰਦਾ। ਸਗੋਂ ਦੇਖੀ ਹੋਈ ਸਮੱਗਰੀ, ਚਿਰ ਤਕ ਜ਼ਿਹਨ 'ਤੇ ਪਈ ਰਹਿੰਦੀ ਹੈ। ਕਿਸੇ ਘਟਨਾ, ਵਰਤਾਰੇ ਬਾਰੇ ਸੰਕਲਪ ਹੋਰ ਸਪੱਸ਼ਟ ਹੋ ਜਾਂਦੇ ਹਨ। ਅਜਿਹੇ ਸਮੇਂ ਵਿੱਚ ਮਾਪੇ ਅਤੇ ਅਧਿਆਪਕ ਦੋਵੇਂ ਮਿਲਕੇ ਬੱਚਿਆਂ ਦੀ ਸਹੀ ਦਿਸ਼ਾ ਵਿੱਚ ਰਹਿਨੁਮਾਈ ਕਰਨ ਲਈ ਯੋਗ ਭੂਮਿਕਾ ਨਿਭਾ ਕੇ ਬੱਚਿਆਂ ਦੇ ਭਵਿੱਖ ਨੂੰ ਉੱਜਵਲ ਬਣਾ ਸਕਦੇ ਹਨ।

ਸੰਪਰਕ: 97806-67686

# ਸ਼ਖ਼ਸੀਅਤ ਦਾ ਸਿਰਜਕ 'ਸੁਭਾਅ'



ਡਾ. ਅਮਨਦੀਪ ਸਿੰਘ ਟੱਲੇਵਾਲੀਆ

**ਮਿੱਠ-ਬੋਲੜੇ ਇਨਸਾਨ ਭਾਵੇਂ ਸਭ ਨੂੰ ਵਧੀਆ ਲੱਗਦੇ ਹਨ, ਪਰ ਇਹ ਜ਼ਰੂਰੀ ਨਹੀਂ ਕਿ ਉਹ ਮਿੱਠਾ ਬੋਲਣਾ, ਉਨ੍ਹਾਂ ਦਾ ਸੁਭਾਅ ਹੀ ਹੋਵੇ। ਅਸੀਂ ਕਿਸੇ ਵੀ ਇਨਸਾਨ ਦੇ ਬਾਹਰੀ ਜਾਂ ਪ੍ਰੋਫੈਸ਼ਨਲ ਸੁਭਾਅ ਨੂੰ ਹੀ ਜਾਣਦੇ ਹਾਂ, ਪਰ ਸਿਆਣੇ ਕਹਿੰਦੇ ਹਨ ਕਿ ਜਾਂ ਵਾਹ ਪਏ ਜਾਣੀਏ ਜਾਂ ਰਾਹ ਪਏ ਜਾਣੀਏ। ਸੁਭਾਅ ਹੀ ਸਾਡੀ ਸ਼ਖ਼ਸੀਅਤ ਦਾ ਮੁੱਢ ਹੁੰਦਾ ਹੈ।**

ਕਿਸੇ ਵੀ ਇਨਸਾਨ ਦਾ ਸੁਭਾਅ ਉਸਦੇ ਆਲੇ-ਦੁਆਲੇ 'ਤੇ ਨਿਰਭਰ ਕਰਦਾ ਹੈ। ਆਲੇ-ਦੁਆਲੇ ਤੋਂ ਭਾਵ ਕੇਵਲ ਬਾਹਰੀ ਵਾਤਾਵਰਣ ਜਾਂ ਸਾਡਾ ਆਸ ਪਾਸ ਹੀ ਨਹੀਂ ਸਗੋਂ ਇਸ ਤੋਂ ਵੀ ਪਹਿਲਾਂ ਮਾਂ ਦੀ ਕੁੱਖ ਹਰ ਇਨਸਾਨ ਦਾ ਆਲਾ-ਦੁਆਲਾ ਹੁੰਦੀ ਹੈ। ਕੁੱਖ ਵਿੱਚ ਪਲ ਰਿਹਾ ਬੱਚਾ, ਆਪਣੀ ਮਾਂ ਦੇ ਹਰ ਪ੍ਰਭਾਵ ਨੂੰ ਕਬੂਲਦਾ ਹੈ, ਗਰਭ ਦੌਰਾਨ ਜੋ ਕੁਝ ਮਾਂ ਨਾਲ ਵਾਪਰਦਾ ਹੈ, ਉਸਦਾ ਸਿੱਧਾ ਪ੍ਰਭਾਵ ਬੱਚੇ ਦੇ ਸਰੀਰਿਕ ਅਤੇ ਮਾਨਸਿਕ ਵਿਕਾਸ 'ਤੇ ਜ਼ਰੂਰ ਪੈਂਦਾ ਹੈ। ਕੁਦਰਤ ਨੇ ਮਨੁੱਖ ਨੂੰ ਜਿਹੋ ਜਿਹੇ ਸੁਭਾਅ ਵਾਲਾ ਬਣਾ ਦਿੱਤਾ, ਉਸੇ ਅਨੁਸਾਰ ਹੀ ਉਹ ਆਪਣਾ ਸਾਰਾ ਜੀਵਨ ਗੁਜ਼ਾਰ ਦਿੰਦਾ ਹੈ। ਇਹ ਸੁਭਾਅ ਗਰਭ ਦੇ ਅੰਦਰੋਂ ਹੀ ਬਣਕੇ ਆਉਂਦਾ ਹੈ। ਬਾਹਰਲਾ ਵਾਤਾਵਰਣ ਤਾਂ ਉਸ ਸੁਭਾਅ ਵਿੱਚ ਸਮੇਂ-ਸਮੇਂ ਸਿਰ ਥੋੜ੍ਹਾ ਮੋਟਾ ਰੰਗ ਭਰਦਾ ਰਹਿੰਦਾ ਹੈ। ਪਰ ਬੰਦੇ ਦਾ ਅਸਲੀ ਸੁਭਾਅ ਨਹੀਂ ਬਦਲਦਾ, ਸਿਰਫ਼ ਮੌਕਾਪ੍ਰਸਤ ਜ਼ਰੂਰ ਬਣ ਸਕਦਾ ਹੈ। ਸਾਇੰਸ ਨੇ ਤਾਂ ਇਹ ਵੀ ਸਿੱਧ ਕਰ ਦਿੱਤਾ ਹੈ ਕਿ ਹਰੇਕ ਬੰਦੇ ਦੇ ਸੁਭਾਅ 'ਤੇ ਸੱਤ ਪੀੜ੍ਹੀਆਂ ਦੇ ਸੁਭਾਅ ਦਾ ਪ੍ਰਭਾਵ ਪੈਂਦਾ ਹੈ। ਕਈ ਬੱਚੇ ਆਪਣੇ ਮਾਂ-ਬਾਪ ਵਰਗੇ ਨਹੀਂ ਹੁੰਦੇ। ਦਾਦੇ ਜਾਂ ਦਾਦੀ ਵਰਗੇ ਹੁੰਦੇ ਹਨ। ਕਈਆਂ 'ਤੇ ਪੜਦਾਦੇ ਜਾਂ ਪੜਨਾਨੇ ਦਾ ਸੁਭਾਅ ਵੀ ਭਾਰੂ ਹੋ ਸਕਦਾ ਹੈ। ਬਾਹਰੀ ਪ੍ਰਸਥਿਤੀਆਂ ਤਾਂ ਸਮੇਂ-ਸਮੇਂ ਬਦਲਦੀਆਂ ਰਹਿੰਦੀਆਂ ਹਨ, ਪਰ ਅੰਦਰੂਨੀ ਤੌਰ 'ਤੇ ਇਨਸਾਨ ਨਹੀਂ ਬਦਲਦਾ।

ਜਿਸ ਤਰ੍ਹਾਂ ਅਸੀਂ ਦੇਖਦੇ ਹਾਂ ਕਿ ਇੱਕ ਬੱਚਾ ਛੋਟਾ ਹੁੰਦਾ ਬਹੁਤ ਨਰਮ ਅਤੇ ਸ਼ਰੀਫ ਹੈ, ਉਹ ਵੱਡਾ ਹੋਇਆ ਵੀ ਨਰਮ ਅਤੇ ਸ਼ਰੀਫ ਹੀ ਰਹੇਗਾ, ਪਰ ਜੇਕਰ ਬਾਹਰੀ ਪ੍ਰਸਥਿਤੀਆਂ ਕਰਕੇ ਉਸਨੂੰ ਕਠੋਰ ਬਣਨਾ ਪੈ ਜਾਵੇ, ਕੁਝ ਸਮੇਂ ਬਾਅਦ ਬਾਹਰੀ ਪ੍ਰਸਥਿਤੀਆਂ ਠੀਕ ਹੋਣ 'ਤੇ ਉਹ ਫਿਰ ਆਪਣੇ ਸ਼ਰੀਫ ਅਤੇ ਨਰਮ ਸੁਭਾਅ ਨੂੰ ਨਹੀਂ ਛੱਡਦਾ, ਕਠੋਰ ਹੁੰਦਾ ਹੋਇਆ ਵੀ ਉਹ ਨਰਮਾਈ ਵਰਤੇਗਾ। ਇਸਦੇ ਉਲਟ ਜੇਕਰ ਛੋਟਾ ਬੱਚਾ ਬਹੁਤ ਜ਼ਿੱਦੀ ਜਾਂ ਲੜਾਕਾ ਹੋਵੇਗਾ ਤਾਂ ਹੋ ਸਕਦਾ ਹੈ ਕਿ ਉਹ ਵੱਡਾ ਹੋ ਕੇ ਮੌਕਾਪ੍ਰਸਤ ਬਣਨ ਲਈ ਨਰਮ ਜਾਂ ਸ਼ਰੀਫ ਬਣ ਜਾਵੇ, ਪਰ ਉਸ ਅੰਦਰਲਾ ਜ਼ਿੱਦੀ ਮਨੁੱਖ ਉਸ ਨੂੰ ਨਹੀਂ ਛੱਡਦਾ।



ਅਸੀਂ ਆਪਣੇ ਆਲੇ-ਦੁਆਲੇ, ਨਰਮ, ਗਰਮ, ਠੰਢੇ, ਮਿੱਠੇ, ਰੁੱਖੇ, ਚੁੱਪ ਕੀਤੇ, ਬੜਬੋਲੇ, ਮਜ਼ਾਕੀਏ, ਟਿੱਚਰੀ, ਲਾਲਚੀ, ਖੁੱਲ੍ਹੇ-ਡੁੱਲੇ, ਜ਼ਿੱਦੀ, ਡਰਪੋਕ, ਨਿਡਰ ਜਾਂ ਇਸ ਤਰ੍ਹਾਂ ਦੇ ਹੋਰ ਬਹੁਤ ਸਾਰੇ ਸੁਭਾਅ ਵਾਲੇ ਲੋਕਾਂ ਨੂੰ ਜਾਣਦੇ ਹਾਂ ਜੋ ਸਾਰੀ ਉਮਰ ਉਸੇ ਤਰ੍ਹਾਂ ਹੀ ਵਿਚਰਦੇ ਹਨ। ਸੁਭਾਅ ਜਿਸ 'ਤੇ ਪਰਿਵਾਰਕ ਸੰਸਕਾਰਾਂ ਦਾ ਵੀ ਪ੍ਰਭਾਵ ਪੈਂਦਾ ਹੈ, ਆਲੇ-ਦੁਆਲੇ ਦਾ ਵੀ, ਪਰ ਕੋਈ ਵੀ ਇਨਸਾਨ ਆਪਣੇ ਆਪ ਨੂੰ ਬਦਲਣ ਨੂੰ ਤਿਆਰ ਨਹੀਂ ਹੁੰਦਾ ਜਾਂ ਇਹ ਕਹਿ ਲਵੋ ਜੇਕਰ ਕਿਸੇ ਦੇ ਸੁਭਾਅ ਨੂੰ ਬਦਲਣ ਦੀ ਕਿਸੇ ਵਿੱਚ ਤਾਕਤ ਹੁੰਦੀ ਤਾਂ ਦੁਨੀਆਂ 'ਤੇ ਸਭ ਝਗੜੇ ਨਿੱਬੜ ਜਾਣੇ ਸਨ।

ਜੇਕਰ ਇੱਕ ਨੂੰਹ ਆਪਣੀ ਸੱਸ ਦੇ ਸੁਭਾਅ ਨੂੰ ਸਮਝ ਲਵੇ ਤਾਂ ਨੂੰਹ ਬਹੁਤ ਸੌਖੀ ਰਹਿ ਸਕਦੀ ਹੈ। ਘਰ ਦੇ ਵੱਖ-ਵੱਖ ਜੀਆਂ ਦਾ ਸੁਭਾਅ ਵੱਖਰਾ ਹੁੰਦਾ ਹੈ। ਜੇਕਰ ਸਾਰੇ ਜੀਅ ਇੱਕ-ਦੂਜੇ ਦੇ ਸੁਭਾਅ ਨੂੰ ਸਮਝਕੇ, ਵਿਚਰਦੇ ਰਹਿਣ ਤਾਂ ਲੜਾਈ ਝਗੜੇ ਦਾ ਮਤਲਬ ਹੀ ਨਹੀਂ।

ਮਿੱਠ-ਬੋਲੜੇ ਇਨਸਾਨ ਭਾਵੇਂ ਸਭ ਨੂੰ ਵਧੀਆ ਲੱਗਦੇ ਹਨ, ਪਰ ਇਹ ਜ਼ਰੂਰੀ ਨਹੀਂ ਕਿ ਉਹ ਮਿੱਠਾ ਬੋਲਣਾ, ਉਨ੍ਹਾਂ ਦਾ ਸੁਭਾਅ ਹੀ ਹੋਵੇ। ਅਸੀਂ ਕਿਸੇ ਵੀ ਇਨਸਾਨ ਦੇ ਬਾਹਰੀ ਜਾਂ ਪ੍ਰੋਫੈਸ਼ਨਲ ਸੁਭਾਅ ਨੂੰ ਹੀ ਜਾਣਦੇ ਹਾਂ, ਪਰ ਸਿਆਣੇ ਕਹਿੰਦੇ ਹਨ ਕਿ ਜਾਂ ਵਾਹ ਪਏ ਜਾਣੀਏ ਜਾਂ ਰਾਹ ਪਏ ਜਾਣੀਏ। ਸੁਭਾਅ ਹੀ ਸਾਡੀ ਸ਼ਖ਼ਸੀਅਤ ਦਾ ਮੁੱਢ ਹੁੰਦਾ ਹੈ। ਜਦੋਂ ਅਸੀਂ ਕਿਸੇ ਬਾਰੇ ਕਿਸੇ ਦੂਸਰੇ ਤੋਂ ਪੁੱਛਦੇ ਹਾਂ ਕਿ ਫਲਾਣਾ ਬੰਦਾ ਕਿਹੋ ਜਿਹਾ ਹੈ ਤਾਂ ਉੱਥੇ ਕਿਸੇ ਇਨਸਾਨ ਦੇ ਕੱਦ ਕਾਠ ਗੋਰੇ-ਕਾਲੇ ਰੰਗ ਦੀ ਨਹੀਂ, ਸਭ ਤੋਂ ਪਹਿਲਾਂ ਸੁਭਾਅ ਦੀ ਗੱਲ ਚੱਲਦੀ ਹੈ। ਕਹਿਣ ਤੋਂ ਭਾਵ ਸੁਭਾਅ ਇਨਸਾਨ ਦਾ ਮੁੱਢਲਾ ਪਛਾਣ ਚਿੰਨ੍ਹ ਹੈ। ਆਦਮੀ ਆਪਣੇ ਸੁਭਾਅ ਦਾ ਖੱਟਿਆ ਹੀ ਖਾਂਦਾ ਹੈ, ਆਪਣੇ ਸੁਭਾਅ ਨੂੰ ਮਖੌਟੇ ਵਿੱਚ ਪਾ ਕੇ ਰੱਖਣਾ ਵੀ ਇੱਕ ਕਲਾ ਹੈ, ਪਰ ਕਿਸੇ ਦੇ ਅਸਲ ਸੁਭਾਅ ਨੂੰ ਜਾਣ ਲੈਣਾ ਉਸ ਤੋਂ ਵੀ ਵੱਡੀ ਕਲਾ ਹੈ। ਸੋ ਇੱਕ-ਦੂਜੇ ਦੇ ਸੁਭਾਅ ਨੂੰ ਪਛਾਣੋ, ਜੇਕਰ ਕੋਈ ਚੰਗਾ ਹੈ ਤਾਂ ਇਹ ਜਾਣੋ ਕਿ ਉਹ ਚੰਗਾ ਕਿਉਂ ਹੈ? ਜੇਕਰ ਕੋਈ ਮਾੜਾ ਹੈ ਤਾਂ ਇਹ ਜਾਣੋ ਕਿ ਕੀ ਉਹ ਸੱਚਮੁੱਚ ਮਾਂ ਦੀ ਕੁੱਖ ਵਿੱਚੋਂ ਹੀ ਅਜਿਹਾ ਸੁਭਾਅ ਲੈ ਕੇ ਪੈਦਾ ਹੋਇਆ ਸੀ ਜਾਂ ਉਸਦੇ ਹਾਲਾਤ ਹੀ ਅਜਿਹੇ ਰਹੇ ਹਨ। ਜਦੋਂ ਅਸੀਂ ਇੱਕ-ਦੂਜੇ ਦੇ ਸੁਭਾਅ ਨੂੰ ਸਮਝਣ ਵਿੱਚ ਪਰਿਪੱਕ ਹੋ ਜਾਵਾਂਗੇ ਤਾਂ ਬਹੁਤ ਝਗੜੇ, ਸ਼ੰਕੇ ਦੂਰ ਹੋ ਜਾਣਗੇ।

ਸੰਪਰਕ: 98146-99446

# ...ਤਾਂ ਕਿ ਪਾਰਟੀ ਹੋਵੇ ਸ਼ਾਨਦਾਰ



- × ਪਾਰਟੀ ਵਿਚ ਸ਼ਾਮਿਲ ਹੋਣ ਵਾਲੇ ਲੋਕਾਂ ਦੀ ਇਕ ਸੂਚੀ ਬਣਾ ਲਓ ਅਤੇ ਉਨ੍ਹਾਂ ਨੂੰ ਇਕ ਹਫ਼ਤਾ ਪਹਿਲਾਂ ਹੀ ਸੱਦਾ ਦੇ ਦਿਓ ਤਾਂ ਕਿ ਤੁਹਾਡੀ ਪਾਰਟੀ ਵਿਚ ਸ਼ਰੀਕ ਹੋਣ ਲਈ ਉਨ੍ਹਾਂ ਨੂੰ ਕਿਸੇ ਮੁਸ਼ਕਿਲ ਦਾ ਸਾਹਮਣਾ ਨਾ ਕਰਨਾ ਪਵੇ।
- × ਆਉਣ ਵਾਲੇ ਮਹਿਮਾਨਾਂ ਦੀ ਗਿਣਤੀ ਜੇ ਜ਼ਿਆਦਾ ਹੋਵੇ ਤਾਂ ਘਰ ਦੀ ਬਜਾਏ ਬਾਹਰ ਲਾਅਨ ਵਿਚ ਪਾਰਟੀ ਦਾ ਆਯੋਜਨ ਕਰੋ, ਜਿਸ ਨਾਲ ਸਾਰੇ ਮਹਿਮਾਨਾਂ ਦਾ ਸਹੀ ਖਿਆਲ ਰੱਖਿਆ ਜਾ ਸਕੇ।
- × ਪਾਰਟੀ ਨਾਲ ਸਬੰਧਤ ਖ਼ਰੀਦਦਾਰੀ ਕਰੀਬ ਦੋ ਦਿਨ ਪਹਿਲਾਂ ਹੀ ਕਰ ਲਓ ਤਾਂ ਕਿ ਇਸ ਵਿਚ ਵਰਤੋਂ ਹੋਣ ਵਾਲੀਆਂ ਸਾਰੀਆਂ ਚੀਜ਼ਾਂ ਦਾ ਪ੍ਰਬੰਧ ਸਮੇਂ ਸਿਰ ਕੀਤਾ ਜਾ ਸਕੇ। ਆਖਰੀ ਪਲਾਂ ਵਿਚ ਭੱਜ-ਦੌੜ ਕਰਨਾ ਠੀਕ ਨਹੀਂ।
- × ਪਾਰਟੀ ਲਈ ਅਜਿਹੀ ਪੋਸ਼ਾਕ ਦੀ ਚੋਣ ਕਰੋ, ਜੋ ਆਕਰਸ਼ਿਕ ਤਾਂ ਹੋਵੇ ਹੀ, ਨਾਲ ਹੀ ਆਰਾਮਦਾਇਕ ਵੀ। ਜ਼ਿਆਦਾ ਤੰਗ ਜਾਂ ਕੱਟੇ-ਛਾਂਟੇ ਕੱਪੜਿਆਂ ਵਿਚ ਤੁਸੀਂ ਮੁਸ਼ਕਿਲ ਮਹਿਸੂਸ ਕਰ ਸਕਦੇ ਹੋ।
- × ਤੁਹਾਡੇ ਘਰ ਦੀ ਸਾਜ-ਸਜਾਵਟ ਅਜਿਹੀ ਹੋਵੇ, ਜੋ ਮਹਿਮਾਨਾਂ ਦਾ ਮਨ ਮੋਹ ਲਵੇ।
- × ਪਾਰਟੀ ਵਿਚ ਜ਼ਿਆਦਾ ਆਕਰਸ਼ਣ ਦਾ ਕੇਂਦਰ ਤੁਹਾਡਾ ਡਾਇਨਿੰਗ ਟੇਬਲ ਹੁੰਦਾ ਹੈ। ਇਸ ਲਈ ਇਸ ਦੀ ਸਜਾਵਟ 'ਤੇ ਵਿਸ਼ੇਸ਼ ਧਿਆਨ ਦਿਓ। ਨੈਪਕਿਨ, ਸਾਲਟ ਕੰਟੇਨਰ, ਆਈਸ ਬਾਕਸ, ਸਟ੍ਰਾ ਆਦਿ ਨੂੰ ਸਹੀ ਅਤੇ ਵਿਵਸਥਿਤ ਢੰਗ ਨਾਲ ਰੱਖੋ।
- × ਮਹਿਮਾਨਾਂ ਦੇ ਆਉਣ 'ਤੇ ਉਨ੍ਹਾਂ ਦਾ ਸਵਾਗਤ ਪੂਰੇ ਜੋਸ਼ੋ-ਖਰੋਸ਼ ਨਾਲ ਕਰੋ। ਕਿਸੇ ਖਾਸ ਜਾਂ ਕਰੀਬੀ ਮਿੱਤਰ ਦੇ ਨਾਲ ਜ਼ਿਆਦਾ ਘੁਲ-ਮਿਲ ਕੇ ਦੂਜਿਆਂ ਦੀ ਤੁਲਨਾ ਕਰਨਾ ਲਾਜ਼ਮੀ ਨਹੀਂ।
- × ਪਾਰਟੀ ਨੂੰ ਮਜ਼ੇਦਾਰ ਬਣਾਉਣ ਲਈ ਕੁਝ ਅਡਵੈਂਚਰਸ ਅਤੇ ਮਨੋਰੰਜਕ ਗੇਮ ਦਾ ਆਯੋਜਨ ਕਰੋ ਜੋ ਮਹਿਮਾਨਾਂ ਨੂੰ ਰੋਮਾਂਚਿਤ ਕਰ ਦੇਵੇ।
- × ਆਧੁਨਿਕ ਸੰਗੀਤ ਦੀਆਂ ਤਰੰਗਾਂ 'ਤੇ ਥਿਰਕਣਾ ਅੱਜ ਹਰ ਪਾਰਟੀ ਦੀ ਲੋੜ ਬਣ ਗਈ ਹੈ। ਇਸ ਲਈ ਮਿਊਜ਼ਿਕ ਦੀ ਵਿਵਸਥਾ ਪਹਿਲਾਂ ਤੋਂ ਹੀ ਰੱਖੋ।
- × ਪਾਰਟੀ ਵਿਚ ਪੇਸ਼ ਕੀਤੇ ਜਾਣ ਵਾਲੇ ਪਕਵਾਨ ਲਜ਼ੀਜ ਅਤੇ ਤਰ੍ਹਾਂ-ਤਰ੍ਹਾਂ ਦੇ ਹੋਣੇ ਚਾਹੀਦੇ ਹਨ ਜਿਵੇਂ ਮਿੱਠੇ, ਸਪਾਈਸੀ, ਚਟਪਟੇ ਆਦਿ, ਜਿਨ੍ਹਾਂ ਦਾ ਲੁਤਫ਼ ਹਰ ਕੋਈ ਉਠਾ ਸਕੇ।
- × ਪਾਰਟੀ ਨੂੰ ਸਮਾਪਤ ਕਰਨ ਦਾ ਸਮਾਂ ਲਗਪਗ ਨਿਸਚਤ ਰੱਖੋ। ਇਸ ਨੂੰ ਦੇਰ ਰਾਤ ਤੱਕ ਖਿੱਚਣ ਤੋਂ ਬਚੋ ਤਾਂ ਕਿ ਮਹਿਮਾਨਾਂ ਨੂੰ ਘਰ ਵਾਪਸ ਮੁੜਨ ਵਿਚ ਕੋਈ ਮੁਸ਼ਕਿਲ ਨਾ ਹੋਵੇ।
- × ਮਹਿਮਾਨਾਂ ਨੂੰ ਵਿਦਾਅ ਕਰਦੇ ਸਮੇਂ ਵੀ ਸ਼ਿਸ਼ਟਾਚਾਰ ਨਾਲ ਪੇਸ਼ ਆਓ ਅਤੇ ਉਨ੍ਹਾਂ ਦਾ ਪਾਰਟੀ ਵਿਚ ਸ਼ਾਮਿਲ ਹੋਣ ਲਈ ਧੰਨਵਾਦ ਕਰੋ।

-ਰਜਨੀ ਕੁਮਾਰੀ

# ਪੰਜਾਬ ਵਿੱਚ ਵਿਸ਼ੇਸ਼ ਗਹਿਰੀ ਸੁਧਾਈ 2026 ਸਫ਼ਲਤਾਪੂਰਵਕ ਮੁਕੰਮਲ: ਮੁੱਖ ਚੋਣ ਅਫ਼ਸਰ ਅਨਿੰਦਿਤਾ ਮਿਤਰਾ

**➢ ਸਾਰੇ 117 ਵਿਧਾਨ ਸਭਾ ਹਲਕਿਆਂ ਦੀਆਂ ਅੰਤਿਮ ਵੋਟਰ ਸੂਚੀਆਂ ਪ੍ਰਕਾਸ਼ਿਤ ➢ ਸੂਬਾ ਪੱਧਰ 'ਤੇ ਅੰਤਿਮ ਵੋਟਰ ਸੂਚੀ ਵਿੱਚ 7,97,263 ਨਵੇਂ ਵੋਟਰ ਸ਼ਾਮਲ ਕੀਤੇ ਗਏ ➢ ਮੁੱਖ ਚੋਣ ਅਫ਼ਸਰ ਨੇ ਪੰਜਾਬ ਦੇ ਵੋਟਰਾਂ, ਬੀ.ਐਲ.ਓਜ਼ ਅਤੇ ਸਿਆਸੀ ਪਾਰਟੀਆਂ ਦਾ ਸਹਿਯੋਗ ਲਈ ਧੰਨਵਾਦ ਕੀਤਾ ➢ ਸੀ.ਈ.ਓ. ਪੰਜਾਬ ਵੱਲੋਂ ਮਾਨਤਾ ਪ੍ਰਾਪਤ ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਸਾਰੇ 117 ਵਿਧਾਨ ਸਭਾ ਹਲਕਿਆਂ ਦੀਆਂ ਅੰਤਿਮ ਵੋਟਰ ਸੂਚੀਆਂ ਸੌਂਪੀਆਂ ਗਈਆਂ**



**ਚੰਡੀਗੜ੍ਹ, 17 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਭਾਰਤੀ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ 14.05.2026 ਦੇ ਨੋਟੀਫਿਕੇਸ਼ਨ ਮੱਦੇਨਜ਼ਰ ਵੋਟਰ ਸੂਚੀਆਂ ਦੀ ਵਿਸ਼ੇਸ਼ ਗਹਿਰੀ ਸੁਧਾਈ 2026 ਦੀ ਪ੍ਰਕਿਰਿਆ ਪੰਜਾਬ ਵਿੱਚ 25 ਜੂਨ 2026 ਤੋਂ ਸ਼ੁਰੂ ਕੀਤੀ ਗਈ ਸੀ। ਪੰਜਾਬ ਨੂੰ ਇਸ ਵਿਸ਼ੇਸ਼ ਗਹਿਰੀ ਸੁਧਾਈ,2026 ਦੇ ਤੀਜੇ ਪੜਾਅ ਵਿੱਚ ਸ਼ਾਮਲ ਕੀਤਾ ਗਿਆ ਸੀ। ਇਸ ਤਹਿਤ ਅੱਜ ਪੰਜਾਬ ਦੇ ਸਾਰੇ 117 ਵਿਧਾਨ ਸਭਾ ਹਲਕਿਆਂ ਦੀਆਂ ਅੰਤਿਮ ਵੋਟਰ ਸੂਚੀਆਂ ਪ੍ਰਕਾਸ਼ਿਤ ਕਰ ਦਿੱਤੀਆਂ ਗਈਆਂ ਹਨ।

ਮੁੱਖ ਚੋਣ ਅਫ਼ਸਰ ਪੰਜਾਬ, ਸ੍ਰੀਮਤੀ ਅਨਿੰਦਿਤਾ ਮਿਤਰਾ, ਆਈ.ਏ.ਐਸ. ਨੇ ਦੱਸਿਆ ਕਿ ਅੰਤਿਮ ਵੋਟਰ ਸੂਚੀਆਂ ਜ਼ਿਲ੍ਹਾ ਚੋਣ ਅਫ਼ਸਰਾਂ (ਡੀ.ਈ.ਓਜ਼), ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰਾਂ (ਈ.ਆਰ.ਓਜ਼) ਦੇ ਦਫ਼ਤਰਾਂ ਅਤੇ ਬੂਥ ਲੈਵਲ ਅਫ਼ਸਰਾਂ (ਬੀ.ਐਲ.ਓਜ਼) ਕੋਲ ਉਪਲਬਧ ਹਨ। ਇਹ ਸੂਚੀਆਂ ਮੁੱਖ ਚੋਣ ਅਫ਼ਸਰ, ਪੰਜਾਬ ਦੀ ਸਰਕਾਰੀ ਵੈੱਬਸਾਈਟ www.ceopunjab. gov.in ਅਤੇ ਨਾਗਰਿਕ ਸੇਵਾ ਪੋਰਟਲ www.voters.eci. gov.in ਤੋਂ ਵੀ ਡਾਊਨਲੋਡ ਕੀਤੀਆਂ ਜਾ ਸਕਦੀਆਂ ਹਨ।

ਸੀ.ਈ.ਓ. ਪੰਜਾਬ ਵੱਲੋਂ ਮਾਨਤਾ ਪ੍ਰਾਪਤ ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਸਾਰੇ 117 ਵਿਧਾਨ ਸਭਾ ਹਲਕਿਆਂ ਦੀਆਂ ਅੰਤਿਮ ਵੋਟਰ ਸੂਚੀਆਂ ਦੀਆਂ ਹਾਰਡ ਕਾਪੀਆਂ ਅਤੇ ਸਾਫਟ ਕਾਪੀਆਂ ਸੌਂਪੀਆਂ ਗਈਆਂ। ਉਨ੍ਹਾਂ ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਦੇ ਵਡਮੁੱਲੇ ਸਹਿਯੋਗ, ਖ਼ਾਸ ਕਰਕੇ ਸੂਬੇ ਭਰ ਵਿੱਚ ਤਾਇਨਾਤ 89,395 ਬੂਥ ਲੈਵਲ ਏਜੰਟਾਂ (ਬੀ.ਐਲ.ਏਜ਼) ਦਾ ਧੰਨਵਾਦ ਕੀਤਾ, ਜਿਨ੍ਹਾਂ ਦੀ ਸਰਗਰਮ ਭਾਗੀਦਾਰੀ ਸਦਕਾ ਇਹ ਕਾਰਜ ਨੇਪਰੇ ਚੜ੍ਹ ਸਕਿਆ।

ਪੰਜਾਬ ਵਿੱਚ 9 ਜੂਨ 2026 ਤੱਕ ਕੁੱਲ 2,14,61,043 ਰਜਿਸਟਰਡ ਵੋਟਰ ਸਨ, ਜਿਨ੍ਹਾਂ ਵਿੱਚ 1,11,76,866 ਪੁਰਸ਼, 1,02,83,478 ਮਹਿਲਾ ਅਤੇ 699 ਥਰਡ ਜੈਂਡਰ ਵੋਟਰ ਸ਼ਾਮਲ ਸਨ। ਘਰ-ਘਰ ਜਾ ਕੇ ਵੇਰਵੇ ਦਰਜ ਕਰਨ ਦੇ ਪੜਾਅ (25 ਜੂਨ ਤੋਂ 3 ਅਗਸਤ 2026) ਦੌਰਾਨ ਬੀ.ਐਲ.ਓਜ਼ ਨੇ ਰਜਿਸਟਰਡ ਵੋਟਰਾਂ ਨੂੰ ਗਣਨਾ ਫਾਰਮ ਵੰਡੇ ਅਤੇ ਇਕੱਤਰ ਕੀਤੇ।

ਖਰੜਾ ਵੋਟਰ ਸੂਚੀ 13 ਅਗਸਤ 2026 ਨੂੰ ਪ੍ਰਕਾਸ਼ਿਤ ਕੀਤੀ ਗਈ ਸੀ, ਜਿਸ ਵਿੱਚ ਕੁੱਲ 1,93,94,435 ਵੋਟਰ ਸਨ। ਦਾਅਵੇ ਅਤੇ ਇਤਰਾਜ਼ ਦਰਜ ਕਰਵਾਉਣ ਦੇ ਸਮੇਂ ਦੌਰਾਨ ਸਰਗਰਮ ਭਾਗੀਦਾਰੀ ਲਈ ਸੂਬੇ ਭਰ ਵਿੱਚ ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਖਰੜਾ ਵੋਟਰ ਸੂਚੀ ਦੀਆਂ ਕਾਪੀਆਂ ਮੁਹੱਈਆ ਕਰਵਾਈਆਂ ਗਈਆਂ ਸਨ।

ਦਾਅਵੇ ਅਤੇ ਇਤਰਾਜ਼ ਦਰਜ ਕਰਨ ਦੀ ਮਿਆਦ (13 ਅਗਸਤ ਤੋਂ 12 ਸਤੰਬਰ 2026) ਦੌਰਾਨ ਨਾਗਰਿਕਾਂ ਨੂੰ ਖਰੜਾ ਵੋਟਰ ਸੂਚੀ ਵਿੱਚ ਆਪਣੇ ਵੇਰਵਿਆਂ ਦੀ ਪੜਤਾਲ ਕਰਨ ਅਤੇ ਲੋੜ ਪੈਣ 'ਤੇ ਦਾਅਵੇ ਜਾਂ ਇਤਰਾਜ਼ ਦਰਜ ਕਰਵਾਉਣ ਲਈ ਉਤਸ਼ਾਹਿਤ ਕੀਤਾ ਗਿਆ। ਅਰਜ਼ੀਆਂ ਆਨਲਾਈਨ, ਈਸੀਆਈਨੈੱਟ ਮੋਬਾਈਲ ਐਪ ਰਾਹੀਂ, ਬੀ.ਐਲ.ਓਜ਼ ਰਾਹੀਂ ਆਫ਼ਲਾਈਨ ਜਾਂ ਈ.ਆਰ.ਓਜ਼ ਦੇ ਦਫ਼ਤਰਾਂ ਵਿੱਚ ਪ੍ਰਾਪਤ ਕੀਤੀਆਂ ਗਈਆਂ। ਇਸ ਦੌਰਾਨ ਸੀ.ਈ.ਓ. ਪੰਜਾਬ, 19 ਰੋਲ ਆਬਜ਼ਰਵਰਾਂ ਅਤੇ ਜ਼ਿਲ੍ਹਾ ਚੋਣ ਅਫ਼ਸਰਾਂ ਨੇ ਫੀਲਡ ਦਾ ਵਿਆਪਕ ਦੌਰਾ ਕੀਤਾ ਅਤੇ ਪ੍ਰਾਪਤ ਹੋਏ ਦਾਅਵਿਆਂ ਤੇ ਇਤਰਾਜ਼ਾਂ ਦੀ ਸੁਪਰ-ਚੈਕਿੰਗ ਕੀਤੀ।

ਨੋਟਿਸ ਪੜਾਅ/ਦਾਅਵਿਆਂ ਅਤੇ ਇਤਰਾਜ਼ਾਂ ਦੇ ਨਿਪਟਾਰੇ (13 ਅਗਸਤ ਤੋਂ 8 ਅਕਤੂਬਰ 2026) ਦੌਰਾਨ ਅਣ-ਮੈਪਡ ਵੋਟਰਾਂ ਅਤੇ ਤਰੁੱਟੀਆਂ ਵਾਲੇ ਵੋਟਰਾਂ ਨੂੰ ਨੋਟਿਸ ਜਾਰੀ ਕੀਤੇ ਗਏ। ਪਿੰਡ ਪੱਧਰ 'ਤੇ ਈ.ਆਰ.ਓਜ਼/ਏ.ਈ.ਆਰ.ਓਜ਼ ਵੱਲੋਂ ਸੁਣਵਾਈਆਂ ਕੀਤੀਆਂ ਗਈਆਂ ਅਤੇ ਦਸਤਾਵੇਜ਼ਾਂ ਤੇ ਬੀ.ਐਲ.ਓਜ਼ ਦੀਆਂ ਰਿਪੋਰਟਾਂ ਦੀ ਪੜਤਾਲ ਉਪਰੰਤ ਫ਼ੈਸਲੇ ਲਏ ਗਏ। ਸੀ.ਈ.ਓ. ਪੰਜਾਬ ਨੇ ਦੱਸਿਆ ਕਿ ਚੋਣ ਮਸ਼ੀਨਰੀ ਨੇ ਨੋਟਿਸ ਮਿਆਦ ਦੌਰਾਨ ਲੋਕਾਂ ਦੀ ਸਹੂਲਤ ਨੂੰ ਯਕੀਨੀ ਬਣਾਉਂਦਿਆਂ ਇੱਕ ਸੁਚਾਰੂ ਮਾਹੌਲ ਪ੍ਰਦਾਨ ਕੀਤਾ।

ਪਾਰਦਰਸ਼ਤਾ ਅਤੇ ਕੁਸ਼ਲਤਾ ਨੂੰ ਯਕੀਨੀ ਬਣਾਉਣ ਲਈ ਰਾਜ ਅਤੇ ਜ਼ਿਲ੍ਹਾ ਪੱਧਰ 'ਤੇ ਇੱਕ ਵਿਸ਼ੇਸ਼ 'ਦਸਤਾਵੇਜ਼ ਤਸਦੀਕ ਟੀਮ' ਦਾ ਗਠਨ ਕੀਤਾ ਗਿਆ ਸੀ। ਇਸ ਤੋਂ ਇਲਾਵਾ, ਸੂਬੇ ਭਰ ਵਿੱਚ ਸ਼ਿਕਾਇਤ ਨਿਵਾਰਨ ਦਾ ਮਜ਼ਬੂਤ ਪ੍ਰਬੰਧ ਕੀਤਾ ਗਿਆ, ਜਿੱਥੇ ਹਰੇਕ ਜ਼ਿਲ੍ਹੇ ਵਿੱਚ ਜ਼ਿਲ੍ਹਾ ਸ਼ਿਕਾਇਤ ਅਫ਼ਸਰਾਂ ਨੇ ਸ਼ਿਕਾਇਤਾਂ ਦਾ ਨਿਪਟਾਰਾ ਕੀਤਾ ਅਤੇ 1950 ਹੈਲਪਲਾਈਨ ਨੰਬਰ ਰਾਹੀਂ ਸਵੇਰੇ 8 ਵਜੇ ਤੋਂ ਸ਼ਾਮ 8 ਵਜੇ ਤੱਕ ਵੋਟਰਾਂ ਦੀਆਂ ਸਮੱਸਿਆਵਾਂ ਹੱਲ ਕੀਤੀਆਂ ਗਈਆਂ। ਵੋਟਰਾਂ ਦੀ ਮਦਦ ਲਈ ਈ.ਆਰ.ਓ. ਅਤੇ ਡੀ.ਈ.ਓ. ਪੱਧਰ 'ਤੇ ਹੈਲਪ ਡੈਸਕ ਵੀ ਸਥਾਪਿਤ ਕੀਤੇ ਗਏ ਸਨ।ਨੋਟਿਸ ਜਾਰੀ ਕੀਤੇ ਗਏ 35,49,036 ਵੋਟਰਾਂ ਵਿੱਚੋਂ 86,038 ਵੋਟਰਾਂ ਨੂੰ ਵਿਆਪਕ ਪੜਤਾਲ ਅਤੇ ਸਪੀਕਿੰਗ ਆਰਡਰਜ਼ ਰਾਹੀਂ ਅਯੋਗ ਕਰਾਰ ਦਿੱਤਾ ਗਿਆ।

ਖਰੜਾ ਸੂਚੀ ਦੇ ਕੁੱਲ 1,93,94,435 ਵੋਟਰਾਂ ਦੇ ਮੁਕਾਬਲੇ ਅੰਤਿਮ ਸੂਚੀ ਵਿੱਚ ਵੋਟਰਾਂ ਦੀ ਗਿਣਤੀ ਵਧ ਕੇ 2,01,00,727 ਹੋ ਗਈ ਹੈ, ਜੋ ਕਿ 3.64 ਫੀਸਦ ਦਾ ਵਾਧਾ ਦਰਸਾਉਂਦੀ ਹੈ। ਅੰਤਿਮ ਸੂਚੀ ਦੇ ਕੁੱਲ 2,01,00,727 ਵੋਟਰਾਂ ਵਿੱਚ 1,03,76,026 ਪੁਰਸ਼, 97,24,195 ਮਹਿਲਾ ਅਤੇ 506 ਥਰਡ ਜੈਂਡਰ ਵੋਟਰ ਸ਼ਾਮਲ ਹਨ।

ਸਰਵਿਸ ਵੋਟਰਾਂ ਨਾਲ ਸਬੰਧਤ ਸਪੈਸ਼ਲ ਸਮਰੀ ਰਵੀਜ਼ਨ ਦੀ ਅੰਤਿਮ ਵੋਟਰ ਸੂਚੀ (ਯੋਗਤਾ ਮਿਤੀ 01 ਅਕਤੂਬਰ 2026 ਦੇ ਆਧਾਰ 'ਤੇ) ਵੀ ਅੱਜ ਪ੍ਰਕਾਸ਼ਿਤ ਕਰ ਦਿੱਤੀ ਗਈ ਹੈ। ਵੋਟਰਾਂ ਦੀ ਪਹੁੰਚ ਨੂੰ ਆਸਾਨ ਬਣਾਉਣ ਲਈ ਸਾਰੇ ਜ਼ਿਲ੍ਹਿਆਂ ਵਿੱਚ ਪੋਲਿੰਗ ਸਟੇਸ਼ਨਾਂ ਦਾ ਰੈਸ਼ਨਲਾਈਜ਼ੇਸ਼ਨ ਕੀਤਾ ਗਿਆ, ਜਿਸ ਨਾਲ ਪੋਲਿੰਗ ਸਟੇਸ਼ਨਾਂ ਦੀ ਗਿਣਤੀ 24,453 ਤੋਂ ਵਧ ਕੇ 25,332 ਹੋ ਗਈ ਹੈ।

ਵੱਖ-ਵੱਖ ਮਾਧਿਅਮਾਂ ਰਾਹੀਂ ਇੱਕ ਮਹੀਨੇ ਲਈ 'ਸਵੀਪ' (ਸਿਸਟਮੈਟਿਕ ਵੋਟਰਜ਼ ਐਜੂਕੇਸ਼ਨ ਐਂਡ ਇਲੈਕਟੋਰਲ ਪਾਰਟੀਸਿਪੇਸ਼ਨ) ਯੋਜਨਾ ਲਾਗੂ ਕੀਤੀ ਗਈ। ਇਸ ਦੇ ਪ੍ਰਮੁੱਖ ਉਪਰਾਲਿਆਂ ਵਿੱਚ 23 ਜੂਨ ਨੂੰ ਐਸ.ਆਈ.ਆਰ. 2026 ਦੀ ਸ਼ੁਰੂਆਤ ਸ਼ਾਮਲ ਸੀ, ਜਿੱਥੇ 2,000 ਤੋਂ ਵੱਧ ਨੌਜਵਾਨਾਂ ਨੇ ਮਨੁੱਖੀ ਲੜੀ ਬਣਾਈ। ਇਸ ਤੋਂ ਇਲਾਵਾ ਮਹੱਤਵਪੂਰਨ ਤਾਰੀਖਾਂ 'ਤੇ ਐਸ.ਐਮ.ਐਸ. ਅਲਰਟ, ਰੇਡੀਓ ਜਿੰਗਲਜ਼, ਈ-ਰਿਕਸ਼ਾ ਰਾਹੀਂ ਆਡੀਓ ਸੰਦੇਸ਼ ਅਤੇ ਬੀ.ਐਲ.ਓਜ਼ ਵੱਲੋਂ ਮੁਨਾਦੀ ਕਰਵਾਈ ਗਈ। ਇਲੈਕਟੋਰਲ ਲਿਟਰੇਸੀ ਕਲੱਬਾਂ ਨੇ ਪੋਸਟਰ ਮੇਕਿੰਗ, ਵਿਚਾਰ-ਵਟਾਂਦਰਾ ਮੁਕਾਬਲੇ, ਸੈਮੀਨਾਰ ਅਤੇ ਰੰਗੋਲੀ ਮੁਕਾਬਲਿਆਂ ਰਾਹੀਂ ਨਾਗਰਿਕਾਂ ਨੂੰ ਪ੍ਰੇਰਿਤ ਕੀਤਾ, ਜਦਕਿ ਬੈਂਕਾਂ ਵਿੱਚ ਜਾਗਰੂਕਤਾ ਸਮੱਗਰੀ ਪ੍ਰਦਰਸ਼ਿਤ ਕੀਤੀ ਗਈ। ਸੋਸ਼ਲ ਮੀਡੀਆ ਮੁਹਿੰਮਾਂ ਵਿੱਚ ਸਵੀਪ ਆਈਕਨਾਂ ਅਤੇ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸ਼ਾਮਲ ਕੀਤਾ ਗਿਆ। ਵੋਟਰਾਂ ਨੂੰ ਆਪਣੇ ਵੇਰਵੇ ਚੈੱਕ ਕਰਨ ਅਤੇ ਜਮ੍ਹਾਂ ਕਰਵਾਉਣ ਦੀ ਸਹੂਲਤ ਲਈ 7 ਜੂਨ, 11-12 ਜੁਲਾਈ, 19 ਜੁਲਾਈ ਅਤੇ 16 ਅਗਸਤ 2026 ਨੂੰ ਪੋਲਿੰਗ ਬੂਥਾਂ 'ਤੇ ਵਿਸ਼ੇਸ਼ ਕੈਂਪ ਲਗਾਏ ਗਏ। ਨੌਜਵਾਨ ਵੋਟਰਾਂ ਦੇ ਨਾਂ ਦਰਜ ਕਰਨ ਲਈ ਪੰਜਾਬ ਭਰ ਦੇ ਕਾਲਜਾਂ ਅਤੇ ਸਕੂਲਾਂ ਵਿੱਚ ਵੀ ਵਿਸ਼ੇਸ਼ ਕੈਂਪ ਲਗਾਏ ਗਏ ਸਨ।

ਸੂਬਾ ਅਤੇ ਜ਼ਿਲ੍ਹਾ ਪੱਧਰ 'ਤੇ ਮਾਨਤਾ ਪ੍ਰਾਪਤ ਸਿਆਸੀ ਪਾਰਟੀਆਂ ਨਾਲ ਨਿਯਮਤ ਮੀਟਿੰਗਾਂ ਕੀਤੀਆਂ ਗਈਆਂ, ਜਿਸ ਨਾਲ ਸਮੁੱਚੀ ਪ੍ਰਕਿਰਿਆ ਦੌਰਾਨ ਉਨ੍ਹਾਂ ਦੀ ਸਰਗਰਮ ਸ਼ਮੂਲੀਅਤ ਯਕੀਨੀ ਬਣਾਈ ਗਈ। ਮੁੱਖ ਚੋਣ ਅਫ਼ਸਰ ਪੰਜਾਬ, ਸ਼੍ਰੀਮਤੀ ਅਨਿੰਦਿਤਾ ਮਿੱਤਰਾ ਨੇ ਦੁਹਰਾਇਆ ਕਿ ਸਾਰੇ ਯੋਗ ਵੋਟਰਾਂ ਤੱਕ ਪਹੁੰਚ ਕਰਨ ਲਈ ਹਰ ਸੰਭਵ ਯਤਨ ਕੀਤੇ ਗਏ ਹਨ। ਭਾਰਤੀ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਪੰਜਾਬ ਵਿੱਚ ਵਿਸ਼ੇਸ਼ ਗਹਿਰੀ ਸੁਧਾਈ 2026 ਸੁਚਾਰੂ, ਪਾਰਦਰਸ਼ੀ ਅਤੇ ਸਮਾਂਬੱਧ ਢੰਗ ਨਾਲ ਸਫ਼ਲਤਾਪੂਰਵਕ ਮੁਕੰਮਲ ਕੀਤੀ ਗਈ ਹੈ। ਇਸ ਕਾਰਜ ਦੀ ਸਫ਼ਲਤਾ ਚੋਣ ਮਸ਼ੀਨਰੀ ਦੇ ਯਤਨਾਂ, ਵੋਟਰਾਂ ਦੇ ਸਹਿਯੋਗ ਅਤੇ ਸਮੂਹ ਭਾਈਵਾਲਾਂ ਦੀ ਸਰਗਰਮ ਭਾਗੀਦਾਰੀ ਨੂੰ ਦਰਸਾਉਂਦੀ ਹੈ। ਮੁੱਖ ਚੋਣ ਅਫ਼ਸਰ ਨੇ ਅਪੀਲ ਕੀਤੀ ਕਿ ਜਿਹੜੇ ਯੋਗ ਵਿਅਕਤੀ ਕਿਸੇ ਵੀ ਕਾਰਨ ਕਰਕੇ ਅੰਤਿਮ ਵੋਟਰ ਸੂਚੀ ਦੇ ਪ੍ਰਕਾਸ਼ਨ ਤੋਂ ਬਾਅਦ ਵੀ ਸ਼ਾਮਲ ਹੋਣ ਤੋਂ ਰਹਿ ਗਏ ਹਨ ਜਾਂ ਨਵੇਂ ਵੋਟਰ ਵਜੋਂ ਨਾਂ ਦਰਜ ਕਰਵਾਉਣਾ ਚਾਹੁੰਦੇ ਹਨ, ਉਹ ਈ.ਸੀ.ਆਈ.ਨੈੱਟ ਐਪ ਰਾਹੀਂ ਆਨਲਾਈਨ ਜਾਂ ਆਪਣੇ ਸਬੰਧਤ ਬੀ.ਐਲ.ਓ. ਰਾਹੀਂ ਫਾਰਮ ਨੰਬਰ 6 ਭਰ ਕੇ ਆਫ਼ਲਾਈਨ ਅਪਲਾਈ ਕਰ ਸਕਦੇ ਹਨ।

## ਦਾ ਸੁਪੀਰੀਅਰ ਵਰਲਡ ਸਕੂਲ ਦੇ ਵਿਦਿਆਰਥੀਆਂ ਨੇ ਡਾਂਸ ਮੁਕਾਬਲੇ 'ਚ ਪਹਿਲਾ ਸਥਾਨ ਕੀਤਾ ਹਾਸਲ



**ਮਾਛੀਵਾੜਾ ਸਾਹਿਬ, 17 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਮਾਛੀਵਾੜਾ ਸਾਹਿਬ ਦੀ ਸਿਰਕੱਢ ਵਿੱਦਿਅਕ ਸੰਸਥਾ ਦਾ ਸੁਪੀਰੀਅਰ ਵਰਲਡ ਸਕੂਲ ਦੇ ਹੋਣਹਾਰ ਵਿਦਿਆਰਥੀਆਂ ਨੇ ਲੁਧਿਆਣਾ ਈਸਟ-ਖੰਨਾ ਸਹੋਦਿਆ ਸਕੂਲ ਕੰਪਲੈਕਸ ਵੱਲੋਂ ਕਰਵਾਏ ਗਏ ਇੰਟਰ-ਸਕੂਲ ਸਹੋਦਿਆ ਲੋਕ/ਕਲਾਸੀਕਲ ਡਾਂਸ ਮੁਕਾਬਲੇ 'ਚ ਪਹਿਲਾ ਸਥਾਨ ਹਾਸਲ ਕਰਕੇ ਸਕੂਲ ਦਾ ਨਾਂ ਰੌਸ਼ਨ ਕੀਤਾ ਹੈ। ਇਸ ਮੁਕਾਬਲੇ ਦਾ ਮੁੱਖ ਥੀਮ 'ਬੰਗਾਲੀ ਬਨਾਮ ਪੰਜਾਬੀ ਡਾਂਸ ਪੇਸ਼ਕਾਰੀ' ਸੀ ਜਿਸ ਵਿਚ ਵੱਖ-ਵੱਖ ਸਕੂਲਾਂ ਦੀਆਂ ਟੀਮਾਂ ਨੇ ਭਾਗ ਲਿਆ। ਦਾ ਸੁਪੀਰੀਅਰ ਵਰਲਡ ਸਕੂਲ ਦੇ ਵਿਦਿਆਰਥੀਆਂ ਨੇ ਆਪਣੀ ਸ਼ਾਨਦਾਰ ਪੇਸ਼ਕਾਰੀ ਨਾਲ ਦਰਸ਼ਕਾਂ ਦਾ ਮਨ ਮੋਹ ਲਿਆ ਅਤੇ ਪਹਿਲਾ ਸਥਾਨ ਪ੍ਰਾਪਤ ਕਰ ਟਰਾਫੀ ਨੂੰ ਹਾਸਲ ਕੀਤਾ।

ਇਸ ਮੌਕੇ ਜੇਤੂ ਟੀਮ ਦੇ ਵਿਦਿਆਰਥੀ ਅਨਾਮਿਕਾ ਹੰਸ, ਪੀਹੂ ਖਨੇਜਾ, ਦਿਵਿਆਂਸ਼ੀ, ਰਿਮਝਿਮ, ਅਵਨੀਤ ਕੌਰ, ਰਹਿਮਤ ਕੌਰ, ਆਸ਼ਨਾ, ਜਸ਼ਨਦੀਪ ਅਵੈਪਾਲ ਅਤੇ ਯਸ਼ਿਕਾ ਜੈਨ ਸ਼ਾਮਲ ਸਨ ਜਦਕਿ ਲੜਕਿਆਂ ਵਿਚ ਜਤਿਨ ਅਭੈਪਾਲ, ਅਰਸ਼ਪ੍ਰੀਤ ਸਿੰਘ, ਤੋਸ਼ਨ ਰਾਜਪੂਤ, ਯੁੱਧਵੀਰ ਸਿੰਘ, ਗੁਰਨੂਰ ਸਿੰਘ ਭੱਟੀ, ਪ੍ਰਦੀਪ ਸਿੰਘ, ਜਸਕਰਨ ਸਿੰਘ, ਜਗਦੀਪ ਸਿੰਘ ਅਤੇ ਰੋਮਿਤ ਸਨ। ਸਕੂਲ ਪ੍ਰਿੰਸੀਪਲ ਰਸ਼ਮੀ ਸ਼ਰਮਾ ਨੇ ਜੇਤੂ ਟੀਮ ਦੀ ਹੌਸਲਾ ਅਫ਼ਜਾਈ ਕਰਦਿਆਂ ਕਿਹਾ ਕਿ ਇਨ੍ਹਾਂ ਵਿਦਿਆਰਥੀਆਂ ਨੂੰ ਡਾਂਸ ਸਿਖਾਉਣ ਵਿਚ ਕੋਰਿਓਗ੍ਰਾਫ਼ੀ ਟੀਮ ਭਜਨ, ਪ੍ਰੀਤੀ, ਮਨੋਜ ਅਤੇ ਜੈਸਮੀਨ ਨੇ ਅਹਿਮ ਯੋਗਦਾਨ ਪਾਇਆ। ਵਿਦਿਆਰਥੀਆਂ ਦੀਆਂ ਆਕਰਸ਼ਕ ਪੌਸ਼ਾਕਾਂ ਤਿਆਰ ਕਰਨ ਲਈ ਈ.ਟੀ. ਕਾਸਟਿਊਮ ਦੀ ਟੀਮ ਦੇ ਡੇਜ਼ੀ, ਗਗਨ, ਡਿੰਪਲ, ਜਸਵਿੰਦਰ ਕੌਰ ਅਤੇ ਜਯੋਤੀ ਦਾ ਵੀ ਧੰਨਵਾਦ ਕੀਤਾ ਗਿਆ। ਪ੍ਰਿੰਸੀਪਲ ਨੇ ਕਿਹਾ ਕਿ ਸਕੂਲ ਵਿਦਿਆਰਥੀਆਂ ਦੀ ਵੱਡੀ ਪ੍ਰਾਪਤੀ ਲਈ ਸਾਰੀ ਟੀਮ ਦੀ ਮਿਹਨਤ ਹੈ।

## ਰਾਮਲੀਲਾ ਦ੍ਰਿਸ਼ਾਂ ਨੇ ਦਰਸ਼ਕ ਕੀਲੇ

**ਮਾਛੀਵਾੜਾ ਸਾਹਿਬ, 17 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਇੰਦਰਾ ਕਲੋਨੀ ਸ਼੍ਰੀ ਮਾਛੀਵਾੜਾ ਸਾਹਿਬ ਵਿਖੇ ਕਾਰਵਾਈ ਜਾ ਰਹੀ ਬਾਲ ਰਾਮ ਲੀਲਾ ਦੀ ਚੌਥੀ ਰਾਤ ਛੋਟੇ ਛੋਟੇ ਕਲਾਕਾਰਾਂ ਦੀ ਕਲਾਕਾਰੀ ਨੇ ਦਰਸ਼ਕਾਂ ਦਾ ਮਨ ਮੋਹ ਲਿਆ। ਇਸ ਰਾਤ ਭਗਵਾਨ ਸ਼੍ਰੀ ਰਾਮ ਅਤੇ ਸੀਤਾ ਮਾਤਾ ਦੇ ਸਵੰਬਰ ਦੇ ਸੀਨ ਦਿਖਾਏ ਗਏ। ਇਸ ਮੌਕੇ ਡਾ.ਮਨਪ੍ਰੀਤ ਸਿੰਘ ਕੈਨੇਡਾ, ਗੁਰਦੀਪ ਸਿੰਘ, ਬਲਵੀਰ ਅਤੇ ਇੰਦਰਜੀਤ ਸਿੰਘ ਨੇ ਮੁੱਖ ਮਹਿਮਾਨ ਦੇ ਤੌਰ ਤੇ ਸ਼ਿਰਕਤ ਕੀਤੀ ਅਤੇ ਅਤੇ ਬਾਲ ਕਲਾਕਾਰਾ ਦੀ ਸ਼ਿਫਤ ਕਰਦਿਆਂ ਕਿਹਾ ਕੇ ਏਨੀਆਂ ਛੋਟੀਆਂ ਉਮਰਾਂ ਵਿੱਚ ਇੰਨੀ ਦਮਦਾਰ ਕਲਾਕਾਰੀ ਕਰਨਾ ਸੌਖਾ ਨਹੀਂ ਹੈ। ਅਜਿਹੀਆਂ ਧਾਰਮਿਕ ਅਤੇ ਸੱਭਿਆਚਾਰਕ ਗਤੀਵਿਧੀਆਂ ਬੱਚਿਆ ਨੂੰ ਵਧੀਆ ਕਦਰਾਂ ਕੀਮਤਾਂ ਨਾਲ ਜੋੜਦੀਆਂ ਹਨ। ਇਸ ਮੌਕੇ ਓਹਨਾ ਦਾ ਬਾਲ ਰਾਮਲੀਲਾ ਕਮੇਟੀ ਦੇ ਪ੍ਰਧਾਨ ਸਤਪਾਲ ਸਿੰਘ ਵੱਲੋਂ ਸਨਮਾਨਤ ਕੀਤਾ ਗਿਆ।

ਇਸ ਮੌਕੇ ਪ੍ਰੰਨਣ ਮਹਿਰਾ,ਦੀਨਾ ਨਾਥ, ਜਗਮੋਹਨ ਮਹਿਰਾ ,ਗਗਨ ਮਹਿਰਾ,ਬੌਬੀ ਮਹਿਰਾ, ਚਰਨਜੀਤ ਸਿੰਘ, ਸੂਰਜ ਕੁਮਾਰ ਆਦਿ ਹਾਜਿਰ ਸਨ।

# ਆਮ ਆਦਮੀ ਪਾਰਟੀ, ਚੰਡੀਗੜ੍ਹ ਦੇ ਪ੍ਰਭਾਰੀ ਅਤੇ ਹਲਕਾ ਤਿਲਕ ਨਗਰ ਦੇ ਵਿਧਾਇਕ ਜਰਨੈਲ ਸਿੰਘ ਨੇ ਲਿਖਿਆ ਖੁੱਲ੍ਹਾ ਪੱਤਰ

**ਬੰਗਲਾ ਸਾਹਿਬ ਵਿਖੇ ਪੁਲਿਸ ਕਾਰਵਾਈ 'ਤੇ ਆਮ ਆਦਮੀ ਪਾਰਟੀ ਚੰਡੀਗੜ੍ਹ ਦੇ ਪ੍ਰਭਾਰੀ ਅਤੇ ਵਿਧਾਇਕ ਜਰਨੈਲ ਸਿੰਘ ਨੇ DSGMC ਦੇ ਸਮੂਹ ਮੈਂਬਰਾਂ ਨੂੰ ਲਿਖਿਆ ਖੁੱਲ੍ਹਾ ਪੱਤਰ, 10 ਸਵਾਲਾਂ ਦੇ ਜਵਾਬ ਜਨਤਕ ਕਰਨ ਦੀ ਮੰਗ**

**ਚੰਡੀਗੜ੍ਹ, 17 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਆਮ ਆਦਮੀ ਪਾਰਟੀ ਦੇ ਚੰਡੀਗੜ੍ਹ ਪ੍ਰਭਾਰੀ ਅਤੇ ਦਿੱਲੀ ਦੀ ਤਿਲਕ ਨਗਰ ਵਿਧਾਨ ਸਭਾ ਸੀਟ ਤੋਂ ਵਿਧਾਇਕ ਜਰਨੈਲ ਸਿੰਘ ਨੇ 10 ਅਕਤੂਬਰ ਨੂੰ ਗੁਰਦੁਆਰਾ ਸ੍ਰੀ ਬੰਗਲਾ ਸਾਹਿਬ ਵਿਖੇ ਹੋਈ ਪੁਲਿਸ ਕਾਰਵਾਈ ਦੇ ਸਬੰਧ ਵਿੱਚ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਮੂਹ ਮੈਂਬਰਾਂ ਨੂੰ ਇੱਕ ਵਿਸਤ੍ਰਿਤ ਖੁੱਲ੍ਹਾ ਪੱਤਰ ਲਿਖ ਕੇ 10 ਅਹਿਮ ਸਵਾਲ ਉਠਾਏ ਹਨ। ਉਨ੍ਹਾਂ ਨੇ ਕਮੇਟੀ ਦੇ ਮੈਂਬਰਾਂ ਤੋਂ ਮੰਗ ਕੀਤੀ ਹੈ ਕਿ ਉਹ ਇਸ ਮਾਮਲੇ ਵਿੱਚ ਆਪਣੀ ਭੂਮਿਕਾ ਸਪੱਸ਼ਟ ਕਰਨ ਅਤੇ ਸੰਗਤ ਦੇ ਮਨਾਂ ਵਿੱਚ ਉੱਠ ਰਹੇ ਸਵਾਲਾਂ ਤੇ ਸ਼ੰਕਿਆਂ ਦੇ ਲਿਖਤੀ ਜਵਾਬ ਜਲਦ ਤੋਂ ਜਲਦ ਜਨਤਕ ਕਰਨ।

ਜਰਨੈਲ ਸਿੰਘ ਨੇ ਆਪਣੇ ਪੱਤਰ ਵਿੱਚ ਕਿਹਾ ਕਿ ਸਿੱਖ ਧਰਮ ਦੀਆਂ ਬੁਨਿਆਦੀ ਸਿੱਖਿਆਵਾਂ ਸ਼ਰਨ ਵਿੱਚ ਆਏ ਵਿਅਕਤੀ ਦੀ ਰੱਖਿਆ ਕਰਨ, ਮਨੁੱਖਤਾ ਦਾ ਸਤਿਕਾਰ ਕਰਨ ਅਤੇ ਜ਼ੁਲਮ ਤੇ ਬੇਇਨਸਾਫ਼ੀ ਵਿਰੁੱਧ ਖੜ੍ਹੇ ਹੋਣ ਦਾ ਸੰਦੇਸ਼ ਦਿੰਦੀਆਂ ਹਨ। ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ 'ਤੇ ਚੱਲਦਿਆਂ ਸਿੱਖ ਕੌਮ ਨੇ ਸਦੀਆਂ ਤੋਂ ਧਰਮ, ਜਾਤ ਅਤੇ ਸਿਆਸੀ ਵਿਚਾਰਧਾਰਾ ਤੋਂ ਉੱਪਰ ਉੱਠ ਕੇ ਲੋੜਵੰਦਾਂ ਦੀ ਸਹਾਇਤਾ ਕਰਨ ਅਤੇ ਮਨੁੱਖਤਾ ਦੀ ਸੇਵਾ ਕਰਨ ਦੀ ਮਹਾਨ ਪਰੰਪਰਾ ਕਾਇਮ ਰੱਖੀ ਹੈ। ਉਨ੍ਹਾਂ ਕਿਹਾ ਕਿ 10 ਅਕਤੂਬਰ ਨੂੰ ਗੁਰਦੁਆਰਾ ਸ੍ਰੀ ਬੰਗਲਾ ਸਾਹਿਬ ਵਿਖੇ ਵਾਪਰੀ ਘਟਨਾ ਨੇ ਗੁਰੂ ਘਰ ਦੀ ਮਰਿਆਦਾ, ਸੰਗਤ ਦੇ ਸਤਿਕਾਰ ਅਤੇ ਗੁਰਦੁਆਰਾ ਪ੍ਰਬੰਧਕਾਂ ਦੀ ਜਵਾਬਦੇਹੀ ਬਾਰੇ ਗੰਭੀਰ ਸਵਾਲ ਖੜ੍ਹੇ ਕੀਤੇ ਹਨ।

**ਪੁਲਿਸ ਕਾਰਵਾਈ ਅਤੇ ਗੁਰੂ ਘਰ ਦੀ ਮਰਿਆਦਾ ਬਾਰੇ ਸਵਾਲ**

ਜਰਨੈਲ ਸਿੰਘ ਨੇ ਪੁੱਛਿਆ ਕਿ ਕੀ DSGMC ਦੇ ਮੈਂਬਰ ਗੁਰਦੁਆਰਾ ਸਾਹਿਬ ਦੇ ਪਵਿੱਤਰ ਪਰਿਸਰ ਵਿੱਚ ਪੁਲਿਸ ਮੁਲਾਜ਼ਮਾਂ ਵੱਲੋਂ ਬੂਟ ਪਾ ਕੇ, ਸਿਰਾਂ 'ਤੇ ਟੋਪੀਆਂ ਪਾ ਕੇ ਅਤੇ ਡੰਡਿਆਂ ਸਮੇਤ ਦਾਖ਼ਲ ਹੋਣ ਅਤੇ ਸੰਗਤ ਨੂੰ ਕਥਿਤ ਤੌਰ 'ਤੇ ਖਿੱਚ ਕੇ ਬਾਹਰ ਕੱਢਣ ਦੀ ਕਾਰਵਾਈ ਨੂੰ ਜਾਇਜ਼ ਮੰਨਦੇ ਹਨ। ਉਨ੍ਹਾਂ ਕਿਹਾ ਕਿ ਗੁਰਦੁਆਰਾ ਸਾਹਿਬ ਸਿਰਫ਼ ਇੱਕ ਧਾਰਮਿਕ ਸਥਾਨ ਨਹੀਂ, ਸਗੋਂ ਸ਼ਰਧਾ, ਸੇਵਾ, ਬਰਾਬਰੀ ਅਤੇ ਮਨੁੱਖਤਾ ਦਾ ਕੇਂਦਰ ਹੈ। ਅਜਿਹੇ ਪਵਿੱਤਰ ਸਥਾਨ 'ਤੇ ਹੋਈ ਕਿਸੇ ਵੀ ਕਾਰਵਾਈ ਬਾਰੇ ਕਮੇਟੀ ਨੂੰ ਤੱਥ ਸਪੱਸ਼ਟ ਕਰਨੇ ਚਾਹੀਦੇ ਹਨ ਅਤੇ ਸੰਗਤ ਦੀਆਂ ਧਾਰਮਿਕ ਭਾਵਨਾਵਾਂ ਤੇ ਸਤਿਕਾਰ ਨਾਲ ਜੁੜੇ ਸਵਾਲਾਂ ਦੇ ਜਵਾਬ ਦੇਣੇ ਚਾਹੀਦੇ ਹਨ।

ਉਨ੍ਹਾਂ ਸਵਾਲ ਕੀਤਾ ਕਿ ਜਦੋਂ ਗੁਰਦੁਆਰਾ ਸਾਹਿਬ ਦੇ ਪਰਿਸਰ ਵਿੱਚ ਕੋਈ ਵਿਵਾਦ ਜਾਂ ਅਣਸੁਖਾਵੀਂ ਘਟਨਾ ਵਾਪਰਦੀ ਹੈ, ਤਾਂ ਗੁਰੂ ਘਰ ਦੀ ਮਰਿਆਦਾ ਕਾਇਮ ਰੱਖਣ ਅਤੇ ਸੰਗਤ ਦੇ ਹਿੱਤਾਂ ਦੀ ਰੱਖਿਆ ਕਰਨ ਦੀ ਮੁੱਢਲੀ ਜ਼ਿੰਮੇਵਾਰੀ ਕਿਸ ਦੀ ਹੈ। ਕੀ ਇਹ ਜ਼ਿੰਮੇਵਾਰੀ DSGMC ਦੀ ਨਹੀਂ ਹੈ ? ਕੀ ਹੁਣ ਗੁਰਦੁਆਰਾ ਸਾਹਿਬ ਦੇ ਪਰਿਸਰ ਵਿੱਚ ਮਰਿਆਦਾ ਕਾਇਮ ਰੱਖਣ ਦੀ ਜ਼ਿੰਮੇਵਾਰੀ ਵੀ ਦਿੱਲੀ ਪੁਲਿਸ ਨੂੰ ਸੌਂਪ ਦਿੱਤੀ ਗਈ ਹੈ ? ਉਨ੍ਹਾਂ ਕਿਹਾ ਕਿ ਕਮੇਟੀ ਨੂੰ ਸਪੱਸ਼ਟ ਕਰਨਾ ਚਾਹੀਦਾ ਹੈ ਕਿ ਘਟਨਾ ਸਮੇਂ ਉਸ ਵੱਲੋਂ ਕੀ ਕਦਮ ਚੁੱਕੇ ਗਏ ਅਤੇ ਸੰਗਤ ਦੇ ਸਤਿਕਾਰ ਦੀ ਰੱਖਿਆ ਲਈ ਕੀ ਯਤਨ ਕੀਤੇ ਗਏ

**FIR ਦਰਜ ਕਰਵਾਉਣ ਦੇ ਫ਼ੈਸਲੇ 'ਤੇ ਸਪੱਸ਼ਟੀਕਰਨ ਮੰਗਿਆ**

AAP ਚੰਡੀਗੜ੍ਹ ਦੇ ਪ੍ਰਭਾਰੀ ਨੇ ਪ੍ਰਦਰਸ਼ਨਕਾਰੀਆਂ ਵਿਰੁੱਧ FIR ਦਰਜ ਕਰਵਾਉਣ ਦੇ ਫ਼ੈਸਲੇ ਬਾਰੇ ਵੀ ਸਵਾਲ ਉਠਾਏ। ਉਨ੍ਹਾਂ ਪੁੱਛਿਆ ਕਿ ਕੀ ਇਹ ਫ਼ੈਸਲਾ DSGMC ਦੀ ਕਿਸੇ ਅਧਿਕਾਰਤ ਮੀਟਿੰਗ ਵਿੱਚ ਲਿਆ ਗਿਆ ਸੀ ਅਤੇ ਕੀ ਕਮੇਟੀ ਦੇ ਸਾਰੇ ਮੈਂਬਰ ਇਸ ਨਾਲ ਸਹਿਮਤ ਸਨ। ਜੇਕਰ ਇਸ ਸਬੰਧੀ ਕੋਈ ਮੀਟਿੰਗ ਹੋਈ ਸੀ, ਤਾਂ ਉਸ ਦੇ ਫ਼ੈਸਲੇ ਅਤੇ ਕਾਰਵਾਈ ਦਾ ਵੇਰਵਾ ਜਨਤਕ ਕੀਤਾ ਜਾਣਾ ਚਾਹੀਦਾ ਹੈ, ਤਾਂ ਜੋ ਸੰਗਤ ਨੂੰ ਪਤਾ ਲੱਗ ਸਕੇ ਕਿ ਸ਼ਿਕਾਇਤ ਦਰਜ ਕਰਵਾਉਣ ਦਾ ਫ਼ੈਸਲਾ ਕਿਹੜੀਆਂ ਸਥਿਤੀਆਂ ਵਿੱਚ ਅਤੇ ਕਿਸ ਪ੍ਰਕਿਰਿਆ ਅਧੀਨ ਲਿਆ ਗਿਆ।

ਉਨ੍ਹਾਂ ਇਹ ਵੀ ਪੁੱਛਿਆ ਕਿ ਕੀ ਕਮੇਟੀ ਨੇ ਪ੍ਰਦਰਸ਼ਨਕਾਰੀਆਂ ਵਿਰੁੱਧ ਸ਼ਿਕਾਇਤ ਦੇਣ ਦੇ ਨਾਲ-ਨਾਲ ਪੁਲਿਸ ਦੀ ਕਾਰਵਾਈ, ਸੰਗਤ ਨਾਲ ਕਥਿਤ ਦੁਰਵਿਹਾਰ ਅਤੇ ਇੱਕ ਸਿੱਖ ਵਿਦਿਆਰਥੀ ਦੀ ਪੱਗ ਉਤਾਰੇ ਜਾਣ ਸਬੰਧੀ ਲੱਗੇ ਦੋਸ਼ਾਂ ਦੀ ਨਿਰਪੱਖ ਜਾਂਚ ਦੀ ਮੰਗ ਵੀ ਕੀਤੀ ਸੀ। ਜਰਨੈਲ ਸਿੰਘ ਨੇ ਕਿਹਾ ਕਿ ਜੇਕਰ ਘਟਨਾ ਦੇ ਵੱਖ-ਵੱਖ ਪਹਿਲੂਆਂ ਨੂੰ ਲੈ ਕੇ ਦੋਸ਼ ਲੱਗ ਰਹੇ ਹਨ, ਤਾਂ ਸਾਰੇ ਸਬੰਧਤ ਪੱਖਾਂ ਦੀ ਭੂਮਿਕਾ ਦੀ ਨਿਰਪੱਖ ਜਾਂਚ ਹੋਣੀ ਚਾਹੀਦੀ ਹੈ।

ਇੱਕ ਪੱਖ ਵਿਰੁੱਧ ਕਾਰਵਾਈ ਦੀ ਮੰਗ ਕਰਦਿਆਂ ਦੂਜੇ ਗੰਭੀਰ ਦੋਸ਼ਾਂ ਨੂੰ ਅਣਡਿੱਠਾ ਨਹੀਂ ਕੀਤਾ ਜਾਣਾ ਚਾਹੀਦਾ।

ਉਨ੍ਹਾਂ ਘਟਨਾ ਦੀ ਪੂਰੀ CCTV ਫੁਟੇਜ ਸੁਰੱਖਿਅਤ ਰੱਖਣ, ਸਬੰਧਤ ਰਿਕਾਰਡ ਨਾਲ ਕਿਸੇ ਵੀ ਤਰ੍ਹਾਂ ਦੀ ਛੇੜਛਾੜ ਨਾ ਹੋਣ ਦੇਣ ਅਤੇ ਜਾਂਚ ਏਜੰਸੀਆਂ ਨੂੰ ਫੁਟੇਜ ਮੁਹੱਈਆ ਕਰਵਾਉਣ ਲਈ ਚੁੱਕੇ ਗਏ ਕਦਮਾਂ ਦਾ ਵੇਰਵਾ ਵੀ ਮੰਗਿਆ। ਉਨ੍ਹਾਂ ਕਿਹਾ ਕਿ ਨਿਰਪੱਖ ਜਾਂਚ ਅਤੇ ਤੱਥਾਂ ਦੀ ਪਾਰਦਰਸ਼ੀ ਪੇਸ਼ਕਾਰੀ ਨਾਲ ਹੀ ਸੰਗਤ ਦੇ ਮਨਾਂ ਵਿੱਚ ਉੱਠ ਰਹੇ ਸਵਾਲਾਂ ਦਾ ਹੱਲ ਹੋ ਸਕਦਾ ਹੈ।

**ਅਸ਼ੋਕਾ ਰੋਡ ਦੇ ਰਸਤੇ ਅਤੇ ਪੁਲਿਸ ਦੀ ਇਜਾਜ਼ਤ ਬਾਰੇ ਸਵਾਲ**

ਜਰਨੈਲ ਸਿੰਘ ਨੇ ਅਸ਼ੋਕਾ ਰੋਡ ਤੋਂ ਗੁਰਦੁਆਰਾ ਸ੍ਰੀ ਬੰਗਲਾ ਸਾਹਿਬ ਵੱਲ ਆਉਣ ਵਾਲੇ ਰਸਤੇ ਦੀ ਕਾਨੂੰਨੀ ਅਤੇ ਪ੍ਰਬੰਧਕੀ ਸਥਿਤੀ ਸਪੱਸ਼ਟ ਕਰਨ ਦੀ ਮੰਗ ਕੀਤੀ। ਉਨ੍ਹਾਂ ਪੁੱਛਿਆ ਕਿ ਕੀ ਇਹ ਰਸਤਾ ਗੁਰਦੁਆਰਾ ਸਾਹਿਬ ਦੇ ਪ੍ਰਬੰਧਕੀ ਪਰਿਸਰ ਦਾ ਹਿੱਸਾ ਹੈ ਜਾਂ ਆਮ ਜਨਤਕ ਰਸਤਾ। ਜੇਕਰ ਇਹ ਰਸਤਾ ਗੁਰਦੁਆਰਾ ਪ੍ਰਬੰਧਕਾਂ ਦੇ ਅਧਿਕਾਰ ਖੇਤਰ ਵਿੱਚ ਆਉਂਦਾ ਹੈ ਅਤੇ ਉੱਥੇ ਦਾਖ਼ਲ ਹੋਣ ਲਈ ਕਮੇਟੀ ਦੀ ਇਜਾਜ਼ਤ ਲੋੜੀਂਦੀ ਸੀ, ਤਾਂ ਕੀ 10 ਅਕਤੂਬਰ ਨੂੰ ਪੁਲਿਸ ਨੇ ਦਾਖ਼ਲ ਹੋਣ ਤੋਂ ਪਹਿਲਾਂ ਇਜਾਜ਼ਤ ਲਈ ਸੀ ?

ਉਨ੍ਹਾਂ ਅੱਗੇ ਪੁੱਛਿਆ ਕਿ ਜੇਕਰ ਇਜਾਜ਼ਤ ਦਿੱਤੀ ਗਈ ਸੀ, ਤਾਂ ਕਿਸ ਅਹੁਦੇਦਾਰ ਨੇ ਮਨਜ਼ੂਰੀ ਦਿੱਤੀ ਅਤੇ ਕੀ ਇਸ ਦਾ ਕੋਈ ਲਿਖਤੀ ਰਿਕਾਰਡ ਮੌਜੂਦ ਹੈ। ਜੇਕਰ ਇਜਾਜ਼ਤ ਨਹੀਂ ਲਈ ਗਈ ਸੀ, ਤਾਂ ਕੀ DSGMC ਨੇ ਦਿੱਲੀ ਪੁਲਿਸ ਤੋਂ ਸਪੱਸ਼ਟੀਕਰਨ ਮੰਗਿਆ ਹੈ ? ਉਨ੍ਹਾਂ ਕਿਹਾ ਕਿ ਇਸ ਮਾਮਲੇ ਵਿੱਚ ਸਪੱਸ਼ਟ ਜਾਣਕਾਰੀ ਸਾਹਮਣੇ ਆਉਣੀ ਚਾਹੀਦੀ ਹੈ, ਤਾਂ ਜੋ ਰਸਤੇ ਦੀ ਸਥਿਤੀ, ਅਧਿਕਾਰ ਖੇਤਰ ਅਤੇ ਪੁਲਿਸ ਦੀ ਕਾਰਵਾਈ ਬਾਰੇ ਕੋਈ ਭੰਬਲਭੂਸਾ ਨਾ ਰਹੇ।

**ਸ੍ਰੀ ਅਕਾਲ ਤਖ਼ਤ ਸਾਹਿਬ ਦੇ ਹੁਕਮਨਾਮੇ ਅਤੇ RSS ਬਾਰੇ ਸਵਾਲ**

ਆਪਣੇ ਪੱਤਰ ਵਿੱਚ ਜਰਨੈਲ ਸਿੰਘ ਨੇ 23 ਜੁਲਾਈ 2004 ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ RSS ਅਤੇ ਰਾਸ਼ਟਰੀ ਸਿੱਖ ਸੰਗਤ ਸਬੰਧੀ ਜਾਰੀ ਕੀਤੇ ਹੁਕਮਨਾਮੇ ਅਤੇ ਇਸ ਨਾਲ ਜੁੜੀਆਂ ਹਦਾਇਤਾਂ ਦੀ ਪਾਲਣਾ ਬਾਰੇ ਵੀ ਸਵਾਲ ਉਠਾਏ। ਉਨ੍ਹਾਂ DSGMC ਦੇ ਮੈਂਬਰਾਂ ਤੋਂ ਪੁੱਛਿਆ ਕਿ ਕੀ ਉਹ ਇਸ ਹੁਕਮਨਾਮੇ ਅਤੇ ਸਬੰਧਤ ਹਦਾਇਤਾਂ ਦੀ ਪਾਲਣਾ ਕਰਦੇ ਹਨ। ਉਨ੍ਹਾਂ ਇਹ ਵੀ ਪੁੱਛਿਆ ਕਿ ਕੀ ਉਨ੍ਹਾਂ ਨੇ ਖ਼ੁਦ ਜਾਂ ਕਮੇਟੀ ਦੇ ਹੋਰ ਮੈਂਬਰਾਂ ਨੇ RSS ਜਾਂ ਇਸ ਨਾਲ ਸਬੰਧਤ ਸੰਗਠਨਾਂ ਦੇ ਪ੍ਰੋਗਰਾਮਾਂ ਵਿੱਚ ਸ਼ਮੂਲੀਅਤ ਕੀਤੀ ਹੈ ਅਤੇ ਕੀ ਉਹ ਇਸ ਸਬੰਧੀ ਸੰਗਤ ਸਾਹਮਣੇ ਆਪਣਾ ਪੱਖ ਰੱਖਣ ਲਈ ਤਿਆਰ ਹਨ।

ਜਰਨੈਲ ਸਿੰਘ ਨੇ ਕਿਹਾ ਕਿ ਧਾਰਮਿਕ ਸੰਸਥਾਵਾਂ ਨਾਲ ਜੁੜੇ ਅਹੁਦੇਦਾਰਾਂ ਦੀ ਜ਼ਿੰਮੇਵਾਰੀ ਹੈ ਕਿ ਉਹ ਪੰਥਕ ਮਰਿਆਦਾ ਅਤੇ ਧਾਰਮਿਕ ਪਰੰਪਰਾਵਾਂ ਬਾਰੇ ਉੱਠਣ ਵਾਲੇ ਸਵਾਲਾਂ 'ਤੇ ਸਪੱਸ਼ਟਤਾ ਦੇਣ। ਉਨ੍ਹਾਂ ਸਬੰਧਤ ਮੈਂਬਰਾਂ ਨੂੰ ਅਪੀਲ ਕੀਤੀ ਕਿ ਉਹ ਇਸ ਵਿਸ਼ੇ 'ਤੇ ਆਪਣੀ ਸਥਿਤੀ ਸਪੱਸ਼ਟ ਕਰਨ, ਤਾਂ ਜੋ ਸੰਗਤ ਨੂੰ ਉਨ੍ਹਾਂ ਦੇ ਵਿਚਾਰਾਂ ਅਤੇ ਫ਼ੈਸਲਿਆਂ ਬਾਰੇ ਜਾਣਕਾਰੀ ਮਿਲ ਸਕੇ।

**ਭਾਜਪਾ ਦੀ ਟਿਕਟ ਅਤੇ ਸਿਆਸੀ ਹਿੱਤਾਂ ਬਾਰੇ ਸਵਾਲ**

AAP ਚੰਡੀਗੜ੍ਹ ਦੇ ਪ੍ਰਭਾਰੀ ਨੇ DSGMC ਦੇ ਕੁਝ ਮੈਂਬਰਾਂ ਦੀਆਂ ਸਿਆਸੀ ਇੱਛਾਵਾਂ ਨੂੰ ਲੈ ਕੇ ਵੀ ਸਵਾਲ ਉਠਾਏ। ਉਨ੍ਹਾਂ ਪੁੱਛਿਆ ਕਿ ਕੀ ਕਮੇਟੀ ਦਾ ਕੋਈ ਮੈਂਬਰ ਭਾਜਪਾ ਵੱਲੋਂ ਆਪਣੇ ਵਿਧਾਨ ਸਭਾ ਹਲਕੇ ਤੋਂ ਚੋਣ ਲੜਨ ਲਈ ਟਿਕਟ ਦਾ ਦਾਅਵੇਦਾਰ ਹੈ ਅਤੇ ਕੀ DSGMC ਦੇ ਅਹੁਦੇ ਨੂੰ ਸਿਆਸੀ ਲਾਭ ਹਾਸਲ ਕਰਨ ਦੇ ਸਾਧਨ ਵਜੋਂ ਵਰਤਿਆ ਜਾ ਰਿਹਾ ਹੈ।

ਉਨ੍ਹਾਂ ਕਿਹਾ ਕਿ ਧਾਰਮਿਕ ਸੰਸਥਾਵਾਂ ਦੇ ਅਹੁਦੇਦਾਰਾਂ ਦੀ ਭੂਮਿਕਾ, ਉਨ੍ਹਾਂ ਦੇ ਫ਼ੈਸਲਿਆਂ ਅਤੇ ਸਿਆਸੀ ਗਤੀਵਿਧੀਆਂ ਵਿਚਕਾਰ ਸਬੰਧਾਂ ਬਾਰੇ ਜੇਕਰ ਸਵਾਲ ਉੱਠਦੇ ਹਨ, ਤਾਂ ਸਬੰਧਤ ਮੈਂਬਰਾਂ ਨੂੰ ਤੱਥਾਂ ਦੇ ਆਧਾਰ 'ਤੇ ਆਪਣਾ ਪੱਖ ਸਪੱਸ਼ਟ ਕਰਨਾ ਚਾਹੀਦਾ ਹੈ। ਉਨ੍ਹਾਂ ਇਹ ਵੀ ਪੁੱਛਿਆ ਕਿ ਕੀ DSGMC ਦੇ ਮੈਂਬਰ RSS ਦੀ ਵਿਚਾਰਧਾਰਾ ਅਤੇ ਭਾਜਪਾ ਦੀਆਂ ਉਨ੍ਹਾਂ ਨੀਤੀਆਂ ਨਾਲ ਸਹਿਮਤ ਹਨ, ਜਿਨ੍ਹਾਂ ਨੂੰ ਕੁਝ ਵਰਗ ਸਿੱਖ ਪੰਥ ਦੀ ਵੱਖਰੀ ਧਾਰਮਿਕ ਪਛਾਣ ਨਾਲ ਟਕਰਾਉਂਦਾ ਮੰਨਦੇ ਹਨ।

ਜਰਨੈਲ ਸਿੰਘ ਨੇ ਕਿਹਾ ਕਿ ਸਿੱਖ ਪੰਥ ਦੀ ਵੱਖਰੀ ਹੋਂਦ, ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ ਅਤੇ ਪੰਥਕ ਮਰਿਆਦਾ ਕਿਸੇ ਵੀ ਸਿਆਸੀ ਪਾਰਟੀ ਤੋਂ ਉੱਪਰ ਹੋਣੀ ਚਾਹੀਦੀ ਹੈ। ਉਨ੍ਹਾਂ ਸਬੰਧਤ ਮੈਂਬਰਾਂ ਤੋਂ ਪੁੱਛਿਆ ਕਿ ਕੀ ਉਹ ਇਸ ਸਿਧਾਂਤ ਨੂੰ ਆਪਣੀ ਪਹਿਲੀ ਤਰਜੀਹ ਮੰਨਦੇ ਹਨ ਅਤੇ ਕੀ ਉਹ ਇਸ ਸਬੰਧੀ ਸੰਗਤ ਸਾਹਮਣੇ ਸਪੱਸ਼ਟ ਬਿਆਨ ਦੇਣ ਲਈ ਤਿਆਰ ਹਨ।

**DSGMC ਮੈਂਬਰਾਂ ਨੂੰ ਪੁਲਿਸ ਸੁਰੱਖਿਆ ਦੇਣ ਦੇ ਮਾਪਦੰਡ ਜਨਤਕ ਕਰਨ ਦੀ ਮੰਗ**

ਜਰਨੈਲ ਸਿੰਘ ਨੇ ਦਿੱਲੀ ਪੁਲਿਸ ਵੱਲੋਂ ਭਾਜਪਾ ਦਾ ਸਮਰਥਨ ਕਰਨ ਵਾਲੇ ਦੱਸੇ ਜਾਂਦੇ DSGMC ਦੇ ਕੁਝ ਮੈਂਬਰਾਂ ਨੂੰ ਸੁਰੱਖਿਆ ਮੁਹੱਈਆ ਕਰਵਾਏ ਜਾਣ ਸਬੰਧੀ ਦਾਅਵਿਆਂ 'ਤੇ ਵੀ ਸਪੱਸ਼ਟੀਕਰਨ ਮੰਗਿਆ। ਉਨ੍ਹਾਂ ਪੁੱਛਿਆ ਕਿ ਕੀ ਅਜਿਹੇ ਮੈਂਬਰਾਂ ਨੂੰ ਪੁਲਿਸ ਸੁਰੱਖਿਆ ਦਿੱਤੀ ਗਈ ਹੈ ਅਤੇ ਜੇਕਰ ਅਜਿਹਾ ਹੈ, ਤਾਂ ਕਿਹੜੇ ਮੈਂਬਰਾਂ ਨੂੰ ਸੁਰੱਖਿਆ ਮਿਲੀ ਹੈ ਅਤੇ ਕਿਹੜਿਆਂ ਨੂੰ ਨਹੀਂ।

ਉਨ੍ਹਾਂ ਮੰਗ ਕੀਤੀ ਕਿ ਇਸ ਸਬੰਧੀ ਉਪਲਬਧ ਅਧਿਕਾਰਤ ਜਾਣਕਾਰੀ ਜਨਤਕ ਕੀਤੀ ਜਾਵੇ ਅਤੇ ਸੁਰੱਖਿਆ ਮੁਹੱਈਆ ਕਰਵਾਉਣ ਦੇ ਮਾਪਦੰਡ ਸਪੱਸ਼ਟ ਕੀਤੇ ਜਾਣ। ਉਨ੍ਹਾਂ ਕਿਹਾ ਕਿ ਪੁਲਿਸ ਸੁਰੱਖਿਆ ਨਾਲ ਜੁੜੇ ਫ਼ੈਸਲਿਆਂ ਬਾਰੇ ਉੱਠਣ ਵਾਲੇ ਸਵਾਲਾਂ ਦਾ ਜਵਾਬ ਤੱਥਾਂ ਅਤੇ ਨਿਰਧਾਰਤ ਪ੍ਰਕਿਰਿਆ ਦੇ ਆਧਾਰ 'ਤੇ ਦਿੱਤਾ ਜਾਣਾ ਚਾਹੀਦਾ ਹੈ, ਤਾਂ ਜੋ ਕਿਸੇ ਵੀ ਤਰ੍ਹਾਂ ਦੇ ਪੱਖਪਾਤ ਜਾਂ ਭੇਦਭਾਵ ਬਾਰੇ ਪੈਦਾ ਹੋਣ ਵਾਲੇ ਸ਼ੰਕਿਆਂ ਨੂੰ ਦੂਰ ਕੀਤਾ ਜਾ ਸਕੇ।

**ਸੰਗਤ ਦੇ ਸਤਿਕਾਰ ਅਤੇ ਸਿੱਖ ਕੌਮ ਦੀ ਸੇਵਾ-ਪਰੰਪਰਾ ਦਾ ਸਵਾਲ**

ਜਰਨੈਲ ਸਿੰਘ ਨੇ ਆਪਣੇ ਪੱਤਰ ਵਿੱਚ ਸਿੱਖ ਕੌਮ ਦੀ ਸੇਵਾ, ਸਰਬੱਤ ਦੇ ਭਲੇ ਅਤੇ ਮਨੁੱਖਤਾ ਦੀ ਰੱਖਿਆ ਦੀ ਪਰੰਪਰਾ ਦਾ ਜ਼ਿਕਰ ਕਰਦਿਆਂ ਪੁੱਛਿਆ ਕਿ ਗੁਰਦੁਆਰਾ ਸਾਹਿਬ ਦੀ ਸ਼ਰਨ ਵਿੱਚ ਆਏ ਲੋਕਾਂ ਵਿਰੁੱਧ ਪੁਲਿਸ ਨੂੰ ਸ਼ਿਕਾਇਤ ਦੇਣ ਅਤੇ ਸੰਗਤ ਨੂੰ ਸਿਆਸੀ ਪਾਰਟੀ ਦੇ ਵਰਕਰ ਦੱਸਣ ਨਾਲ ਕੀ ਸਿੱਖ ਕੌਮ ਦੀ ਇਤਿਹਾਸਕ ਸੇਵਾ-ਪਰੰਪਰਾ ਅਤੇ ਧਾਰਮਿਕ ਭਾਵਨਾਵਾਂ ਨੂੰ ਠੇਸ ਨਹੀਂ ਪਹੁੰਚਦੀ ?

ਉਨ੍ਹਾਂ ਕਿਹਾ ਕਿ ਗੁਰਦੁਆਰਾ ਸਾਹਿਬ ਵਿੱਚ ਆਉਣ ਵਾਲਾ ਹਰ ਵਿਅਕਤੀ ਸਤਿਕਾਰ ਦਾ ਹੱਕਦਾਰ ਹੈ। ਕਿਸੇ ਵੀ ਵਿਵਾਦ ਵਿੱਚ ਸ਼ਾਮਲ ਲੋਕਾਂ ਬਾਰੇ ਫ਼ੈਸਲਾ ਤੱਥਾਂ ਅਤੇ ਨਿਰਪੱਖ ਜਾਂਚ ਦੇ ਆਧਾਰ 'ਤੇ ਹੋਣਾ ਚਾਹੀਦਾ ਹੈ। ਉਨ੍ਹਾਂ ਕਮੇਟੀ ਦੇ ਮੈਂਬਰਾਂ ਤੋਂ ਇਹ ਵੀ ਪੁੱਛਿਆ ਕਿ ਕੀ ਉਹ ਇਸ ਗੱਲ ਨਾਲ ਸਹਿਮਤ ਹਨ ਕਿ ਧਾਰਮਿਕ ਸੰਸਥਾਵਾਂ ਨੂੰ ਸਿਆਸੀ ਮਤਭੇਦਾਂ ਤੋਂ ਉੱਪਰ ਉੱਠ ਕੇ ਸੰਗਤ ਦੇ ਸਤਿਕਾਰ ਅਤੇ ਗੁਰੂ ਘਰ ਦੀ ਮਰਿਆਦਾ ਦੀ ਰੱਖਿਆ ਕਰਨੀ ਚਾਹੀਦੀ ਹੈ।

**ਕਮੇਟੀ ਦੀ ਪਹਿਲੀ ਤਰਜੀਹ ਕੀ ਹੈ ?**

ਪੱਤਰ ਦੇ ਅੰਤ ਵਿੱਚ ਜਰਨੈਲ ਸਿੰਘ ਨੇ DSGMC ਦੇ ਸਮੂਹ ਮੈਂਬਰਾਂ ਤੋਂ ਸਿੱਧਾ ਸਵਾਲ ਕੀਤਾ ਕਿ ਇਸ ਪੂਰੇ ਮਾਮਲੇ ਵਿੱਚ ਉਨ੍ਹਾਂ ਦੀ ਪਹਿਲੀ ਤਰਜੀਹ ਕੀ ਹੈ—ਗੁਰੂ ਘਰ ਦੀ ਮਰਿਆਦਾ ਅਤੇ ਸੰਗਤ ਦਾ ਸਤਿਕਾਰ ਜਾਂ ਸਿਆਸੀ ਵਿਵਾਦ ਵਿੱਚ ਕਿਸੇ ਇੱਕ ਪੱਖ ਦਾ ਸਮਰਥਨ ਕਰਨਾ। ਉਨ੍ਹਾਂ ਪੁੱਛਿਆ ਕਿ ਕੀ ਕਮੇਟੀ ਦੇ ਸਾਰੇ ਮੈਂਬਰ ਇਸ ਸਬੰਧੀ ਆਪਣਾ ਲਿਖਤੀ ਪੱਖ ਰੱਖਣ ਅਤੇ ਸੰਗਤ ਸਾਹਮਣੇ ਸਥਿਤੀ ਸਪੱਸ਼ਟ ਕਰਨ ਲਈ ਤਿਆਰ ਹਨ।

ਉਨ੍ਹਾਂ DSGMC ਦੇ ਸਾਰੇ ਮੈਂਬਰਾਂ ਨੂੰ ਅਪੀਲ ਕੀਤੀ ਕਿ ਉਹ ਪੱਤਰ ਵਿੱਚ ਉਠਾਏ ਗਏ ਸਾਰੇ ਸਵਾਲਾਂ ਦੇ ਜਵਾਬ ਜਲਦ ਤੋਂ ਜਲਦ ਮੁਹੱਈਆ ਕਰਵਾਉਣ। ਉਨ੍ਹਾਂ ਅਨੁਸਾਰ, ਇਸ ਮਾਮਲੇ ਵਿੱਚ ਪਾਰਦਰਸ਼ਤਾ, ਨਿਰਪੱਖਤਾ ਅਤੇ ਜਵਾਬਦੇਹੀ ਜ਼ਰੂਰੀ ਹੈ, ਤਾਂ ਜੋ ਸੰਗਤ ਨੂੰ ਘਟਨਾ ਨਾਲ ਜੁੜੇ ਤੱਥਾਂ ਦੀ ਜਾਣਕਾਰੀ ਮਿਲ ਸਕੇ ਅਤੇ ਧਾਰਮਿਕ ਸੰਸਥਾ ਪ੍ਰਤੀ ਵਿਸ਼ਵਾਸ ਕਾਇਮ ਰਹੇ।

ਜਰਨੈਲ ਸਿੰਘ ਨੇ ਸਪੱਸ਼ਟ ਕੀਤਾ ਕਿ ਇਹ ਪੱਤਰ ਕਿਸੇ ਨਿੱਜੀ ਵਿਰੋਧ ਦੇ ਉਦੇਸ਼ ਨਾਲ ਨਹੀਂ ਲਿਖਿਆ ਗਿਆ, ਸਗੋਂ ਇਸ ਦਾ ਮਕਸਦ ਗੁਰੂ ਘਰ ਦੀ ਮਰਿਆਦਾ, ਸੰਗਤ ਦੇ ਸਤਿਕਾਰ ਅਤੇ DSGMC ਦੀ ਜਵਾਬਦੇਹੀ ਨਾਲ ਜੁੜੇ ਸਵਾਲਾਂ ਨੂੰ ਸਾਹਮਣੇ ਲਿਆਉਣਾ ਹੈ। ਉਨ੍ਹਾਂ ਕਿਹਾ ਕਿ ਧਾਰਮਿਕ ਸੰਸਥਾਵਾਂ ਨਾਲ ਜੁੜੇ ਅਹਿਮ ਮਾਮਲਿਆਂ ਵਿੱਚ ਪਾਰਦਰਸ਼ਤਾ ਅਤੇ ਸਪੱਸ਼ਟ ਜਵਾਬ ਬਹੁਤ ਜ਼ਰੂਰੀ ਹਨ।

ਉਨ੍ਹਾਂ ਕਿਹਾ, *ਗੁਰੂ ਘਰ ਦੀ ਮਰਿਆਦਾ ਕਿਸੇ ਵੀ ਸਿਆਸੀ ਪਾਰਟੀ ਤੋਂ ਉੱਪਰ ਹੈ। ਸੰਗਤ ਦੇ ਸਵਾਲਾਂ ਦਾ ਜਵਾਬ ਦੇਣਾ DSGMC ਦੇ ਹਰ ਮੈਂਬਰ ਦੀ ਜ਼ਿੰਮੇਵਾਰੀ ਹੈ।

## ਵਿਧਾਇਕ ਨੇ ਬਾਬਾ ਬੁੱਢਾ ਸਾਹਿਬ ਜੀ ਦੀ ਯਾਦ ਵਿੱਚ ਬਣਾਏ ਗਏ ਯਾਦਗਾਰੀ ਗੇਟ ਦਾ ਕੀਤਾ ਉਦਘਾਟਨ



**ਫਾਜ਼ਿਲਕਾ, 17 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਫਾਜ਼ਿਲਕਾ ਦੇ ਵਿਧਾਇਕ ਨਰਿੰਦਰਪਾਲ ਸਿੰਘ ਸਵਨਾ ਵਲੋਂ ਅੱਜ ਫਾਜ਼ਿਲਕਾਦੇ ਪਿੰਡ ਝੁੱਗੇ ਗੁਲਾਬ ਸਿੰਘ (ਅਬਾਦੀ ਬਹਿਕ ਖਾਸ) ਵਿਖੇ ਧੰਨ ਧੰਨ ਬਾਬਾ ਬੁੱਢਾ ਸਾਹਿਬ ਜੀ ਦੀ ਯਾਦ ਵਿੱਚ ਬਣਾਏ ਗਏ ਯਾਦਗਾਰੀ ਗੇਟ ਦਾ ਉਦਘਾਟਨ ਕੀਤਾ ਗਿਆ।

ਇਸ ਮੌਕੇ ਬੋਲਦਿਆਂ ਵਿਧਾਇਕ ਨਰਿੰਦਰ ਪਾਲ ਸਿੰਘ ਸਵਨਾ ਨੇ ਕਿਹਾ ਕਿ ਧੰਨ ਧੰਨ ਬਾਬਾ ਬੁੱਢਾ ਸਾਹਿਬ ਜੀ ਦੀ ਗੁਰੂ ਘਰ ਪ੍ਰਤੀ ਸ਼ਰਧਾ, ਸੇਵਾ ਭਾਵਨਾ ਅਤੇ ਭਗਤੀ ਦੀ ਲਸਾਨੀ ਮਿਸਾਲ ਨੂੰ ਅਸੀਂ ਸਿਜਦਾ ਕਰਦੇ ਹਾਂ! ਉਹਨਾਂ ਪਿੰਡ ਵਾਸੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਪਿੰਡ ਵਾਸੀਆਂ ਦਾ ਇਹ ਬਹੁਤ ਵਧੀਆ ਉਪਰਾਲਾ ਹੈ ਤੇ ਅੱਜ ਉਹ ਆਪਣੇ ਆਪ ਵਿੱਚ ਮਾਣ ਮਹਿਸੂਸ ਕਰਦੇ ਹਨ ਕਿ ਧੰਨ ਧੰਨ ਬਾਬਾ ਬੁੱਢਾ ਜੀ ਯਾਦ ਵਿੱਚ ਚੱਲ ਰਹੇ ਸਲਾਨਾ ਜੋੜ ਮੇਲੇ ਵਾਲੇ ਦਿਨ ਹੀ ਉਹਨਾਂ ਨੂੰ ਬਾਬਾ ਬੁੱਢਾ ਜੀ ਦੀ ਯਾਦ ਵਿੱਚ ਬਣਾਏ ਗਏ ਯਾਦਗਾਰੀ ਗੇਟ ਦਾ ਉਦਘਾਟਨ ਕਰਨ ਦਾ ਸੁਭਾਗ ਪ੍ਰਾਪਤ ਹੋਇਆ ਹੈ। ਉਹਨਾਂ ਕਿਹਾ ਕਿ ਸਾਡੇ ਦੇਸ਼ ਵਿੱਚ ਅਨੇਕਾਂ ਧਰਮਾਂ ਦੇ ਲੋਕ ਆਪਸ ਵਿੱਚ ਮਿਲ ਜੁਲ ਕੇ ਰਹਿੰਦੇ ਹਨ। ਉਹਨਾਂ ਕਿਹਾ ਕਿ ਆਓ ਸਾਰੇ ਅਸੀਂ ਗੁਰੂ ਸਾਹਿਬ ਦੀ ਪਰਮਾਤਮਾ ਪ੍ਰਤੀ ਭਗਤੀ ਤੋਂ ਸੇਧ ਲਈਏ ਅਤੇ ਆਪਣੇ ਹਲਕੇ ਦੀ ਖੁਸ਼ਹਾਲੀ ਅਤੇ ਤਰੱਕੀ ਲਈ ਪਰਮਾਤਮਾ ਅੱਗੇ ਅਰਦਾਸ ਕਰੀਏ!

## ਪੰਜਾਬ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਨੇ ਵਾਤਾਵਰਣ ਸੁਰੱਖਿਆ ਉਪਾਵਾਂ ਬਾਰੇ ਕਰਵਾਇਆ ਸਿਖਲਾਈ ਪ੍ਰੋਗਰਾਮ

**ਮੁਹਾਲੀ, 17 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਜਲ ਸਪਲਾਈ ਅਤੇ ਸੈਨੀਟੇਸ਼ਨ ਮੰਤਰੀ ਸ. ਹਰਦੀਪ ਸਿੰਘ ਮੁੰਡੀਆਂ ਦੇ ਦਿਸ਼ਾ-ਨਿਰਦੇਸ਼ਾਂ 'ਤੇ ਵਿਭਾਗ ਵੱਲੋਂ ਅੱਜ ਜਲ ਸਪਲਾਈ ਅਤੇ ਸੈਨੀਟੇਸ਼ਨ ਪ੍ਰਾਜੈਕਟਾਂ ਵਿੱਚ ਵਾਤਾਵਰਣ ਸੁਰੱਖਿਆ ਸਬੰਧੀ ਉਪਾਵਾਂ ਦੇ ਪ੍ਰਭਾਵੀ ਲਾਗੂਕਰਨ ਲਈ ਖੇਤਰੀ ਅਮਲੇ ਨੂੰ ਜਾਗਰੂਕ ਕਰਨ ਅਤੇ ਉਨ੍ਹਾਂ ਦੀ ਸਮਰੱਥਾ ਨੂੰ ਮਜ਼ਬੂਤ ਕਰਨ ਦੇ ਉਦੇਸ਼ ਨਾਲ ਫੇਜ਼-2, ਐਸ.ਏ.ਐਸ. ਨਗਰ ਸਥਿਤ ਮੁੱਖ ਦਫ਼ਤਰ ਵਿਖੇ ਜਲ ਅਤੇ ਸੈਨੀਟੇਸ਼ਨ ਪ੍ਰਾਜੈਕਟ ਵਿੱਚ ਵਾਤਾਵਰਣ ਸੁਰੱਖਿਆ ਬਾਰੇ ਸਿਖਲਾਈ ਪ੍ਰੋਗਰਾਮ ਕਰਵਾਇਆ ਗਿਆ।

ਇਸ ਦੌਰਾਨ ਈ.ਈ.-ਕਮ-ਐਸ.ਈ.ਐਸ. ਇੰਜੀਨੀਅਰ ਸਰਬਜੀਤ ਸਿੰਘ; ਐਸ.ਈ.ਐਸ. ਡਾ. ਪ੍ਰਦੀਪ ਸ਼ਰਮਾ ਅਤੇ ਵਾਤਾਵਰਣ ਪ੍ਰਬੰਧਨ ਮਾਹਰ ਸ੍ਰੀ ਸਾਜ਼ਿਦ ਅਲੀ ਨੇ ਜਲ ਅਤੇ ਸੈਨੀਟੇਸ਼ਨ ਪ੍ਰਾਜੈਕਟਾਂ ਵਾਲੇ ਸਥਾਨਾਂ 'ਤੇ ਅਪਣਾਏ ਜਾਣ ਵਾਲੇ ਵਾਤਾਵਰਣ ਸੁਰੱਖਿਆ ਸਬੰਧੀ ਉਪਾਵਾਂ ਬਾਰੇ ਅਹਿਮ ਪੇਸ਼ਕਾਰੀਆਂ ਦਿੱਤੀਆਂ।

ਪੇਸ਼ਕਾਰੀਆਂ ਵਿੱਚ ਵਾਤਾਵਰਣ ਪ੍ਰਬੰਧਨ ਦੇ ਮੁੱਖ ਪਹਿਲੂਆਂ ਬਾਰੇ ਚਰਚਾ ਕੀਤੀ ਗਈ, ਜਿਸ ਵਿੱਚ ਸਾਈਟ ਦੀ ਸਫ਼ਾਈ ਅਤੇ ਹਾਊਸਕੀਪਿੰਗ, ਟ੍ਰੀਟਮੈਂਟ ਰਸਾਇਣਾਂ ਦੇ ਸੁਰੱਖਿਅਤ ਭੰਡਾਰਨ ਅਤੇ ਪ੍ਰਬੰਧਨ, ਰਹਿੰਦ-ਖੂੰਹਦ ਨੂੰ ਵੱਖ ਕਰਨਾ ਤੇ ਨਿਪਟਾਰਾ ਕਰਨਾ, ਪਾਣੀ ਤੇ ਮਿੱਟੀ ਪ੍ਰਦੂਸ਼ਣ ਦੀ ਰੋਕਥਾਮ, ਪੌਦੇ ਲਾ ਕੇ ਹਰਿਆਵਲ ਵਿੱਚ ਵਾਧਾ ਕਰਨਾ, ਕੰਮ ਦੌਰਾਨ ਸਿਹਤ ਅਤੇ ਸੁਰੱਖਿਆ, ਨਿੱਜੀ ਸੁਰੱਖਿਆ ਉਪਕਰਣਾਂ ਦੀ ਵਰਤੋਂ, ਅੱਗ ਸਬੰਧੀ ਸੁਰੱਖਿਆ, ਐਮਰਜੈਂਸੀ ਸਬੰਧੀ ਤਿਆਰੀ ਅਤੇ ਨਹਿਰੀ ਪਾਣੀ ਨਾਲ ਜੁੜੇ ਪ੍ਰਾਜੈਕਟਾਂ ਦੇ ਨਿਰਮਾਣ ਤੇ ਅਮਲ ਦੌਰਾਨ ਵਰਤੇ ਜਾਣ ਵਾਲੇ ਵਾਤਾਵਰਣ ਸੁਰੱਖਿਆ ਸਬੰਧੀ ਉਪਾਅ ਸ਼ਾਮਲ ਹਨ।

ਸਿਖਲਾਈ ਪ੍ਰੋਗਰਾਮ ਵਿੱਚ ਉਪ-ਮੰਡਲ ਇੰਜੀਨੀਅਰ (ਐਸ.ਡੀ.ਈ.), ਜੂਨੀਅਰ ਇੰਜੀਨੀਅਰ (ਜੇ.ਈ.) ਅਤੇ ਵਾਟਰ ਟ੍ਰੀਟਮੈਂਟ ਪਲਾਂਟਾਂ ਅਤੇ ਨਹਿਰੀ ਪਾਣੀ ਦੇ ਪ੍ਰਾਜੈਕਟਾਂ ਨਾਲ ਜੁੜੇ ਪ੍ਰਾਜੈਕਟ ਮੈਨੇਜਰਾਂ ਨੇ ਹਿੱਸਾ ਲਿਆ। ਸੂਬਾਈ ਵਾਤਾਵਰਣ ਟੀਮ ਵੱਲੋਂ ਕੀਤੇ ਗਏ ਨਿਰੀਖਣ ਦੌਰਾਨ ਦਰਜ ਕੀਤੇ ਨੁਕਤੇ, ਪ੍ਰਾਜੈਕਟ ਸਾਈਟਾਂ 'ਤੇ ਪਛਾਣੇ ਗਏ ਵਾਤਾਵਰਣ ਪਾਲਣਾ ਸਬੰਧੀ ਮੁੱਦਿਆਂ ਅਤੇ ਕਮੀਆਂ ਨੂੰ ਦੂਰ ਕਰਨ ਲਈ ਲੋੜੀਂਦੇ ਸੁਧਾਰਾਤਮਕ ਉਪਾਵਾਂ ਬਾਰੇ ਵਿਆਪਕ ਚਰਚਾ ਕੀਤੀ ਗਈ।

ਇਸ ਦੌਰਾਨ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਸਾਈਟਾਂ ਦੇ ਨਿਯਮਤ ਤੌਰ 'ਤੇ ਨਿਰੀਖਣ ਕਰਨ, ਵਾਤਾਵਰਣ ਸਬੰਧੀ ਰਿਕਾਰਡਾਂ ਅਤੇ ਫੋਟੋਗ੍ਰਾਫਿਕ ਸਬੂਤਾਂ ਦੀ ਸੁਚੱਜੀ ਸਾਂਭ-ਸੰਭਾਲ, ਲਾਗੂ ਵਾਤਾਵਰਣ ਨਿਯਮਾਂ ਤੇ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਅਤੇ ਦੁਬਾਰਾ ਕਮੀਆਂ ਪੈਦਾ ਹੋਣ ਤੋਂ ਰੋਕਣ ਲਈ ਸੁਧਾਰਾਤਮਕ ਉਪਾਵਾਂ ਨੂੰ ਸਮੇਂ ਸਿਰ ਲਾਗੂ ਕਰਨ ਦੀ ਮਹੱਤਤਾ ਬਾਰੇ ਜਾਗਰੂਕ ਕੀਤਾ ਗਿਆ। ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਨੇ ਇਸ ਪ੍ਰੋਗਰਾਮ ਰਾਹੀਂ ਵਾਤਾਵਰਣ ਸੰਭਾਲ ਸਬੰਧੀ ਅਮਲਾਂ ਨੂੰ ਉਤਸ਼ਾਹਿਤ ਕਰਨ, ਵਾਤਾਵਰਣ ਨਿਯਮਾਂ ਦੀ ਸੁਚੱਜੀ ਪਾਲਣਾ ਨੂੰ ਯਕੀਨੀ ਬਣਾਉਣ ਅਤੇ ਪੰਜਾਬ ਭਰ ਵਿੱਚ ਜਲ ਸਪਲਾਈ ਅਤੇ ਸੈਨੀਟੇਸ਼ਨ ਪ੍ਰਾਜੈਕਟਾਂ ਦੇ ਟਿਕਾਊ ਅਤੇ ਸੁਰੱਖਿਅਤ ਸੰਚਾਲਨ ਨੂੰ ਯਕੀਨੀ ਬਣਾਉਣ ਪ੍ਰਤੀ ਆਪਣੀ ਵਚਨਬੱਧਤਾ ਨੂੰ ਹੋਰ ਪ੍ਰਪੱਕ ਕੀਤਾ।

# ਭਗਵੰਤ ਮਾਨ ਸਰਕਾਰ ਬੰਦੀ ਸਿੰਘਾਂ ਦੀ ਰਿਹਾਈ ਲਈ ਕੋਈ ਕਸਰ ਬਾਕੀ ਨਹੀਂ ਛੱਡੇਗੀ

**ਚੰਡੀਗੜ੍ਹ, 17 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਵੱਲੋਂ ਬੰਦੀ ਸਿੰਘਾਂ ਦੀ ਰਿਹਾਈ ਲਈ ਹਰ ਕਾਨੂੰਨੀ ਅਤੇ ਸੰਵਿਧਾਨਕ ਰਾਹ ਅਪਣਾਇਆ ਜਾਵੇਗਾ ਕਿਉਂਕਿ ਲੰਬੇ ਸਮੇਂ ਤੋਂ ਲਟਕਦੇ ਆ ਰਹੇ ਇਸ ਮਾਮਲੇ ਨੂੰ ਅਣਮਿੱਥੇ ਸਮੇਂ ਲਈ ਅਣ-ਸੁਲਝਿਆ ਨਹੀਂ ਰਹਿਣ ਦਿੱਤਾ ਜਾ ਸਕਦਾ। ਉਨ੍ਹਾਂ ਦੱਸਿਆ ਕਿ ਸਰਕਾਰ ਨੇ ਕੇਂਦਰ ਅਤੇ ਰਾਜਪਾਲ ਨੂੰ ਭਰੋਸਾ ਦਿਵਾਇਆ ਸੀ ਕਿ ਜੇਕਰ ਜਗਤਾਰ ਸਿੰਘ ਹਵਾਰਾ ਨੂੰ ਆਪਣੀ ਬਿਮਾਰ ਮਾਂ ਨੂੰ ਮਿਲਣ ਲਈ ਪੈਰੋਲ ਦਿੱਤੀ ਜਾਂਦੀ ਹੈ ਤਾਂ ਅਮਨ-ਕਾਨੂੰਨ ਦੀ ਸਥਿਤੀ ਪੂਰੀ ਤਰ੍ਹਾਂ ਬਰਕਰਾਰ ਰੱਖੀ ਜਾਵੇਗੀ ਪਰ ਕੇਂਦਰ ਨੇ ਅਜੇ ਤੱਕ ਇਸ ਨੂੰ ਮਨਜ਼ੂਰੀ ਨਹੀਂ ਦਿੱਤੀ। ਮੁੱਖ ਮੰਤਰੀ ਨੇ ਇਹ ਵੀ ਦੱਸਿਆ ਕਿ ਉਹ ਪਰਮਜੀਤ ਸਿੰਘ ਭਿਓਰਾ ਅਤੇ ਜਗਤਾਰ ਸਿੰਘ ਤਾਰਾ ਦੀ ਪੈਰੋਲ ਦੇ ਮੁੱਦੇ ਨੂੰ ਪੰਜਾਬ ਦੇ ਰਾਜਪਾਲ ਜੋ ਚੰਡੀਗੜ੍ਹ ਦੇ ਪ੍ਰਸ਼ਾਸਕ ਵੀ ਹਨ, ਕੋਲ ਉਠਾਉਣਗੇ। ਉਨ੍ਹਾਂ ਨੇ ਸਿੱਖ ਜਥੇਬੰਦੀਆਂ ਨੂੰ ਆਪਣਾ ਸੰਘਰਸ਼ ਸ਼ਾਂਤਮਈ ਅਤੇ ਕਾਨੂੰਨ ਦੇ ਦਾਇਰੇ ਵਿੱਚ ਰਹਿ ਕੇ ਜਾਰੀ ਰੱਖਣ ਦੀ ਅਪੀਲ ਵੀ ਕੀਤੀ। ਆਪਣੇ 'ਐਕਸ' ਅਕਾਊਂਟ 'ਤੇ ਜਾਣਕਾਰੀ ਦਿੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਅੱਜ ਕੌਮੀ ਇਨਸਾਫ਼ ਮੋਰਚੇ ਦੇ ਨੁਮਾਇੰਦਿਆਂ ਨਾਲ ਇੱਕ ਅਹਿਮ ਮੀਟਿੰਗ ਹੋਈ। ਮੀਟਿੰਗ ਦੌਰਾਨ ਅਸੀਂ ਉਨ੍ਹਾਂ ਦੀਆਂ ਮੰਗਾਂ 'ਤੇ ਵਿਆਪਕ ਚਰਚਾ ਕੀਤੀ ਅਤੇ ਉਨ੍ਹਾਂ ਨੂੰ ਭਰੋਸਾ ਦਿਵਾਇਆ ਕਿ ਸਾਡੀ ਸਰਕਾਰ ਬੰਦੀ ਸਿੰਘਾਂ ਦੀ ਜਲਦ ਰਿਹਾਈ ਲਈ ਲਗਾਤਾਰ ਅਤੇ ਸੁਹਿਰਦ ਯਤਨ ਕਰ ਰਹੀ ਹੈ। ਅਸੀਂ ਇਸ ਮਸਲੇ ਦੇ ਅਰਥਪੂਰਨ ਹੱਲ ਲਈ ਪੂਰੀ ਗੰਭੀਰਤਾ ਨਾਲ ਕੰਮ ਕਰ ਰਹੇ ਹਾਂ ਅਤੇ ਸਾਨੂੰ ਉਮੀਦ ਹੈ ਕਿ ਜਲਦ ਹੀ ਸਕਾਰਾਤਮਕ ਨਤੀਜੇ ਸਾਹਮਣੇ ਆਉਣਗੇ।

ਸਿੱਖ ਜਥੇਬੰਦੀਆਂ, ਕਿਸਾਨ ਯੂਨੀਅਨਾਂ ਅਤੇ ਹੋਰ ਸਮੂਹਾਂ ਦੇ



ਨੁਮਾਇੰਦਿਆਂ ਨਾਲ ਮੀਟਿੰਗ ਦੌਰਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਸਰਕਾਰ ਕਾਨੂੰਨ ਦੇ ਦਾਇਰੇ ਵਿੱਚ ਰਹਿੰਦਿਆਂ ਇਸ ਮਾਮਲੇ ਵਿੱਚ ਹਰ ਸੰਭਵ ਮਦਦ ਕਰਨ ਲਈ ਤਿਆਰ ਹੈ। ਬੰਦੀ ਸਿੰਘਾਂ ਨਾਲ ਜੁੜੇ ਲੰਬੇ ਸਮੇਂ ਤੋਂ ਲਟਕਦੇ ਆ ਰਹੇ ਮਾਮਲੇ ਨੂੰ ਅਣਮਿੱਥੇ ਸਮੇਂ ਲਈ ਅਣ-ਸੁਲਝਿਆ ਨਹੀਂ ਰਹਿਣ ਦਿੱਤਾ ਜਾ ਸਕਦਾ। 'ਆਪ' ਸਰਕਾਰ ਦੇ ਇਰਾਦੇ ਅਤੇ ਵਚਨਬੱਧਤਾ ਬਿਲਕੁਲ ਸਪੱਸ਼ਟ ਹਨ ਅਤੇ ਅਸੀਂ ਇਨਸਾਫ਼ ਦੇ ਹੱਕ ਵਿੱਚ ਮਜ਼ਬੂਤੀ ਨਾਲ ਖੜ੍ਹੇ ਹਾਂ।

ਮੁੱਖ ਮੰਤਰੀ ਨੇ ਅੱਗੇ ਕਿਹਾ, ਮੈਂ ਆਪਣੇ ਅਧਿਕਾਰਾਂ ਦੇ ਦਾਇਰੇ ਵਿੱਚ ਰਹਿ ਕੇ ਹਰ ਸੰਭਵ ਮਦਦ ਕਰਨ ਲਈ ਤਿਆਰ ਹਾਂ ਅਤੇ ਸੂਬਾ ਸਰਕਾਰ ਇਸ ਮਾਮਲੇ ਵਿੱਚ ਕਦੇ ਵੀ ਰੁਕਾਵਟ ਨਹੀਂ ਬਣੇਗੀ। ਉਨ੍ਹਾਂ ਨੇ ਰਾਮਪੁਰ ਖੇੜਾ ਤੋਂ ਸੰਤ ਸੇਵਾ ਸਿੰਘ, ਬਠਿੰਡਾ ਤੋਂ ਗੁਰਦੀਪ ਸਿੰਘ, ਭਾਈ ਮੋਹਕਮ ਸਿੰਘ, ਗੁਰਸੇਵਕ ਸਿੰਘ ਕਹਾਨੇਕੇ, ਬਾਬਾ ਭੁਪਿੰਦਰ ਸਿੰਘ ਅਤੇ ਕਿਸਾਨ ਆਗੂ ਬੂਟਾ ਸਿੰਘ ਬੁਰਜਗਿੱਲ ਸਮੇਤ ਹੋਰਨਾਂ ਦੀ ਅਗਵਾਈ ਵਾਲੇ ਵਫ਼ਦ ਨੂੰ ਭਰੋਸਾ ਦਿਵਾਇਆ ਕਿ ਸੂਬਾ ਸਰਕਾਰ ਜਗਤਾਰ ਸਿੰਘ ਹਵਾਰਾ ਦੀ ਪੈਰੋਲ ਦੌਰਾਨ ਅਮਨ-ਕਾਨੂੰਨ ਦੀ ਸਥਿਤੀ ਬਰਕਰਾਰ ਰੱਖਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਇਸ ਮੁੱਦੇ 'ਤੇ ਬੋਲਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਪੰਜਾਬ ਸਰਕਾਰ ਪਹਿਲਾਂ ਹੀ ਕੇਂਦਰ ਸਰਕਾਰ ਅਤੇ ਪੰਜਾਬ ਦੇ ਰਾਜਪਾਲ ਨੂੰ ਭਰੋਸਾ ਦੇ ਚੁੱਕੀ ਹੈ ਕਿ ਜੇਕਰ ਹਵਾਰਾ ਨੂੰ ਆਪਣੀ ਬਿਮਾਰ ਮਾਂ ਨੂੰ ਮਿਲਣ ਲਈ ਪੈਰੋਲ ਦਿੱਤੀ ਜਾਂਦੀ ਹੈ ਤਾਂ ਸੂਬੇ ਵਿੱਚ ਅਮਨ-ਕਾਨੂੰਨ ਦੀ ਸਥਿਤੀ ਬਰਕਰਾਰ ਰੱਖੀ ਜਾਵੇਗੀ।

ਮੁੱਖ ਮੰਤਰੀ ਨੇ ਅਫਸੋਸ ਪ੍ਰਗਟਾਉਂਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਦਿੱਤੇ ਗਏ ਭਰੋਸੇ ਦੇ ਬਾਵਜੂਦ ਪੈਰੋਲ ਨਹੀਂ ਦਿੱਤੀ ਗਈ। ਉਨ੍ਹਾਂ ਕਿਹਾ, ਇਹ ਮਾਮਲਾ ਹੁਣ ਕੇਂਦਰ ਸਰਕਾਰ ਦੇ ਅਧਿਕਾਰ ਖੇਤਰ ਵਿੱਚ ਹੈ। ਪੰਜਾਬ ਸਰਕਾਰ ਸੂਬੇ ਵਿੱਚ ਅਮਨ-ਕਾਨੂੰਨ ਦੀ ਸਥਿਤੀ ਬਣਾਈ ਰੱਖਣ ਦੀ ਪੂਰੀ ਜ਼ਿੰਮੇਵਾਰੀ ਲਵੇਗੀ। ਅਸੀਂ ਇਸ ਸਬੰਧੀ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੂੰ ਵੀ ਭਰੋਸਾ ਦਿੱਤਾ ਹੈ ਪਰ ਕੇਂਦਰ ਸਰਕਾਰ ਵੱਲੋਂ ਅਜੇ ਤੱਕ ਪੈਰੋਲ ਨਹੀਂ ਦਿੱਤੀ ਗਈ। ਸਿੱਖ ਜਥੇਬੰਦੀਆਂ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ, ਜੇਕਰ ਜਗਤਾਰ ਸਿੰਘ ਹਵਾਰਾ ਨੂੰ ਕੁਝ ਦਿਨਾਂ ਲਈ ਵੀ ਪੈਰੋਲ ਦਿੱਤੀ ਜਾਂਦੀ ਹੈ ਤਾਂ ਇਹ ਇਸ ਗੱਲ ਦੀ ਮਿਸਾਲ ਬਣਨੀ ਚਾਹੀਦੀ ਹੈ ਕਿ ਸੂਬੇ ਵਿੱਚ ਸ਼ਾਂਤੀ ਅਤੇ ਭਾਈਚਾਰਕ ਸਾਂਝ ਕਿਵੇਂ ਕਾਇਮ ਰੱਖੀ ਜਾ ਸਕਦੀ ਹੈ।

# ਸ੍ਰੀ ਅਕਾਲ ਤਖਤ ਸਾਹਿਬ ਦੀ ਫਸੀਲ ਤੋਂ MLA ਗਿਆਸਪੁਰਾ ਤਨਖਾਹੀਆ ਕਰਾਰ



**ਅੰਮ੍ਰਿਤਸਰ, 17 ਅਕਤੂਬਰ -ਕੌਮੀ ਪੱਤ੍ਰਿਕਾ ਬਿਊਰੋ-**

ਸ੍ਰੀ ਅਕਾਲ ਤਖਤ ਸਾਹਿਬ ਦੇ ਸਕੱਤਰੇਤ ਵਿਖੇ ਅੱਜ ਪੰਜ ਸਿੰਘ ਸਾਹਿਬਾਨ ਦੀ ਇਕੱਤਰਤਾ ਦੌਰਾਨ ਅਹਿਮ ਫ਼ੈਸਲੇ ਲਏ ਗਏ। ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਸ੍ਰੀ ਅਕਾਲ ਤਖਤ ਸਾਹਿਬ ਦੀ ਫਸੀਲ ਤੋਂ ਸੰਗਤ ਨੂੰ ਫੈਸਲਾ ਸੁਣਾਉਂਦਿਆਂ ਆਮ ਆਦਮੀ ਪਾਰਟੀ ਦੇ ਹਲਕਾ ਪਾਇਲ ਤੋਂ ਵਿਧਾਇਕ ਮਨਵਿੰਦਰ ਸਿੰਘ ਗਿਆਸਪੁਰਾ ਨੂੰ ਤਨਖ਼ਾਹੀਆ ਕਰਾਰ ਦੇਣ, ਜੀਵਨ ਸਿੰਘ ਬਗੀਚੀਵਾਲੇ ਦੇ ਪ੍ਰਚਾਰ ਅਤੇ ਕੀਰਤਨ ਕਰਨ 'ਤੇ ਰੋਕ ਲਗਾਉਣ ਅਤੇ ਨਸ਼ਿਆਂ ਵਿਰੁੱਧ ਆਵਾਜ਼ ਉਠਾਉਣ ਵਾਲੇ ਮਰਹੂਮ ਭਾਈ ਪਰਵਿੰਦਰ ਸਿੰਘ ਦੇ ਪਰਿਵਾਰ ਨੂੰ ਸਹਿਯੋਗ ਦੇਣ ਦੀ ਅਪੀਲ ਕੀਤੀ।

ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਸਿੱਖ ਧਰਮ ਵਿੱਚ ਜਾਤ-ਪਾਤ, ਉਚ-ਨੀਚ ਅਤੇ ਅਮੀਰ-ਗ਼ਰੀਬ ਦੇ ਆਧਾਰ 'ਤੇ ਕਿਸੇ ਨਾਲ ਵਿਤਕਰਾ ਕਰਨ ਦੀ ਕੋਈ ਥਾਂ ਨਹੀਂ ਹੈ। ਗੁਰੂ ਨਾਨਕ ਦੇਵ ਜੀ ਤੋਂ ਲੈ ਕੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਤੱਕ ਗੁਰੂ ਸਾਹਿਬਾਨ ਨੇ ਮਨੁੱਖਤਾ ਨੂੰ ਬਰਾਬਰਤਾ, ਭਾਈਚਾਰਕ ਸਾਂਝ ਅਤੇ ਆਪਸੀ ਸਤਿਕਾਰ ਦਾ ਸੰਦੇਸ਼ ਦਿੱਤਾ ਹੈ। ਉਨ੍ਹਾਂ ਕਿਹਾ ਕਿ ਸ੍ਰੀ ਦਰਬਾਰ ਸਾਹਿਬ ਦੇ ਦਰਵਾਜ਼ੇ ਹਰ ਧਰਮ ਅਤੇ ਹਰ ਵਰਗ ਦੇ ਲੋਕਾਂ ਲਈ ਖੁੱਲ੍ਹੇ ਹਨ।

ਉਨ੍ਹਾਂ ਦੱਸਿਆ ਕਿ ਮਨਵਿੰਦਰ ਸਿੰਘ ਗਿਆਸਪੁਰਾ ਵੱਲੋਂ ਸ੍ਰੀ ਹਰਿਮੰਦਰ ਸਾਹਿਬ ਅਤੇ ਸਿੱਖ ਸੰਸਥਾਵਾਂ ਬਾਰੇ ਕੀਤੀ ਗਈ ਬਿਆਨਬਾਜ਼ੀ ਸਬੰਧੀ ਮਾਮਲਾ ਪੰਜ ਸਿੰਘ ਸਾਹਿਬਾਨ ਦੀ ਇਕੱਤਰਤਾ ਵਿੱਚ ਵਿਚਾਰਿਆ ਗਿਆ। ਉਨ੍ਹਾਂ ਅਨੁਸਾਰ, ਆਮ ਆਦਮੀ ਪਾਰਟੀ ਨਾਲ ਸਬੰਧਤ ਵਿਧਾਇਕਾਂ ਅਤੇ ਆਗੂਆਂ ਦੇ ਵਫ਼ਦ ਨੇ ਵੀ ਮੰਨਿਆ ਕਿ ਜਾਤ ਦਾ ਮੁੱਦਾ ਜਾਣਬੁੱਝ ਕੇ ਉਠਾਇਆ ਗਿਆ ਸੀ ਅਤੇ ਉਸ ਦਿਨ ਅਜਿਹੀ ਕੋਈ ਘਟਨਾ ਨਹੀਂ ਵਾਪਰੀ ਸੀ। ਇਸ ਮਾਮਲੇ ਵਿੱਚ ਗਿਆਸਪੁਰਾ ਨੂੰ ਤਨਖ਼ਾਹੀਆ ਕਰਾਰ ਦਿੰਦਿਆਂ ਸਿੱਖਾਂ ਨੂੰ ਉਨ੍ਹਾਂ ਨਾਲ ਸਾਂਝ ਰੱਖਣ ਤੋਂ ਗੁਰੇਜ਼ ਕਰਨ ਲਈ ਕਿਹਾ ਗਿਆ।

ਦੂਜੇ ਫ਼ੈਸਲੇ ਬਾਰੇ ਗਿਆਨੀ ਗੜਗੱਜ ਨੇ ਕਿਹਾ ਕਿ ਜੀਵਨ ਸਿੰਘ ਬਗੀਚੀਵਾਲੇ ਵੱਲੋਂ ਗੁਰਬਾਣੀ, ਸਿੱਖ ਇਤਿਹਾਸ, ਸਿੱਖ ਰਹਿਤ ਮਰਯਾਦਾ ਅਤੇ ਪੰਥਕ ਰਵਾਇਤਾਂ ਦੇ ਉਲਟ ਕੀਤੀਆਂ ਜਾ ਰਹੀਆਂ ਟਿੱਪਣੀਆਂ ਦਾ ਮਾਮਲਾ ਵੀ ਵਿਚਾਰਿਆ ਗਿਆ। ਉਨ੍ਹਾਂ ਅਨੁਸਾਰ, ਜੀਵਨ ਸਿੰਘ ਬਗੀਚੀਵਾਲੇ ਦੇ ਪ੍ਰਚਾਰ ਅਤੇ ਕੀਰਤਨ ਕਰਨ 'ਤੇ ਰੋਕ ਲਗਾਈ ਗਈ ਹੈ। ਉਨ੍ਹਾਂ ਆਪੇ ਬਣੇ ਪ੍ਰਚਾਰਕਾਂ ਨੂੰ ਚਿਤਾਵਨੀ ਦਿੱਤੀ ਕਿ ਗੁਰਮਤਿ ਸਿਧਾਂਤਾਂ ਅਤੇ ਸਿੱਖ ਰਹਿਤ ਮਰਯਾਦਾ ਦੇ ਉਲਟ ਬਿਆਨਬਾਜ਼ੀ ਕਰਨ ਤੋਂ ਗੁਰੇਜ਼ ਕੀਤਾ ਜਾਵੇ।

ਤੀਜੇ ਮਾਮਲੇ ਵਿੱਚ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਨਸ਼ਿਆਂ ਦੇ ਕਾਰੋਬਾਰ ਦਾ ਵਿਰੋਧ ਕਰਨ ਵਾਲੇ ਮਰਹੂਮ ਭਾਈ ਪਰਵਿੰਦਰ ਸਿੰਘ ਨੂੰ ਸ਼ਰਧਾਂਜਲੀ ਭੇਟ ਕੀਤੀ।

# ਕੇਂਦਰੀ ਮੰਤਰੀ ਦੇ ਬਿਆਨ ਤੋਂ ਬਾਅਦ ਭਗਵੰਤ ਮਾਨ ਨੇ ਨਸ਼ਿਆਂ ਦੇ ਮੁੱਦੇ 'ਤੇ ਅਮਿਤ ਸ਼ਾਹ ਨੂੰ ਘੇਰਿਆ

**ਚੰਡੀਗੜ੍ਹ, 17 ਅਕਤੂਬਰ -ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਵਿੱਚ ਨਸ਼ਿਆਂ ਦੇ ਮੁੱਦੇ 'ਤੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਵੱਲੋਂ ਆਮ ਆਦਮੀ ਪਾਰਟੀ ਦੀ ਸਰਕਾਰ ਨੂੰ ਘੇਰਨ ਮਗਰੋਂ ਮੁੱਖ ਮੰਤਰੀ ਭਗਵੰਤ ਮਾਨ ਨੇ ਜਵਾਬੀ ਹਮਲਾ ਕੀਤਾ ਹੈ। ਉਨ੍ਹਾਂ ਨੇ ਸ਼ਾਹ ਨੂੰ ਕਿਹਾ ਕਿ ਉਨ੍ਹਾਂ ਬਾਰੇ ਬਿਆਨ ਦੇਣ ਤੋਂ ਪਹਿਲਾਂ ਆਪਣੇ ਸਲਾਹਕਾਰਾਂ ਨਾਲ ਸਲਾਹ-ਮਸ਼ਵਰਾ ਕਰ ਲੈਣਾ ਚਾਹੀਦਾ ਸੀ। ਮਾਨ ਨੇ ਗੁਜਰਾਤ ਦੇ ਕਾਂਡਲਾ ਬੰਦਰਗਾਹ ਤੋਂ ਵੱਡੀ ਮਾਤਰਾ ਵਿੱਚ ਨਸ਼ੀਲੇ ਪਦਾਰਥ ਫੜੇ ਜਾਣ ਦਾ ਹਵਾਲਾ ਦਿੰਦਿਆਂ ਕੇਂਦਰ ਸਰਕਾਰ ਦੀ ਜ਼ਿੰਮੇਵਾਰੀ 'ਤੇ ਵੀ ਸਵਾਲ ਚੁੱਕੇ।

ਮੁੱਖ ਮੰਤਰੀ ਨੇ ਸੋਸ਼ਲ ਮੀਡੀਆ ਮੰਚ ਐਕਸ 'ਤੇ ਪਾਈ ਪੋਸਟ ਵਿੱਚ ਕਿਹਾ ਕਿ ਸਰਹੱਦ ਤੋਂ 50 ਕਿਲੋਮੀਟਰ ਤੱਕ ਦੇ ਖੇਤਰ ਵਿੱਚ ਸੀਮਾ ਸੁਰੱਖਿਆ ਬਲ (ਬੀਐੱਸਐੱਫ) ਦਾ ਅਧਿਕਾਰ ਖੇਤਰ ਹੈ। ਉਨ੍ਹਾਂ ਕਿਹਾ ਕਿ ਗੁਜਰਾਤ ਦੇ ਕਾਂਡਲਾ ਬੰਦਰਗਾਹ ਤੋਂ 3,000 ਕਿੱਲੋ ਨਸ਼ੀਲੇ ਪਦਾਰਥ ਫੜੇ ਜਾਣ ਦੇ ਮਾਮਲੇ ਨੂੰ ਵੀ ਧਿਆਨ ਵਿੱਚ ਰੱਖਣਾ ਚਾਹੀਦਾ ਹੈ। ਉਨ੍ਹਾਂ ਅਮਿਤ ਸ਼ਾਹ ਨੂੰ ਕਿਹਾ ਕਿ ਭਗਵੰਤ ਮਾਨ ਨੂੰ ਦੋਸ਼ ਦੇਣ ਤੋਂ ਪਹਿਲਾਂ ਆਪਣੀ ਜ਼ਿੰਮੇਵਾਰੀ ਨਿਭਾਉਣ।



ਮਾਨ ਨੇ ਆਪਣੀ ਪੋਸਟ ਵਿੱਚ ਸ਼ਾਹ 'ਤੇ ਤਨਜ਼ ਕਰਦਿਆਂ ਇਹ ਵੀ ਕਿਹਾ ਕਿ ਆਪਣੇ ਸਹਿਯੋਗੀਆਂ ਵੱਲੋਂ ਲਿਖੇ-ਲਿਖਾਏ ਟਵੀਟ ਬਿਨਾਂ ਸੋਚੇ-ਸਮਝੇ ਕਾਪੀ ਕਰਕੇ ਅੱਗੇ ਨਾ ਪਾਏ ਜਾਣ।

**ਪਰਵਿੰਦਰ ਸਿੰਘ ਝੋਟਾ ਦੇ ਮਾਮਲੇ 'ਤੇ ਵੀ ਕੇਂਦਰ ਨੇ ਚੁੱਕੇ ਸਵਾਲ**

ਇਹ ਬਿਆਨ ਅਜਿਹੇ ਸਮੇਂ ਆਇਆ ਹੈ ਜਦੋਂ ਪੰਜਾਬ ਵਿੱਚ ਨਸ਼ਿਆਂ ਦੇ ਕਾਰੋਬਾਰ ਅਤੇ ਕਾਨੂੰਨ ਵਿਵਸਥਾ ਦੇ ਮੁੱਦੇ 'ਤੇ ਆਮ ਆਦਮੀ ਪਾਰਟੀ ਦੀ ਸਰਕਾਰ ਅਤੇ ਭਾਜਪਾ ਵਿਚਾਲੇ ਸਿਆਸੀ ਟਕਰਾਅ ਵਧ ਗਿਆ ਹੈ। ਅਮਿਤ ਸ਼ਾਹ ਨੇ ਹਾਲ ਹੀ ਵਿੱਚ ਪੰਜਾਬ ਵਿੱਚ ਨਸ਼ਿਆਂ ਦੇ ਕਾਰੋਬਾਰ, ਗੈਂਗਸਟਰਾਂ ਦੀਆਂ ਸਰਗਰਮੀਆਂ ਅਤੇ ਲੋਕਾਂ ਦੀ ਸੁਰੱਖਿਆ ਨੂੰ ਲੈ ਕੇ ਸੂਬਾ ਸਰਕਾਰ 'ਤੇ ਸਵਾਲ ਚੁੱਕੇ ਸਨ।

ਸ਼ਾਹ ਨੇ ਮਾਨਸਾ ਵਿੱਚ ਨਸ਼ਿਆਂ ਦੇ ਕਾਰੋਬਾਰ ਦਾ ਵਿਰੋਧ ਕਰਨ ਵਾਲੇ ਪਰਵਿੰਦਰ ਸਿੰਘ ਝੋਟਾ ਦੇ ਕਤਲ ਅਤੇ ਸੰਗਰੂਰ ਦੇ ਦਿੜ੍ਹਬਾ ਵਿੱਚ ਗੁਲਜ਼ਾਰ ਸਿੰਘ ਦੀ ਮੌਤ ਦਾ ਜ਼ਿਕਰ ਕਰਦਿਆਂ ਪੰਜਾਬ ਸਰਕਾਰ ਤੋਂ ਜਵਾਬ ਮੰਗਣ ਦੀ ਗੱਲ ਵੀ ਆਖੀ ਸੀ। ਉਨ੍ਹਾਂ ਕਿਹਾ ਸੀ ਕਿ ਪੰਜਾਬ ਦੇ ਲੋਕਾਂ ਨੂੰ ਸਿਰਫ਼ ਐਲਾਨ ਨਹੀਂ, ਸਗੋਂ ਨਸ਼ਿਆਂ ਦੇ ਨੈੱਟਵਰਕ ਵਿਰੁੱਧ ਠੋਸ ਕਾਰਵਾਈ ਅਤੇ ਅਪਰਾਧੀਆਂ ਨੂੰ ਮਿਲ ਰਹੀ ਕਥਿਤ ਸਿਆਸੀ ਸਰਪ੍ਰਸਤੀ ਦੀ ਨਿਰਪੱਖ ਜਾਂਚ ਚਾਹੀਦੀ ਹੈ।

**ਨਸ਼ਿਆਂ ਵਿਰੁੱਧ ਕਾਰਵਾਈ ਨੂੰ ਲੈ ਕੇ ਕੇਂਦਰ ਤੇ ਪੰਜਾਬ ਸਰਕਾਰ ਆਹਮੋ-ਸਾਹਮਣੇ**

ਨਸ਼ਿਆਂ ਦੀ ਤਸਕਰੀ ਨੂੰ ਰੋਕਣ ਦੀ ਜ਼ਿੰਮੇਵਾਰੀ ਨੂੰ ਲੈ ਕੇ ਕੇਂਦਰ ਅਤੇ ਪੰਜਾਬ ਸਰਕਾਰ ਵਿਚਾਲੇ ਪਹਿਲਾਂ ਵੀ ਬਹਿਸ ਹੁੰਦੀ ਰਹੀ ਹੈ। ਪੰਜਾਬ ਦੀ ਪਾਕਿਸਤਾਨ ਨਾਲ ਲੱਗਦੀ ਸਰਹੱਦ ਰਾਹੀਂ ਨਸ਼ੀਲੇ ਪਦਾਰਥਾਂ ਦੀ ਤਸਕਰੀ ਸੂਬੇ ਲਈ ਵੱਡੀ ਚੁਣੌਤੀ ਹੈ। ਬੀਐੱਸਐੱਫ ਅਤੇ ਪੰਜਾਬ ਪੁਲੀਸ ਸਰਹੱਦ ਪਾਰੋਂ ਨਸ਼ਿਆਂ ਦੀ ਸਪਲਾਈ ਰੋਕਣ ਲਈ ਕਾਰਵਾਈ ਕਰਦੇ ਹਨ।

ਮਾਨ ਪਹਿਲਾਂ ਵੀ ਗੁਜਰਾਤ ਦੀਆਂ ਬੰਦਰਗਾਹਾਂ ਤੋਂ ਨਸ਼ੀਲੇ ਪਦਾਰਥਾਂ ਦੀਆਂ ਵੱਡੀਆਂ ਖੇਪਾਂ ਫੜੇ ਜਾਣ ਦਾ ਹਵਾਲਾ ਦੇ ਕੇ ਭਾਜਪਾ 'ਤੇ ਪੰਜਾਬ ਨੂੰ ਨਸ਼ਿਆਂ ਦੇ ਮੁੱਦੇ 'ਤੇ ਬਦਨਾਮ ਕਰਨ ਦੇ ਦੋਸ਼ ਲਾਉਂਦੇ ਰਹੇ ਹਨ। ਦੂਜੇ ਪਾਸੇ, ਭਾਜਪਾ ਪੰਜਾਬ ਵਿੱਚ ਨਸ਼ਿਆਂ ਦੇ ਕਾਰੋਬਾਰ ਨੂੰ ਲੈ ਕੇ ਸੂਬਾ ਸਰਕਾਰ ਨੂੰ ਜਵਾਬਦੇਹ ਠਹਿਰਾਉਂਦੀ ਆ ਰਹੀ ਹੈ।

# ਆਪਣੇ ਅਧਿਕਾਰ ਜਾਣੋ: ਸਥਾਈ ਲੋਕ ਅਦਾਲਤ ਤੇਜ਼ ਅਤੇ ਸੁਲਭ ਨਿਆਂ ਪ੍ਰਦਾਨ ਕਰਦੀ ਹੈ



**ਚੰਡੀਗੜ੍ਹ, 17 ਅਕਤੂਬਰ -ਕੌਮੀ ਪੱਤ੍ਰਿਕਾ ਬਿਊਰੋ-**

ਸਥਾਈ ਲੋਕ ਅਦਾਲਤ (ਜਨ ਉਪਯੋਗਤਾ ਸੇਵਾਵਾਂ), ਯੂ.ਟੀ. ਚੰਡੀਗੜ੍ਹ ਦੀ ਸਰਪ੍ਰਸਤੀ ਵਿੱਚ ਸਰਕਾਰੀ ਮਾਡਲ ਸੀਨੀਅਰ ਸੈਕੰਡਰੀ ਸਕੂਲ, ਸੈਕਟਰ 35, ਚੰਡੀਗੜ੍ਹ ਵਿੱਚ ਇੱਕ ਜਾਗਰੂਕਤਾ ਪ੍ਰੋਗਰਾਮ ਆਯੋਜਿਤ ਕੀਤਾ ਗਿਆ। ਪ੍ਰੋਗਰਾਮ ਨੂੰ ਸੰਬੋਧਨ ਕਰਦੇ ਹੋਏ ਸਥਾਈ ਲੋਕ ਅਦਾਲਤ (ਜਨ ਉਪਯੋਗਤਾ ਸੇਵਾਵਾਂ), ਯੂ.ਟੀ. ਚੰਡੀਗੜ੍ਹ ਦੇ ਮੈਂਬਰ ਸੁਸ਼੍ਰੀ ਸੁਰਜੀਤ ਕੌਰ ਨੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਸਥਾਈ ਲੋਕ ਅਦਾਲਤ ਦੀ ਭੂਮਿਕਾ ਅਤੇ ਕਾਰਜਪ੍ਰਣਾਲੀ ਬਾਰੇ ਜਾਣਕਾਰੀ ਦਿੱਤੀ।

ਉਨ੍ਹਾਂ ਨੇ ਦੱਸਿਆ ਕਿ ਸਥਾਈ ਲੋਕ ਅਦਾਲਤ ਬਿਜਲੀ, ਪਾਣੀ, ਟ੍ਰਾਂਸਪੋਰਟ, ਦੂਰਸੰਚਾਰ, ਬੀਮਾ, ਸਵੱਛਤਾ ਅਤੇ ਹਸਪਤਾਲ ਜਾਂ ਡਿਸਪੈਂਸਰੀ ਜਿਹੀਆਂ ਜ਼ਰੂਰੀ ਜਨ ਉਪਯੋਗਤਾ ਸੇਵਾਵਾਂ ਨਾਲ ਸਬੰਧਿਤ ਵਿਵਾਦਾਂ ਦੇ ਸਮਾਧਾਨ ਲਈ ਇੱਕ ਸੁਲਭ ਵਿਧਾਨਕ ਮੰਚ ਪ੍ਰਦਾਨ ਕਰਦੀ ਹੈ।

ਉਨ੍ਹਾਂ ਨੇ ਪ੍ਰਤੀਭਾਗੀਆਂ ਨੂੰ ਦੱਸਿਆ ਕਿ ਸਥਾਈ ਲੋਕ ਅਦਾਲਤ ਪਹਿਲਾਂ ਸਮਝੌਤੇ ਦੇ ਜ਼ਰੀਏ ਵਿਵਾਦ ਦਾ ਸਮਾਧਾਨ ਕਰਨ ਦਾ ਪ੍ਰਯਾਸ ਕਰਦੀ ਹੈ। ਸਮਝੌਤਾ ਸੰਭਵ ਨਾ ਹੋਣ 'ਤੇ ਇਹ ਕਾਨੂੰਨ ਦੇ ਅਨੁਸਾਰ ਵਿਵਾਦ ਦੇ ਗੁਣ-ਦੋਸ਼ ਦੇ ਅਧਾਰ 'ਤੇ ਨਿਰਣਾ ਦੇ ਸਕਦੀ ਹੈ। ਇਹ ਵਿਵਸਥਾ ਨਾਗਰਿਕਾਂ ਨੂੰ ਲੰਬੀ ਮੁਕੱਦਮੇਬਾਜ਼ੀ ਦੀਆਂ ਉਲਝਣਾਂ ਤੋਂ ਬਚਾਉਂਦੇ ਹੋਏ ਆਪਣੇ ਅਧਿਕਾਰ ਖੇਤਰ ਵਿੱਚ ਆਉਣ ਵਾਲੇ ਜਨ ਸੇਵਾਵਾਂ ਨਾਲ ਸਬੰਧਿਤ ਵਿਵਾਦਾਂ ਦੇ ਤੇਜ਼, ਕਿਫ਼ਾਇਤੀ ਅਤੇ ਪ੍ਰਭਾਵੀ ਸਮਾਧਾਨ ਦਾ ਅਵਸਰ ਪ੍ਰਦਾਨ ਕਰਦੀ ਹੈ।

ਪ੍ਰਤੀਭਾਗੀਆਂ ਨੂੰ ਇਹ ਵੀ ਦੱਸਿਆ ਗਿਆ ਕਿ ਲਾਗੂ ਕਾਨੂੰਨੀ ਪ੍ਰਾਵਧਾਨਾਂ ਦੇ ਤਹਿਤ ਸਥਾਈ ਲੋਕ ਅਦਾਲਤ ਦਾ ਨਿਰਣਾ ਸਬੰਧਿਤ ਧਿਰਾਂ 'ਤੇ ਅੰਤਿਮ ਅਤੇ ਲਾਜ਼ਮੀ ਹੁੰਦਾ ਹੈ ਅਤੇ ਇਸ ਨੂੰ ਸਿਵਲ ਅਦਾਲਤ ਦੀ ਡਿਕਰੀ ਦੇ ਸਮਾਨ ਪ੍ਰਭਾਵ ਪ੍ਰਾਪਤ ਹੁੰਦਾ ਹੈ। ਸੁਸ਼੍ਰੀ ਕੌਰ ਨੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਆਪਣੇ ਪਰਿਵਾਰਾਂ ਅਤੇ ਭਾਈਚਾਰਿਆਂ ਵਿੱਚ ਇਸ ਸਬੰਧ ਵਿੱਚ ਜਾਗਰੂਕਤਾ ਫੈਲਾਉਣ ਦੀ ਤਾਕੀਦ ਕੀਤੀ।

# ਸਵੀਡਿਸ਼ ਸਿੱਖ ਭਾਈਚਾਰੇ ਦੇ ਵਫ਼ਦ ਨੇ ਇੰਡੀਆ ਹਾਊਸ ਵਿਖੇ ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨਾਲ ਕੀਤੀ ਮੁਲਾਕਾਤ

**ਚੰਡੀਗੜ੍ਹ, 17 ਅਕਤੂਬਰ -ਕੌਮੀ ਪੱਤ੍ਰਿਕਾ ਬਿਊਰੋ-**

ਸਵੀਡਨ ਵਿੱਚ ਵੱਸਦੇ ਸਿੱਖ ਭਾਈਚਾਰੇ ਦੇ ਇੱਕ ਵਫ਼ਦ ਨੇ ਇੰਡੀਆ ਹਾਊਸ ਵਿਖੇ ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨਾਲ ਮੁਲਾਕਾਤ ਕੀਤੀ। ਵਫ਼ਦ ਦੇ ਸਾਰੇ ਮੈਂਬਰਾਂ ਨੇ ਮੁੱਖ ਮੰਤਰੀ ਦੀ ਸਵੀਡਨ ਫੇਰੀ 'ਤੇ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ। ਇਸ ਮੁਲਾਕਾਤ ਦੌਰਾਨ ਕੈਬਨਿਟ ਮੰਤਰੀ ਵਿਪੁਲ ਗੋਇਲ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਸਨ।

ਮੁਲਾਕਾਤ ਦੌਰਾਨ ਵਫ਼ਦ ਦੇ ਮੈਂਬਰ ਮੁੱਖ ਮੰਤਰੀ ਨੂੰ ਮਿਲ ਕੇ ਬਹੁਤ ਖੁਸ਼ ਨਜ਼ਰ ਆਏ। ਦੋਵਾਂ ਧਿਰਾਂ ਵਿਚਕਾਰ ਕਈ ਅਹਿਮ ਵਿਸ਼ਿਆਂ 'ਤੇ ਵਿਸਤਾਰ ਨਾਲ ਚਰਚਾ ਹੋਈ। ਚਰਚਾ ਵਿੱਚ ਹਰਿਆਣਾ ਵਿੱਚ ਨਿਵੇਸ਼ ਅਤੇ ਰੁਜ਼ਗਾਰ ਦੇ ਮੌਕਿਆਂ ਨੂੰ ਉਤਸ਼ਾਹਤ ਕਰਨ ਦੇ ਨਾਲ-ਨਾਲ ਨੌਜਵਾਨਾਂ ਨੂੰ ਸਸ਼ਕਤ ਬਣਾਉਣ 'ਤੇ ਵਿਸ਼ੇਸ਼ ਜ਼ੋਰ ਦਿੱਤਾ ਗਿਆ।

ਵਫ਼ਦ ਦੇ ਮੈਂਬਰਾਂ ਨੇ ਕਿਹਾ ਕਿ ਹਰਿਆਣਾ ਨਿਵੇਸ਼ ਅਤੇ ਰੁਜ਼ਗਾਰ ਪੈਦਾ ਕਰਨ ਦੀ ਦਿਸ਼ਾ ਵਿੱਚ ਤੇਜ਼ੀ ਨਾਲ ਅੱਗੇ ਵਧ ਰਿਹਾ ਹੈ। ਉਨ੍ਹਾਂ ਨੇ ਨੌਜਵਾਨਾਂ ਨੂੰ ਮਜ਼ਬੂਤ ਬਣਾਉਣ ਦੇ ਯਤਨਾਂ 'ਤੇ ਵੀ ਚਰਚਾ ਕੀਤੀ। ਪ੍ਰਤੀਨਿਧੀਆਂ ਨੇ ਜ਼ੋਰ ਦਿੰਦਿਆਂ ਕਿਹਾ ਕਿ ਨਸ਼ੇ ਦੀ ਸਮੱਸਿਆ ਨੂੰ ਜੜ੍ਹੋਂ ਖ਼ਤਮ ਕਰਨਾ ਸਰਕਾਰ ਦੀ ਜ਼ਿੰਮੇਵਾਰੀ ਹੈ। ਉਨ੍ਹਾਂ ਵਿਕਾਸ ਅਤੇ ਰੁਜ਼ਗਾਰ ਦੀ ਦਿਸ਼ਾ ਵਿੱਚ ਮਿਲ ਕੇ ਅੱਗੇ ਵਧਣ ਦੀ ਲੋੜ 'ਤੇ ਜ਼ੋਰ ਦਿੱਤਾ।

ਵਫ਼ਦ ਦੇ ਮੈਂਬਰਾਂ ਨੇ ਮੁੱਖ ਮੰਤਰੀ ਦੇ ਇਸ ਦੌਰੇ ਨੂੰ ਸ਼ਲਾਘਾਯੋਗ ਦੱਸਿਆ। ਉਨ੍ਹਾਂ ਕਿਹਾ ਕਿ ਹਰਿਆਣਾ ਦੇ ਮੁੱਖ ਮੰਤਰੀ ਦਾ ਸਵੀਡਨ ਆਉਣਾ ਅਤੇ ਨਿਵੇਸ਼ ਤੇ ਰੁਜ਼ਗਾਰ ਦੇ ਖੇਤਰ ਵਿੱਚ ਕੰਮ ਕਰਨਾ ਦੇਸ਼ ਅਤੇ ਸਮਾਜ ਲਈ ਇੱਕ ਸਕਾਰਾਤਮਕ ਪਹਿਲ ਹੈ। ਇਹ ਯਤਨ ਨਾ ਸਿਰਫ਼ ਹਰਿਆਣਾ ਸਗੋਂ ਪੂਰੇ ਦੇਸ਼ ਦੇ ਨੌਜਵਾਨਾਂ ਦੇ ਉੱਜਵਲ ਭਵਿੱਖ ਲਈ ਲਾਹੇਵੰਦ ਸਾਬਤ ਹੋਵੇਗਾ। ਮੁਲਾਕਾਤ ਦੌਰਾਨ ਵਫ਼ਦ ਨੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਦੀ ਅਗਵਾਈ ਹੇਠ ਹਰਿਆਣਾ ਸਰਕਾਰ ਵੱਲੋਂ ਕੀਤੇ ਜਾ ਰਹੇ ਵਿਕਾਸ ਕਾਰਜਾਂ ਦੀ ਸ਼ਲਾਘਾ ਕੀਤੀ। ਦੋਵਾਂ ਧਿਰਾਂ ਨੇ ਭਵਿੱਖ ਵਿੱਚ ਸਹਿਯੋਗ ਵਧਾਉਣ ਅਤੇ ਆਪਸੀ ਸਬੰਧਾਂ ਨੂੰ ਹੋਰ ਮਜ਼ਬੂਤ ਕਰਨ 'ਤੇ ਸਹਿਮਤੀ ਪ੍ਰਗਟਾਈ।

# ਮਨਪ੍ਰੀਤ ਬਾਦਲ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨਾਲ ਕੀਤੀ ਮੁਲਾਕਾਤ; ਸਿਆਸੀ ਹਲਕਿਆ 'ਚ ਚਰਚਾ

## ਧੀ 'ਰੀਆ ਬਾਦਲ' ਦੇ ਵਿਆਹ ਦਾ ਦਿੱਤਾ ਸੱਦਾ



**ਨਵੀਂ ਦਿੱਲੀ, 17 ਅਕਤੂਬਰ -ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਵਿੱਚ ਦਿਨੋ-ਦਿਨ ਗਰਮਾ ਰਹੇ ਸਿਆਸੀ ਅਤੇ ਚੋਣ ਮਾਹੌਲ ਦੇ ਮੱਦੇਨਜ਼ਰ ਸੂਬੇ ਨਾਲ ਜੁੜੀ ਹਰ ਗਤੀਵਿਧੀ- ਚਾਹੇ ਉਹ ਰਣਨੀਤਕ ਬੈਠਕ ਹੋਵੇ ਜਾਂ ਸ਼ਿਸ਼ਟਾਚਾਰ ਮੁਲਾਕਾਤ, ਵਿਸ਼ੇਸ਼ ਅਹਿਮੀਅਤ ਰੱਖਦੀ ਹੈ। ਇਸੇ ਦੌਰਾਨ ਜਦੋਂ ਭਾਜਪਾ ਦੇ ਕੌਮੀ ਉਪ-ਪ੍ਰਧਾਨ ਅਤੇ ਪੰਜਾਬ ਦੇ ਸਾਬਕਾ ਵਿੱਤ ਮੰਤਰੀ ਮਨਪ੍ਰੀਤ ਸਿੰਘ ਬਾਦਲ ਨੇ ਆਪਣੇ ਪਰਿਵਾਰ ਸਮੇਤ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨਾਲ ਮੁਲਾਕਾਤ ਕੀਤੀ, ਤਾਂ ਦਿੱਲੀ ਦੇ ਸਿਆਸੀ ਹਲਕਿਆਂ ਵਿੱਚ ਇਸ ਦੇ ਮਕਸਦ ਨੂੰ ਲੈ ਕੇ ਕਈ ਤਰ੍ਹਾਂ ਦੇ ਅਟਕਲਾਂ ਦਾ ਬਾਜ਼ਾਰ ਗਰਮ ਹੋ ਗਿਆ।

ਹੁਣ ਇਹ ਸਾਫ਼ ਹੋ ਗਿਆ ਹੈ ਕਿ ਮਨਪ੍ਰੀਤ ਬਾਦਲ 7 ਲੋਕ ਕਲਿਆਣ ਮਾਰਗ (ਪ੍ਰਧਾਨ ਮੰਤਰੀ ਨਿਵਾਸ) ਵਿਖੇ ਆਪਣੀ ਧੀ ਰੀਆ ਬਾਦਲ ਦੇ ਵਿਆਹ ਦਾ ਸੱਦਾ ਪੱਤਰ ਦੇਣ ਲਈ ਪਹੁੰਚੇ ਸਨ। ਰੀਆ ਬਾਦਲ ਦਾ ਵਿਆਹ ਕਾਂਗਰਸ ਦੇ ਸੀਨੀਅਰ ਆਗੂ ਡਾ. ਕਰਨ ਸਿੰਘ ਦੇ ਪੋਤੇ ਆਰ. ਕੇ. ਮਾਰਤੰਡ ਸਿੰਘ ਨਾਲ ਹੋਣ ਜਾ ਰਿਹਾ ਹੈ। ਮਾਰਤੰਡ ਸਿੰਘ, ਵਿਕਰਮਾਦਿੱਤਿਆ ਸਿੰਘ ਦੇ ਸਪੁੱਤਰ ਹਨ ਅਤੇ ਇਸ ਵਿਆਹ ਨਾਲ ਦੇਸ਼ ਦੇ ਦੋ ਪ੍ਰਮੁੱਖ ਘਰਾਣੇ ਆਪਸ ਵਿੱਚ ਜੁੜਨਗੇ।

ਇਸ ਮੁਲਾਕਾਤ ਦੌਰਾਨ ਮਨਪ੍ਰੀਤ ਸਿੰਘ ਬਾਦਲ ਦੇ ਨਾਲ ਉਨ੍ਹਾਂ ਦੀ ਪਤਨੀ, ਬੇਟਾ ਅਤੇ ਧੀ ਰੀਆ ਬਾਦਲ ਵੀ ਮੌਜੂਦ ਸਨ। ਵਿਆਹ ਦੇ ਵਿਸਥਾਰਤ ਸਮਾਗਮਾਂ ਦੀ ਸ਼ੁਰੂਆਤ 28 ਅਕਤੂਬਰ ਨੂੰ ਚੰਡੀਗੜ੍ਹ ਵਿਖੇ ਰਾਤ ਦੇ ਖਾਣੇ (ਡਿਨਰ) ਅਤੇ ਰਿਸੈਪਸ਼ਨ ਨਾਲ ਹੋਵੇਗੀ। ਇਸ ਤੋਂ ਬਾਅਦ 1 ਨਵੰਬਰ ਨੂੰ ਦਿੱਲੀ ਵਿੱਚ ਸੰਗੀਤ ਸਮਾਰੋਹ ਰੱਖਿਆ ਗਿਆ ਹੈ, ਜਦਕਿ ਵਿਆਹ 3 ਨਵੰਬਰ ਨੂੰ ਦਿੱਲੀ ਵਿੱਚ ਹੋਵੇਗਾ। ਅਨੰਦ ਕਾਰਜ ਦੀ ਰਸਮ 4 ਨਵੰਬਰ ਨੂੰ ਦਿੱਲੀ ਵਿਖੇ ਨਿਭਾਈ ਜਾਵੇਗੀ।

# ਦੀਪਕੇ ਨੇ CJP ਦੇ ਪ੍ਰਦਰਸ਼ਨ ਦੇ ਉਦੇਸ਼ਾਂ ਬਾਰੇ ਦਿੱਤੀ ਸਫ਼ਾਈ; ਪ੍ਰਸ਼ਾਂਤ ਭੂਸ਼ਣ ਅਤੇ ਨੇਹਾ ਬੋਰਾ ਤੋਂ ਬਣਾਈ ਦੂਰ

**ਨਵੀਂ ਦਿੱਲੀ, 17 ਅਕਤੂਬਰ -ਕੌਮੀ ਪੱਤ੍ਰਿਕਾ ਬਿਊਰੋ-**

ਕੌਕੋਰੋਚ ਜਨਤਾ ਪਾਰਟੀ ਦੇ ਸੰਸਥਾਪਕ ਅਭਿਜੀਤ ਦੀਪਕੇ ਨੇ ਮੁੱਖ ਚੋਣ ਕਮਿਸ਼ਨਰ (353) ਗਿਆਨੇਸ਼ ਕੁਮਾਰ ਖ਼ਿਲਾਫ਼ ਚੱਲ ਰਹੇ ਵਿਰੋਧ ਪ੍ਰਦਰਸ਼ਨ ਨੂੰ 'ਸੱਤਾ ਬਦਲਣ' ਦੇ ਬਿਰਤਾਂਤ ਤੋਂ ਪੂਰੀ ਤਰ੍ਹਾਂ ਵੱਖ ਕਰ ਲਿਆ ਹੈ। ਨਵੀਂ ਦਿੱਲੀ ਵਿੱਚ ਕੀਤੀ ਪ੍ਰੈੱਸ ਕਾਨਫਰੰਸ ਦੌਰਾਨ ਦੀਪਕੇ ਨੇ ਸਪੱਸ਼ਟ ਕੀਤਾ ਕਿ ਉਨ੍ਹਾਂ ਦੇ ਅੰਦੋਲਨ ਦਾ ਮਕਸਦ ਸਰਕਾਰ ਬਦਲਣਾ ਨਹੀਂ, ਸਗੋਂ ਮੁੱਖ ਚੋਣ ਕਮਿਸ਼ਨਰ ਨੂੰ ਉਸ ਦੇ ਅਹੁਦੇ ਤੋਂ ਹਟਾਉਣਾ ਹੈ।

ਦੀਪਕੇ ਨੇ ਆਖਿਆ, ਅਸੀਂ ਸਰਕਾਰ ਬਦਲਣ ਦੀ ਗੱਲ ਨਹੀਂ ਕਰ ਰਹੇ। ਸਾਡੀ ਸਿੱਧੀ ਮੰਗ ਹੈ ਕਿ ਜੋ ਮੁੱਖ ਚੋਣ ਕਮਿਸ਼ਨਰ ਚੋਣਾਂ ਵਿੱਚ ਗੜਬੜੀ ਕਰ ਰਿਹਾ ਹੈ, ਆਪਣੇ ਸਾਥੀ ਚੋਣ ਕਮਿਸ਼ਨਰਾਂ ਅਤੇ ਸੁਪਰੀਮ ਕੋਰਟ ਦੀ ਗੱਲ ਨਹੀਂ ਸੁਣ ਰਿਹਾ, ਉਸ ਨੂੰ ਤੁਰੰਤ ਹਟਾਇਆ ਜਾਵੇ ਅਤੇ ਉਸ ਦੀ ਥਾਂ ਕਿਸੇ ਨਿਰਪੱਖ ਵਿਅਕਤੀ ਨੂੰ ਨਿਯੁਕਤ ਕੀਤਾ ਜਾਵੇ।



ਦੀਪਕੇ ਦਾ ਇਹ ਬਿਆਨ ਸੀਨੀਅਰ ਵਕੀਲ ਪ੍ਰਸ਼ਾਂਤ ਭੂਸ਼ਣ ਦੇ ਉਸ ਟਿੱਪਣੀ ਤੋਂ ਬਾਅਦ ਆਇਆ ਹੈ, ਜਿਸ ਵਿੱਚ ਉਨ੍ਹਾਂ ਅੰਦੋਲਨ ਨੂੰ 'ਸੱਤਾ ਬਦਲਣ ਦੀ ਲੜਾਈ' ਕਰਾਰ ਦਿੱਤਾ ਸੀ। ਇਸ ਤੋਂ ਇਲਾਵਾ, ਆਇਸਾ ਆਗੂ ਨੇਹਾ ਬੋਰਾ ਵੱਲੋਂ ਬਾਂਗਲਾਦੇਸ਼ ਦੇ ਅੰਦੋਲਨ ਤੋਂ ਪ੍ਰੇਰਨਾ ਲੈਣ ਸਬੰਧੀ ਦਿੱਤੇ ਬਿਆਨ ਨੂੰ ਲੈ ਕੇ ਭਾਜਪਾ ਨੇ ਵੀ ਪ੍ਰਦਰਸ਼ਨਕਾਰੀਆਂ 'ਤੇ ਤਿੱਖੇ ਹਮਲੇ ਬੋਲੇ ਸਨ। ਭਾਜਪਾ ਤਰਜਮਾਨ ਪ੍ਰਦੀਪ ਭੰਡਾਰੀ ਨੇ ਦੋਸ਼ ਲਾਇਆ ਸੀ ਕਿ ਰਾਹੁਲ ਗਾਂਧੀ ਅਤੇ ਉਨ੍ਹਾਂ ਦਾ ਪੂਰਾ ਈਕੋਸਿਸਟਮ ਦੇਸ਼ ਵਿੱਚ 'ਬਾਂਗਲਾਦੇਸ਼ ਵਰਗੀ ਅਰਾਜਕਤਾ' ਫੈਲਾ ਕੇ ਸਰਕਾਰ ਡੇਗਣਾ ਚਾਹੁੰਦਾ ਹੈ।

ਹਾਲਾਂਕਿ, ਦੀਪਕੇ ਨੇ ਭਾਜਪਾ ਦੇ ਇਨ੍ਹਾਂ ਦੋਸ਼ਾਂ ਨੂੰ ਨਕਾਰਦਿਆਂ ਕਿਹਾ ਕਿ ਉਹ ਸਿਰਫ਼ ਚੋਣ ਪ੍ਰਣਾਲੀ ਦੀ ਪਾਰਦਰਸ਼ਤਾ ਲਈ ਲੜ ਰਹੇ ਹਨ। ਉਨ੍ਹਾਂ ਦੋਸ਼ ਲਾਇਆ ਕਿ ਸੀਈਓ ਨੇ ਸੁਪਰੀਮ ਕੋਰਟ ਦੀ ਮੰਜ਼ੂਰੀ ਤੋਂ ਬਿਨਾਂ ਫ਼ਾਰਮ-6 ਵਿੱਚ ਬਦਲਾਅ ਕੀਤੇ ਹਨ। ਉਨ੍ਹਾਂ ਸਵਾਲ ਕੀਤਾ, ਕੀ ਲੋਕਤੰਤਰ ਵਿੱਚ ਜਵਾਬਦੇਹੀ ਮੰਗਣਾ ਕੋਈ ਗੁਨਾਹ ਹੈ?

ਦੂਜੇ ਪਾਸੇ, ਸ਼ੁੱਕਰਵਾਰ ਨੂੰ ਕਨਾਟ ਪਲੇਸ ਵਿਖੇ ਉਲੀਕੇ 'ਲਹਿਰਾ ਦੋ ਤਿਰੰਗਾ' ਪ੍ਰੋਗਰਾਮ ਤੋਂ ਪਹਿਲਾਂ ਪ੍ਰਸ਼ਾਸਨ ਵੱਲੋਂ ਕੀਤੀਆਂ ਗਈਆਂ ਸਖ਼ਤੀਆਂ 'ਤੇ ਵੀ ਦੀਪਕੇ ਨੇ ਨਿਸ਼ਾਨਾ ਸੇਧਿਆ। ਉਨ੍ਹਾਂ ਪੁੱਛਿਆ ਕਿ ਜਦੋਂ ਤੋਂ CJP ਨੇ ਰਾਸ਼ਟਰੀ ਝੰਡੇ ਨਾਲ ਇਕੱਠੇ ਹੋਣ ਦਾ ਐਲਾਨ ਕੀਤਾ ਹੈ, ਉਦੋਂ ਤੋਂ ਸੈਂਟਰਲ ਪਾਰਕ ਨੂੰ ਬੰਦ ਕਿਉਂ ਕੀਤਾ ਜਾ ਰਿਹਾ ਹੈ?

ਜ਼ਿਕਰਯੋਗ ਹੈ ਕਿ ਦਿੱਲੀ ਹਾਈ ਕੋਰਟ ਨੇ ਪ੍ਰਦਰਸ਼ਨ 'ਤੇ ਰੋਕ ਲਗਾਉਣ ਤੋਂ ਇਨਕਾਰ ਕਰਦਿਆਂ ਪੁਲੀਸ ਨੂੰ ਅਮਨ-ਕਾਨੂੰਨ ਬਣਾਏ ਰੱਖਣ ਦੇ ਨਿਰਦੇਸ਼ ਦਿੱਤੇ ਹਨ। ਇਸ ਦੌਰਾਨ ਨਵੀਂ ਦਿੱਲੀ ਨਗਰ ਪਾਲਿਕਾ ਪਰਿਸ਼ਦ (©4$3) ਨੇ 16 ਅਤੇ 17 ਅਕਤੂਬਰ ਨੂੰ ਸੈਂਟਰਲ ਪਾਰਕ ਆਮ ਲੋਕਾਂ ਲਈ ਬੰਦ ਰੱਖਣ ਦਾ ਐਲਾਨ ਕੀਤਾ ਹੈ। ਦਿੱਲੀ ਪੁਲੀਸ ਨੇ ਹਦਾਇਤਾਂ ਦੀ ਉਲੰਘਣਾ ਕਰਨ ਵਾਲਿਆਂ ਖ਼ਿਲਾਫ਼ ਕਾਰਵਾਈ ਦੀ ਚੇਤਾਵਨੀ ਦਿੱਤੀ ਹੈ ਅਤੇ ਇਲਾਕੇ ਵਿੱਚ 6,000 ਤੋਂ ਵੱਧ ਪੁਲੀਸ ਤੇ ਕੇਂਦਰੀ ਸੁਰੱਖਿਆ ਬਲਾਂ ਦੇ ਜਵਾਨ ਤਾਇਨਾਤ ਕੀਤੇ ਗਏ ਹਨ।

# ਹੱਤਿਆ ਦੇ ਮੁਲਜ਼ਮ ਅਸ਼ਵਨੀ ਦੀ ਦੁਕਾਨ ਤੇ ਲਾਇਆ ਪਰਵਿੰਦਰ ਝੋਟਾ ਦਾ ਬੈਨਰ




**ਮਾਨਸਾ, 17 ਅਕਤੂਬਰ -ਕੌਮੀ ਪੱਤ੍ਰਿਕਾ ਬਿਊਰੋ-**

ਮਾਨਸਾ ਵਿੱਚ ਪਰਵਿੰਦਰ ਸਿੰਘ ਝੋਟਾ ਦੀ ਮੌਤ ਤੋਂ ਬਾਅਦ ਨਸ਼ਿਆਂ ਵਿਰੁੱਧ ਮੁਹਿੰਮ ਨਾਲ ਜੁੜਿਆ ਮਾਮਲਾ ਮੁੜ ਚਰਚਾ ਵਿੱਚ ਆ ਗਿਆ ਹੈ। ਨਸ਼ਾ ਤਸਕਰੀ ਦੇ ਦੋਸ਼ਾਂ ਦਾ ਸਾਹਮਣਾ ਕਰ ਰਹੇ ਅਸ਼ਵਨੀ ਦੀ ਦੁਕਾਨ ਨੂੰ ਤੋੜੇ ਜਾਣ ਤੋਂ ਬਾਅਦ ਉੱਥੇ ਪਰਵਿੰਦਰ ਸਿੰਘ ਝੋਟਾ ਦਾ ਬੈਨਰ ਲਗਾਇਆ ਗਿਆ ਹੈ। ਇਸ ਬੈਨਰ ਉੱਤੇ ਲਿਖਿਆ ਸੰਦੇਸ਼ ਲੋਕਾਂ ਦਾ ਧਿਆਨ ਖਿੱਚ ਰਿਹਾ ਹੈ। ਬੈਨਰ ਉੱਤੇ ਲਿਖਿਆ ਗਿਆ ਹੈ, ਮੇਰੀ ਮੌਤ 'ਤੇ ਨਾ ਰੋਇਓ, ਮੇਰੀ ਸੋਚ ਨੂੰ ਬਚਾਇਓ। ਇਸ ਸੰਦੇਸ਼ ਰਾਹੀਂ ਪਰਵਿੰਦਰ ਸਿੰਘ ਝੋਟਾ ਦੀ ਨਸ਼ਿਆਂ ਵਿਰੁੱਧ ਸੋਚ ਅਤੇ ਮੁਹਿੰਮ ਨੂੰ ਅੱਗੇ ਵਧਾਉਣ ਦਾ ਸੁਨੇਹਾ ਦਿੱਤਾ ਗਿਆ ਹੈ। ਦੁਕਾਨ ਨੂੰ ਤੋੜੇ ਜਾਣ ਅਤੇ ਉੱਥੇ ਝੋਟਾ ਦੇ ਬੈਨਰ ਲਗਾਏ ਜਾਣ ਦੀ ਘਟਨਾ ਨੇ ਇਲਾਕੇ ਵਿੱਚ ਚਰਚਾ ਛੇੜ ਦਿੱਤੀ ਹੈ। ਝੋਟਾ ਦੀ ਮੌਤ ਤੋਂ ਬਾਅਦ ਨਸ਼ਿਆਂ ਦੇ ਮੁੱਦੇ ਨੂੰ ਲੈ ਕੇ ਲੋਕਾਂ ਵਿੱਚ ਰੋਸ ਅਤੇ ਚਰਚਾ ਜਾਰੀ ਹੈ। ਬੈਨਰ ਉੱਤੇ ਲਿਖੇ ਸ਼ਬਦਾਂ ਰਾਹੀਂ ਇਹ ਸੰਦੇਸ਼ ਦੇਣ ਦੀ ਕੋਸ਼ਿਸ਼ ਕੀਤੀ ਗਈ ਹੈ ਕਿ ਕਿਸੇ ਵਿਅਕਤੀ ਦੀ ਮੌਤ ਤੋਂ ਬਾਅਦ ਉਸ ਦੇ ਵਿਚਾਰਾਂ ਨੂੰ ਜਿਉਂਦਾ ਰੱਖਣਾ ਅਤੇ ਨਸ਼ਿਆਂ ਵਿਰੁੱਧ ਜਾਗਰੂਕਤਾ ਫੈਲਾਉਣਾ ਮਹੱਤਵਪੂਰਨ ਹੈ।

# ਰਾਮਪੁਰਾ ਫੂਲ ਵਿਖੇ ਕਾਰਾਂ ਨਾਲ ਲੱਦੀ ਮਾਲਗੱਡੀ ਦੇ ਪੰਜ ਡੱਬੇ ਲੀਹੋਂ ਲੱਥੇ

**ਰਾਮਪੁਰਾ ਫੂਲ, 17 ਅਕਤੂਬਰ -ਕੌਮੀ ਪੱਤ੍ਰਿਕਾ ਬਿਊਰੋ-**

ਬਠਿੰਡਾ ਜ਼ਿਲ੍ਹੇ ਦੇ ਰਾਮਪੁਰਾ ਫੂਲ ਰੇਲਵੇ ਸਟੇਸ਼ਨ ਤੋਂ ਕੁਝ ਮੀਟਰ ਪਹਿਲਾਂ ਸ਼ੁੱਕਰਵਾਰ ਨੂੰ ਨਵੀਆਂ ਕਾਰਾਂ ਲੈ ਕੇ ਜਾ ਰਹੀ ਇੱਕ ਮਾਲਗੱਡੀ ਦੇ ਪੰਜ ਡੱਬੇ ਲੀਹੋਂ ਲਹਿ ਗਏ, ਜਿਸ ਨਾਲ ਬਠਿੰਡਾ-ਰਾਜਪੁਰਾ ਸੈਕਸ਼ਨ 'ਤੇ ਰੇਲ ਆਵਾਜਾਈ ਪ੍ਰਭਾਵਿਤ ਹੋਈ। ਖ਼ੁਸ਼ਕਿਸਮਤੀ ਨਾਲ ਕਿਸੇ ਦੇ ਜਾਨੀ ਨੁਕਸਾਨ ਦੀ ਖ਼ਬਰ ਨਹੀਂ ਹੈ।



ਜੀ.ਆਰ.ਪੀ. ਰਾਮਪੁਰਾ ਫੂਲ ਦੇ ਇੰਚਾਰਜ ਏ.ਐੱਸ.ਆਈ. ਗੁਰਜੰਟ ਸਿੰਘ, ਜੋ ਕਿ ਇੱਕ ਚਸ਼ਮਦੀਦ ਹਨ, ਨੇ ਦੱਸਿਆ ਕਿ ਇਹ ਘਟਨਾ ਸਵੇਰੇ 11 ਵਜੇ ਦੇ ਕਰੀਬ ਵਾਪਰੀ ਜਦੋਂ ਰੇਲਵੇ ਕਰਮਚਾਰੀ ਪਲੇਟਫਾਰਮ 'ਤੇ ਖੜ੍ਹੇ ਸਨ। ਰੇਲਗੱਡੀ ਬਠਿੰਡਾ ਤੋਂ ਰਾਜਪੁਰਾ ਵੱਲ ਜਾ ਰਹੀ ਸੀ ਜਦੋਂ ਇਸ ਦਾ ਇੰਜਣ ਡੱਬਿਆਂ ਤੋਂ ਵੱਖ ਹੋ ਗਿਆ।

ਜੀ.ਆਰ.ਪੀ. ਇੰਚਾਰਜ ਨੇ ਕਿਹਾ, "ਰੇਲਵੇ ਸੈਕਸ਼ਨ ਦੀਆਂ ਚਾਰ ਲਾਈਨਾਂ (ਟ੍ਰੈਕ) ਹਨ, ਜਿਨ੍ਹਾਂ ਵਿੱਚੋਂ ਤਿੰਨ ਇਸ ਘਟਨਾ ਨਾਲ ਪ੍ਰਭਾਵਿਤ ਹੋਈਆਂ ਹਨ। ਬਹਾਲੀ ਦੇ ਕੰਮ ਦੌਰਾਨ ਇੱਕ ਕ੍ਰੇਨ ਇੱਕ ਲਾਈਨ 'ਤੇ ਰਹੇਗੀ, ਜਿਸ ਨਾਲ ਹੋਰ ਰੇਲਗੱਡੀਆਂ ਦੀ ਆਵਾਜਾਈ ਪ੍ਰਭਾਵਿਤ ਹੋ ਸਕਦੀ ਹੈ। ਇੰਜਣ ਦੇ ਵੱਖ ਹੋਣ ਨਾਲ ਇੱਕ ਵੱਡਾ ਹਾਦਸਾ ਟਲ ਗਿਆ।" ਰੇਲਵੇ ਦੀ ਤਕਨੀਕੀ ਟੀਮ ਬਹਾਲੀ ਦਾ ਕੰਮ ਸ਼ੁਰੂ ਕਰਨ ਅਤੇ ਹਾਦਸੇ ਦੇ ਕਾਰਨਾਂ ਦਾ ਪਤਾ ਲਗਾਉਣ ਲਈ ਪਹੁੰਚ ਗਈ ਹੈ। ਹਾਲਾਂਕਿ, ਦੁਪਹਿਰ 1 ਵਜੇ ਦੇ ਕਰੀਬ ਤੱਕ ਕ੍ਰੇਨ ਅਜੇ ਪਹੁੰਚਣੀ ਬਾਕੀ ਸੀ। ਡੱਬੇ ਲੀਹੋਂ ਲਹਿਣ ਦੇ ਕਾਰਨਾਂ ਦਾ ਅਜੇ ਪਤਾ ਨਹੀਂ ਲੱਗ ਸਕਿਆ ਹੈ।

ਇੱਕ ਸੀਨੀਅਰ ਪੁਲੀਸ ਅਧਿਕਾਰੀ ਨੇ ਦੱਸਿਆ ਕਿ ਰੇਲਗੱਡੀ ਗੁਜਰਾਤ ਤੋਂ ਮਲੇਰਕੋਟਲਾ ਜ਼ਿਲ੍ਹੇ ਦੇ ਅਹਿਮਦਗੜ੍ਹ ਵੱਲ ਜਾ ਰਹੀ ਸੀ।

ਇੱਕ ਰੇਲਵੇ ਅਧਿਕਾਰੀ ਨੇ ਨਾਮ ਨਾ ਛਾਪਣ ਦੀ ਸ਼ਰਤ 'ਤੇ ਦੱਸਿਆ ਕਿ ਰੋਜ਼ਾਨਾ ਲਗਪਗ 60 ਰੇਲਗੱਡੀਆਂ ਰੇਲਵੇ ਸਟੇਸ਼ਨ 'ਤੇ ਆਉਂਦੀਆਂ ਹਨ, ਪਰ ਸ਼ੁੱਕਰਵਾਰ ਦੁਪਹਿਰ ਤੱਕ ਸਿਰਫ਼ 15 ਦੇ ਕਰੀਬ ਹੀ ਪਹੁੰਚੀਆਂ ਸਨ।

# ਜਥੇਦਾਰ ਅਕਾਲ ਤਖ਼ਤ ਵੱਲੋਂ ਪਰਵਿੰਦਰ ਝੋਟਾ ਨੂੰ ਕੌਮੀ ਸ਼ਹੀਦ ਦਾ ਦਰਜਾ; ਕਮੇਟੀ ਵੱਲੋਂ ਪਰਵਿੰਦਰ ਝੋਟਾ ਦਾ ਸਸਕਾਰ ਕਰਨ ਤੋਂ ਨਾਂਹ

**ਮਾਨਸਾ, 17 ਅਕਤੂਬਰ -ਕੌਮੀ ਪੱਤ੍ਰਿਕਾ ਬਿਊਰੋ-**

ਪਰਵਿੰਦਰ ਸਿੰਘ ਝੋਟਾ ਦੇ ਕਤਲ ਤੋਂ ਤਿੰਨ ਦਿਨ ਬਾਅਦ ਪਰਿਵਾਰ ਅਤੇ ਇਸ ਸਬੰਧੀ ਸ਼ੁਰੂ ਹੋਏ ਅੰਦੋਲਨ ਸਬੰਧੀ ਬਣੀ ਸੰਘਰਸ਼ ਕਮੇਟੀ ਵੱਲੋਂ ਮ੍ਰਿਤਕ ਦੇਹ ਦਾ ਅੰਤਿਮ ਸੰਸਕਾਰ ਕਰਨ ਤੋਂ ਹਾਲ ਦੀ ਘੜੀ ਨਾਂਹ ਕਰ ਦਿੱਤੀ ਗਈ ਹੈ। ਕਮੇਟੀ ਦਾ ਕਹਿਣਾ ਹੈ ਕਿ ਜਿੰਨਾਂ ਸਮਾਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਡੀਜੀਪੀ ?ਗੌਰਵ ਯਾਦਵ ਅਸਤੀਫਾ ਨਹੀਂ ਦਿੰਦੇ ਅਤੇ ਮਾਮਲੇ ਦੀ ਸੀਬੀਆਈ ਜਾਂਚ ਦੀ ਮੰਗ ਸਬੰਧੀ ਕੋਈ ਭਰੋਸਾ ਨਹੀਂ ਦਿੱਤਾ ਜਾਂਦਾ, ਉਦੋਂ ਤੱਕ ਪੋਸਟ ਮਾਰਟਮ ਨਹੀਂ ਕਰਵਾਇਆ ਜਾਵੇਗਾ।

ਉੱਧਰ ਅੱਜ ਕਮੇਟੀ ਵਲੋਂ ਲਗਾਤਾਰ ਤਿੰਨ ਦਿਨਾਂ ਤੋਂ ਬੰਦ ਚਲੇ ਆ ਰਹੇ ਮਾਨਸਾ ਸ਼ਹਿਰ ਦੇ ਦੁਕਾਨਦਾਰਾਂ ਨੂੰ ਦੁਕਾਨਾਂ ਖੋਲ੍ਹਣ ਲਈ ਅਪੀਲ ਕਰਨ ਤੋਂ ਬਾਅਦ ਅੱਜ ਸਾਰਾ ਸ਼ਹਿਰ ਖੁੱਲ੍ਹ ਗਿਆ ਹੈ। ਉਂਝ ਸ਼ਹਿਰ ਵਿੱਚ ਆਮ ਨਾਲੋਂ ਚਹਿਲ ਪਹਿਲ ਘੱਟ ਵਿਖਾਈ ਦਿੰਦੀ ਹੈ।

ਇੱਥੇ ਇੱਕ ਮੈਡੀਕਲ ਸਟੋਰ ਦੇ ਮਾਲਕ ਅਸ਼ਵਨੀ ਕੁਮਾਰ ਵਲੋਂ ਗੋਲੀਆਂ ਮਾਰ ਕੇ ਮਾਰੇ ਗਏ ਪਰਮਿੰਦਰ ਸਿੰਘ ਝੋਟਾ ਨੂੰ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਵੱਲੋਂ ਕੌਮੀ ਸ਼ਹੀਦ ਦਾ ਦਰਜਾ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਪਰਵਿੰਦਰ ਸਿੰਘ ਝੋਟੇ ਵਲੋਂ ?ਪੰਜਾਬ ਵਿਚ ਨਸ਼ਿਆਂ ਵਿਰੁੱਧ ਜੰਗ ਵਿੱਢੀ ਹੋਈ ਸੀ, ਜਿਸ ਕਰਕੇ ਉਸ ਨੇ ਆਪਣੀ ਜਾਨ ਦੀ ਕੁਰਬਾਨੀ ਦੇ ਦਿੱਤੀ। ਉਹ ਪੰਜਾਬ ਦੀ ਜਵਾਨੀ ਅਤੇ ਹਰ ਘਰ ਲਈ ਸ਼ਹੀਦ ਹੋਇਆ ਹੈ।



ਮਾਨਸਾ ਵਿੱਚ ਡਿਪਟੀ ਕਮਿਸ਼ਨਰ ਦੀ ਰਿਹਾਇਸ਼ ਦੇ ਨੇੜੇ ਤਿਕੋਣੀ ਵਿਖੇ ਧਰਨੇ ਵਾਲੀ ਥਾਂ 'ਤੇ ਪੁੱਜੇ ਗੜਗੱਜ ਨੇ ਸਵਾਲ ਕੀਤਾ ਕਿ ਕੀ ਮਾਮਲੇ ਵਿੱਚ ਥਾਣਾ ਮੁਖੀ (ਐੱਸ.ਐੱਚ.ਓ.) ਦੀ ਮੁਅੱਤਲੀ ਕਾਫ਼ੀ ਕਾਰਵਾਈ ਹੈ ਅਤੇ ਨਸ਼ਾ ਤਸਕਰੀ ਵਿਰੁੱਧ ਫ਼ੈਸਲਾਕੁੰਨ ਕਦਮ ਚੁੱਕਣ ਦੀ ਮੰਗ ਕੀਤੀ।

ਉਨ੍ਹਾਂ ਕਿਹਾ, ਭਾਈ ਪਰਵਿੰਦਰ ਸਿੰਘ ਨੇ ਨਸ਼ਿਆਂ ਖ਼ਿਲਾਫ਼ ਲੜਾਈ ਵਿੱਚ ਆਪਣੀ ਜਾਨ ਦਿੱਤੀ। ਉਹ ਸ਼ਹੀਦ ਹੋਏ ਹਨ। ਸਰਕਾਰ ਨੂੰ ਕੰਨ ਖੋਲ੍ਹ ਕੇ ਸੁਣਨਾ ਚਾਹੀਦਾ ਹੈ। ਕੀ ਮਾਮਲੇ ਨੂੰ ਹੱਲ ਕਰਨ ਲਈ ਐੱਸ.ਐੱਚ.ਓ. ਨੂੰ ਮੁਅੱਤਲ ਕਰਨਾ ਹੀ ਕਾਫ਼ੀ ਹੈ? ਇਹ ਕੋਈ ਸਿਆਸੀ ਮੁੱਦਾ ਨਹੀਂ ਹੈ। ਇਹ ਸਾਡੀ ਹੋਂਦ ਦਾ ਮੁੱਦਾ ਹੈ।

**ਮੁੱਖ ਮੰਤਰੀ ਕੁਰਸੀ ਛੱਡੇ: ਹਰਸਿਮਰਤ ਕੌਰ ਬਾਦਲ**

ਮੈਂਬਰ ਪਾਰਲੀਮੈਂਟ ਹਰਸਿਮਰਤ ਕੌਰ ਬਾਦਲ ਨੇ ਕਿਹਾ ਹੈ ਕਿ ਪਰਵਿੰਦਰ ਸਿੰਘ ਝੋਟਾ ਕਤਲਕਾਂਡ ਨੂੰ ਲੈ ਕੇ ਪੰਜਾਬ 'ਚ ਖਰਾਬ ਕਾਨੂੰਨ ਵਿਵਸਥਾ ਲਈ ਜ਼ਿੰਮੇਵਾਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਹੁਣ ਕੁਰਸੀ ਛੱਡ ਦੇਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਇੱਕ ਪਾਸੇ ਯੁੱਧ ਨਸ਼ਿਆਂ ਵਿਰੁੱਧ ਚਲਾਇਆ ਜਾ ਰਿਹਾ ਹੈ ਦੂਜੇ ਪਾਸੇ ਨਸ਼ਿਆਂ ਖ਼ਿਲਾਫ਼ ਆਵਾਜ਼ ਚੁੱਕਣ ਵਾਲਿਆਂ ਨੂੰ ਮਾਰਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਸ ਕਤਲ ਲਈ ਸਿੱਧੇ ਤੌਰ ਤੇ ਪੰਜਾਬ ਸਰਕਾਰ ਜ਼ਿੰਮੇਵਾਰ ਹੈ।

ਮੈਂਬਰ ਪਾਰਲੀਮੈਂਟ ਹਰਸਿਮਰਤ ਕੌਰ ਬਾਦਲ ਮਾਨਸਾ 'ਚ ਗੋਲੀਆਂ ਮਾਰ ਕੇ ਕਤਲ ਕਰ ਦਿਤੇ ਗਏ ਐਂਟੀ ਡਰੱਗ ਟਾਸਕ ਫੋਰਸ ਦੇ ਕਾਰਕੁੰਨ ਪਰਵਿੰਦਰ ਸਿੰਘ ਝੋਟਾ ਦੇ ਰੋਸ ਨੂੰ ਲੈ ਕੇ ਚੱਲ ਰਹੇ ਧਰਨੇ ਵਿੱਚ ਪੁੱਜੇ ਸਨ। ਇਸ ਮੌਕੇ ਬੀਬਾ ਬਾਦਲ ਨੇ ਝੋਟਾ ਦੇ ਪਰਿਵਾਰ ਨਾਲ ਉਨ੍ਹਾਂ ਹਮਦਰਦੀ ਪ੍ਰਗਟਾਈ ਤੇ ਸ਼੍ਰੋਮਣੀ ਅਕਾਲੀ ਦਲ ਵਲੋਂ ਉਨ੍ਹਾਂ ਨੂੰ ਹਰ ਤਰ੍ਹਾਂ ਦਾ ਸਾਥ, ਸਹਿਯੋਗ ਦੇਣ ਦਾ ਭਰੋਸਾ ਦਿੱਤਾ।

ਮੈਂਬਰ ਪਾਰਲੀਮੈਂਟ ਹਰਸਿਮਰਤ ਕੌਰ ਬਾਦਲ ਨੇ ਕਿਹਾ ਕਿ ਪੰਜਾਬ ਚ ਕਾਨੂੰਨ ਨਾਂ ਦੀ ਕੋਈ ਚੀਜ਼ ਨਹੀਂ ਰਹੀ। ਭਗਵੰਤ ਮਾਨ ਸਰਕਾਰ ਨਾ ਨਸ਼ੇ ਰੋਕ ਸਕੀ ਤੇ ਹੀ ਕਾਨੂੰਨ ਵਿਵਸਥਾ ਸੰਭਾਲ ਸਕੀਏ। ਉਨ੍ਹਾਂ ਕਿਹਾ ਕਿ ਸੰਗਰੂਰ ਦੇ ਮੋਹਨਜੀਤ ਨੇ ਨਸ਼ਿਆਂ ਬਾਰੇ ਆਵਾਜ਼ ਚੁੱਕੀ ਤਾਂ ਉਸ ਤੇ ਤਸ਼ੱਸਦ ਕੀਤਾ ਗਿਆ, ਗੁਲਜ਼ਾਰ ਨੇ ਨਸ਼ਿਆਂ ਬਾਰੇ ਸਵਾਲ ਕੀਤਾ ਤਾਂ ਉਸਨੂੰ ਡਰਾਇਆ ਧਮਕਾਇਆ ਗਿਆ ਤੇ ਉਹ ਖੁਦਕੁਸ਼ੀ ਕਰ ਗਿਆ।

ਹਰਸਿਮਰਤ ਕੌਰ ਬਾਦਲ ਨੇ ਕਿਹਾ ਕਿ ਹੁਣ ਮਾਨਸਾ ਚ ਸ਼ਰੇਆਮ ਨਸ਼ਿਆਂ ਵਿਰੁੱਧ ਬੋਲਣ ਵਾਲੇ ਪਰਵਿੰਦਰ ਸਿੰਘ ਝੋਟਾ ਦਾ ਭਰੇ ਬਾਜ਼ਾਰ ਕਤਲ ਕਰ ਦਿੱਤਾ ਗਿਆ। ਇਹ ਪੰਜਾਬ ਸਰਕਾਰ ਦੀ ਨਲਾਇਕੀ ਹੀ ਹੈ।

# ਆਮ ਆਦਮੀ ਪਾਰਟੀ ਦੇ ਵਿਧਾਇਕਾਂ ਅਤੇ ਆਗੂਆਂ ਨੇ ਜਥੇਦਾਰ ਗੜਗੱਜ ਨੂੰ ਦਿੱਤਾ ਸਪੱਸ਼ਟੀਕਰਨ



**ਅੰਮ੍ਰਿਤਸਰ, 17 ਅਕਤੂਬਰ -ਕੌਮੀ ਪੱਤ੍ਰਿਕਾ ਬਿਊਰੋ-**

ਆਮ ਆਦਮੀ ਪਾਰਟੀ ਦੇ ਵਿਧਾਇਕ ਮਨਵਿੰਦਰ ਸਿੰਘ ਗਿਆਸਪੁਰਾ ਵਲੋਂ ਬੀਤੇ ਦਿਨੀਂ ਕੀਤੀ ਗਈ ਕਥਿਤ ਇਤਰਾਜ਼ਯੋਗ ਬਿਆਨਬਾਜੀ ਦੇ ਸੰਬੰਧ ਵਿਚ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਵਲੋਂ ਮੁੜ ਤਲਬ ਕੀਤੇ ਗਏ ਆਮ ਆਦਮੀ ਪਾਰਟੀ ਦੇ ਕੁਝ ਵਿਧਾਇਕਾਂ ਅਤੇ ਆਗੂਆਂ ਵਲੋਂ ਅੱਜ ਅਕਾਲ ਤਖ਼ਤ ਸਕੱਤਰੇਤ ਵਿਖੇ ਜਥੇਦਾਰ ਨਾਲ ਮੁਲਾਕਾਤ ਕਰਕੇ ਆਪਣਾ ਸਪੱਸ਼ਟੀਕਰਨ ਦਿੱਤਾ ਗਿਆ। ਅੱਜ ਅਕਾਲ ਤਖਤ ਸਾਹਿਬ ਸਕੱਤਰੇਤ ਪੁੱਜੇ ਆਮ ਆਦਮੀ ਪਾਰਟੀ ਦੇ ਵਿਧਾਇਕਾਂ ਵਿਚ ਡਾ. ਇੰਦਰਬੀਰ ਸਿੰਘ ਨਿੱਝਰ, ਕੁਲਦੀਪ ਸਿੰਘ ਧਾਲੀਵਾਲ, ਗੁਰਦੀਪ ਸਿੰਘ ਡੇਰਾ ਬਾਬਾ ਨਾਨਕ, ਬਲਜਿੰਦਰ ਕੌਰ, ਸਰਵਣ ਸਿੰਘ ਧੁੰਨ, ਬੀਬੀ ਜੀਵਨਜੋਤ ਕੌਰ, ਮਨਜਿੰਦਰ ਸਿੰਘ ਲਾਲਪੁਰਾ, ਜਸਵੀਰ ਸਿੰਘ, ਕਰਮਬੀਰ ਸਿੰਘ, ਕੁਲਵੰਤ ਸਿੰਘ, ਬੀਬੀ ਸੋਨੀਆ ਮਾਨ, ਗੁਰਇਕਬਾਲ ਸਿੰਘ ਮਾਹਲ ਅਤੇ ਜੋਬਨ ਸਿੰਘ ਆਦਿ ਸ਼ਾਮਿਲ ਹਨ। ਆਪ ਦੇ ਦੋ ਵਿਧਾਇਕ ਹਰਮੀਤ ਸਿੰਘ ਸੰਧੂ ਅਤੇ ਦਲਬੀਰ ਸਿੰਘ ਟੌਂਗ ਕਿਸੇ ਰੁਝੇਵੇਂ ਕਾਰਨ ਅੱਜ ਸਪਸ਼ਟੀਕਰਨ ਦੇਣ ਲਈ ਨਿੱਜੀ ਤੌਰ 'ਤੇ ਨਹੀਂ ਪਹੁੰਚ ਸਕੇ।

# ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੇ ਸਵੀਡਨ ਦੌਰੇ ਦੌਰਾਨ 4000 ਕਰੋੜ ਰੁਪਏ ਦੇ ਐਲਓਆਈ 'ਤੇ ਦਸਤਖ਼ਤ

**ਚੰਡੀਗੜ੍ਹ, 17 ਅਕਤੂਬਰ -ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਦੀ ਅਗਵਾਈ ਹੇਠ ਸਵੀਡਨ ਦੇ ਇਤਿਹਾਸਕ ਦੌਰੇ ਦੌਰਾਨ ਸੂਬਾ ਸਰਕਾਰ ਅਤੇ ਸਵੀਡਿਸ਼ ਕੰਪਨੀਆਂ ਵਿਚਕਾਰ ਕੁੱਲ 4000 ਕਰੋੜ ਰੁਪਏ ਦੇ ਲੈਟਰ ਆਫ਼ ਇੰਟੈਂਟ (ਐਲਓਆਈ) 'ਤੇ ਦਸਤਖ਼ਤ ਕੀਤੇ ਗਏ। ਇਸ ਮਹੱਤਵਪੂਰਨ ਦੌਰੇ ਨੇ ਹਰਿਆਣਾ ਅਤੇ ਸਵੀਡਨ ਵਿਚਕਾਰ ਵਪਾਰ, ਨਿਵੇਸ਼, ਆਰਥਿਕ ਸਹਿਯੋਗ ਅਤੇ ਨੌਜਵਾਨਾਂ ਲਈ ਰੁਜ਼ਗਾਰ ਦੇ ਨਵੇਂ ਰਾਹ ਖੋਲ੍ਹੇ ਹਨ। ਇਸ ਮੌਕੇ ਸ਼ਹਿਰੀ ਸਥਾਨਕ ਸਰਕਾਰਾਂ ਮੰਤਰੀ ਸ੍ਰੀ ਵਿਪੁਲ ਗੋਇਲ ਵੀ ਨਾਲ ਮੌਜੂਦ ਰਹੇ।

ਦੌਰੇ ਦੌਰਾਨ ਗੁਰੂਗ੍ਰਾਮ ਅਤੇ ਸਟਾਕਹੋਮ ਸ਼ਹਿਰਾਂ ਵਿਚਕਾਰ ਸਿਟੀ-ਟੂ-ਸਿਟੀ ਸਹਿਯੋਗ ਸਮਝੌਤਾ ਹੋਇਆ। ਦੋਵੇਂ ਸ਼ਹਿਰ ਤਕਨੀਕੀ ਨਵੀਨਤਾ, ਸਮਾਰਟ ਸਿਟੀ ਹੱਲ, ਟਿਕਾਊ ਸ਼ਹਿਰੀ ਵਿਕਾਸ, ਗਿਆਨ ਦੇ ਆਦਾਨ-ਪ੍ਰਦਾਨ ਅਤੇ ਨਿਵੇਸ਼ ਨੂੰ ਉਤਸ਼ਾਹਿਤ ਕਰਨ ਦੇ ਖੇਤਰਾਂ ਵਿੱਚ ਮਿਲ ਕੇ ਕੰਮ ਕਰਨਗੇ। ਇਹ ਸਹਿਯੋਗ ਦੋਵਾਂ ਸ਼ਹਿਰਾਂ ਵਿਚਕਾਰ ਲੰਬੇ ਸਮੇਂ ਦੀ ਭਾਈਵਾਲੀ ਨੂੰ ਮਜ਼ਬੂਤ ਕਰੇਗਾ।

ਸਸ਼ਕਤ ਭਾਰਤ-ਆਤਮਨਿਰਭਰ ਭਾਰਤ ਦੇ ਵਿਜ਼ਨ ਦੇ ਅਨੁਸਾਰ ਹਰਿਆਣਾ ਸਰਕਾਰ ਨੇ 3000 ਕਰੋੜ ਰੁਪਏ ਦੇ ਇੱਕ ਵੱਡੇ ਐਲਓਆਈ 'ਤੇ ਦਸਤਖ਼ਤ ਕੀਤੇ। ਇਸ ਤੋਂ ਇਲਾਵਾ ਰਿਟੇਲ ਸੈਕਟਰ ਅਤੇ ਵੇਅਰਹਾਊਸਿੰਗ ਸੈਕਟਰ ਵਿੱਚ 1000 ਕਰੋੜ ਰੁਪਏ ਦੇ ਐਲਓਆਈ 'ਤੇ ਵੀ ਸਹਿਮਤੀ ਬਣੀ। ਇਨ੍ਹਾਂ ਸਮਝੌਤਿਆਂ ਨਾਲ ਸੂਬੇ ਵਿੱਚ ਆਧੁਨਿਕ ਵੇਅਰਹਾਊਸਿੰਗ ਬੁਨਿਆਦੀ ਢਾਂਚੇ, ਰਿਟੇਲ ਚੇਨਾਂ ਦੇ ਵਿਸਥਾਰ ਅਤੇ ਲੌਜਿਸਟਿਕਸ ਖੇਤਰ ਵਿੱਚ ਨਵੇਂ ਨਿਵੇਸ਼ ਆਉਣ ਦੀ ਉਮੀਦ ਹੈ।

ਹਰਿਆਣਾ ਅਤੇ ਸਵੀਡਨ ਵਿਚਕਾਰ ਵਪਾਰ ਵਧਾਉਣ ਅਤੇ ਆਰਥਿਕ ਸਹਿਯੋਗ ਨੂੰ ਉਤਸ਼ਾਹਿਤ ਕਰਨ ਲਈ ਵੀ ਮਹੱਤਵਪੂਰਨ ਸਮਝੌਤਾ ਹੋਇਆ। ਸਵੀਡਿਸ਼ ਕੰਪਨੀਆਂ ਨੇ ਹਰਿਆਣਾ ਦੇ ਹੁਨਰਮੰਦ ਨੌਜਵਾਨਾਂ ਲਈ ਰੁਜ਼ਗਾਰ ਦੇ ਮੌਕੇ ਉਪਲਬਧ ਕਰਵਾਉਣ ਦਾ ਭਰੋਸਾ ਦਿੱਤਾ ਹੈ। ਇਸ ਨਾਲ ਸੂਬੇ ਦੇ ਨੌਜਵਾਨਾਂ ਲਈ ਅੰਤਰਰਾਸ਼ਟਰੀ ਪੱਧਰ ਦੇ ਹੁਨਰ ਵਿਕਾਸ, ਸਿਖਲਾਈ ਅਤੇ ਰੁਜ਼ਗਾਰ ਦੇ ਨਵੇਂ ਰਾਹ ਖੁੱਲ੍ਹਣਗੇ। ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਇਹ ਦੌਰਾ ਹਰਿਆਣਾ ਨੂੰ ਵਿਸ਼ਵ ਪੱਧਰ 'ਤੇ ਨਿਵੇਸ਼ ਦੇ ਨਕਸ਼ੇ 'ਤੇ ਹੋਰ ਮਜ਼ਬੂਤ ਕਰਨ ਦੀ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਕਦਮ ਹੈ। ਸਵੀਡਨ ਦੀ ਉੱਨਤ ਤਕਨਾਲੋਜੀ, ਨਵੀਨਤਾ ਅਤੇ ਟਿਕਾਊ ਵਿਕਾਸ ਦੇ ਮਾਡਲ ਨੂੰ ਹਰਿਆਣਾ ਦੀ ਗਤੀਸ਼ੀਲ ਅਰਥਵਿਵਸਥਾ ਅਤੇ ਨੌਜਵਾਨ ਸ਼ਕਤੀ ਨਾਲ ਜੋੜ ਕੇ ਸੂਬੇ ਨੂੰ ਆਤਮਨਿਰਭਰ ਭਾਰਤ ਦੇ ਟੀਚੇ ਵੱਲ ਤੇਜ਼ੀ ਨਾਲ ਅੱਗੇ ਵਧਾਇਆ ਜਾਵੇਗਾ।

ਇਹ ਸਮਝੌਤੇ ਹਰਿਆਣਾ ਵਿੱਚ ਰੁਜ਼ਗਾਰ ਸਿਰਜਣ, ਉਦਯੋਗਿਕ ਵਿਕਾਸ, ਨਿਰਯਾਤ ਵਿੱਚ ਵਾਧੇ ਅਤੇ ਸ਼ਹਿਰੀ ਆਧੁਨਿਕੀਕਰਨ ਨੂੰ ਨਵੀਂ ਗਤੀ ਪ੍ਰਦਾਨ ਕਰਨਗੇ। ਸੂਬਾ ਸਰਕਾਰ ਇਨ੍ਹਾਂ ਨਿਵੇਸ਼ਾਂ ਨੂੰ ਜਲਦ ਤੋਂ ਜਲਦ ਅਮਲੀ ਰੂਪ ਦੇਣ ਲਈ ਸਾਰੀਆਂ ਲੋੜੀਂਦੀਆਂ ਸਹੂਲਤਾਂ ਉਪਲਬਧ ਕਰਵਾਏਗੀ।

# ਨਿਊਜ਼ੀਲੈਂਡ ਤੋਂ ਆਏ ਨੌਜਵਾਨ ਨੇ ਸੌਤੇਲੇ ਪਿਤਾ ਦਾ ਕੀਤਾ ਕਤਲ, ਮਾਂ ਦੇ ਦੂਜੇ ਵਿਆਹ ਤੋਂ ਸੀ ਨਾਰਾਜ਼

**ਕੌਮੀ ਪਤ੍ਰਿਕਾ**

ਰਾਮਪੁਰ 17 ਅਕਤੂਬਰ। ਉੱਤਰ ਪ੍ਰਦੇਸ਼ ਦੇ ਰਾਮਪੁਰ ਜ਼ਿਲ੍ਹੇ 'ਚ 30 ਸਾਲਾ ਇਕ ਵਪਾਰੀ ਦਾ ਉਸ ਦੇ ਕਾਰ ਸਰਵਿਸ ਸੈਂਟਰ 'ਚ ਗੋਲੀਆਂ ਮਾਰ ਕੇ ਕਤਲ ਕਰ ਦਿੱਤਾ ਗਿਆ। ਪੁਲਸ ਨੇ ਮੰਗਲਵਾਰ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇਹ ਵਾਰਦਾਤ ਉਸ ਦੇ 22 ਸਾਲਾ ਸੌਤੇਲੇ ਪੁੱਤ ਨੇ ਕੀਤੀ, ਜੋ ਕਤਲ ਤੋਂ 5 ਦਿਨ ਪਹਿਲਾਂ ਨਿਊਜ਼ੀਲੈਂਡ ਤੋਂ ਆਇਆ ਸੀ। ਉਸ ਨੇ ਕਿਹਾ ਕਿ ਕਤਲ ਦਾ ਕਾਰਨ ਉਸ ਦੀ 49 ਸਾਲਾ ਮਾਂ ਦਾ ਆਪਣੇ ਤੋਂ ਉਮਰ 'ਚ ਕਾਫ਼ੀ ਛੋਟੇ ਵਿਅਕਤੀ ਨਾਲ ਦੂਜਾ ਵਿਆਹ ਨੂੰ ਲੈ ਕੇ ਨਾਰਾਜ਼ਗੀ ਸੀ। ਵਧੀਕ ਪੁਲਸ ਸੁਪਰਡੈਂਟ ਅਨੁਰਾਗ ਸਿੰਘ ਨੇ ਦੱਸਿਆ ਕਿ 10 ਅਕਤੂਬਰ ਨੂੰ ਇਸ ਕਤਲ ਦੇ 48 ਘੰਟਿਆਂ ਮਗਰੋਂ ਦੋਸ਼ੀ ਅਵਦੀਪ ਸਿੰਘ ਅਤੇ ਉਸ ਦੇ ਰਿਸ਼ਤੇਦਾਰ ਰਾਜਨਦੀਪ ਸਿੰਘ (23) ਨੂੰ ਮਿਲਕਨ ਖਾਨਮ ਇਲਾਕੇ ਤੋਂ ਗ੍ਰਿਫ਼ਤਾਰ ਕਰ ਲਿਆ ਗਿਆ। ਉਨ੍ਹਾਂ ਦੱਸਿਆ ਕਿ ਪੁਲਸ ਨੇ ਅਪਰਾਧ 'ਚ ਇਸਤੇਮਾਲ ਆਲਟੋ ਕਾਰ, ਤਿੰਨ ਹਥਿਆਰ ਅਤੇ 6 ਕਾਰਤੂਸ ਵੀ ਬਰਾਮਦ ਕੀਤੇ ਹਨ। ਉਨ੍ਹਾਂ ਕਿਹਾ,"10 ਅਕਤੂਬਰ ਦੀ ਸ਼ਾਮ ਮਿਲਕ ਖਾਨਮ ਇਲਾਕੇ 'ਚ ਇਕ ਵਿਅਕਤੀ ਦਾ ਕਤਲ ਕਰ ਦਿੱਤਾ ਗਿਆ। ਉਸ



ਦੀ ਦੁਕਾਨ ਦੇ ਬਾਹਰ ਇਕ ਗੱਡੀ ਰੁਕੀ ਅਤੇ 2 ਹਮਲਾਵਰਾਂ ਨੇ ਬਾਹਰ ਨਿਕਲ ਕੇ ਗੋਲੀਬਾਰੀ ਕੀਤੀ, ਜਿਸ 'ਚ ਉਸ ਵਿਅਕਤੀ ਦੀ ਮੌਤ ਹੋ ਗਈ। ਇਸ ਤੋਂ ਬਾਅਦ ਉਸ ਦੇ ਪਿਤਾ ਨੇ ਸਥਾਨਕ ਥਾਣੇ 'ਚ ਸ਼ਿਕਾਇਤ ਦਰਜ ਕਰਵਾਈ।" ਅਧਿਕਾਰੀ ਦੇ ਅਨੁਸਾਰ, ਇਸ ਘਟਨਾ ਦਾ ਸੀਸੀਟੀਵੀ ਫੁਟੇਜ ਉਪਲੱਬਧ ਸੀ ਅਤੇ ਇਸ ਨੂੰ ਬਹੁਤ ਸਾਰੇ ਲੋਕਾਂ 'ਚ ਪ੍ਰਸਾਰਿਤ ਕੀਤਾ ਗਿਆ ਸੀ। ਸਿੰਘ ਨੇ ਕਿਹਾ,ਫੁਟੇਜ ਅਤੇ ਹੋਰ ਸਬੂਤਾਂ ਦੀ ਮਦਦ ਨਾਲ ਦੋਵਾਂ ਦੋਸ਼ੀਆਂ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ। ਉਨ੍ਹਾਂ 'ਚੋਂ ਇਕ ਮ੍ਰਿਤਕ ਦੀ ਪਤਨੀ ਦਾ ਉਸ ਦੇ ਪਹਿਲੇ ਵਿਆਹ ਤੋਂ ਪੁੱਤਰ ਹੈ, ਜਦੋਂ ਕਿ ਦੂਜਾ ਉਸ ਦੀ ਭੂਆ ਦਾ ਪੁੱਤਰ ਹੈ। ਦੋਵੇਂ ਰਿਸ਼ਤੇਦਾਰ ਹਨ। ਵਧੀਕ ਪੁਲਸ ਸੁਪਰਡੈਂਟ ਨੇ ਕਿਹਾ, ਅਜਿਹਾ ਜਾਪਦਾ ਹੈ ਕਿ ਕਤਲ ਪਰਿਵਾਰਕ ਝਗੜੇ ਦਾ ਨਤੀਜਾ ਹੈ। ਮ੍ਰਿਤਕ ਨੇ ਆਪਣੇ ਤੋਂ ਬਹੁਤ ਵੱਡੀ ਔਰਤ ਨਾਲ ਵਿਆਹ ਕੀਤਾ ਸੀ। ਔਰਤ ਦੇ ਪਹਿਲੇ ਪਤੀ ਤੋਂ ਹੋਏ ਬੇਟੇ ਉਸ ਦੇ ਦੁਬਾਰਾ ਵਿਆਹ ਕਰਨ ਦੇ ਫੈਸਲੇ ਤੋਂ ਖੁਸ਼ ਨਹੀਂ ਸੀ ਅਤੇ ਸ਼ੁਰੂਆਤੀ ਸ਼ੁਰੂਆਤੀ ਜਾਂਚ ਤੋਂ ਪਤਾ ਲੱਗਦਾ ਹੈ ਕਿ ਇਸੇ ਨਾਰਾਜ਼ਗੀ ਕਾਰਨ ਕਤਲ ਕੀਤਾ ਗਿਆ।" ਪੁਲਸ ਦੇ ਇਕ ਸਥਾਨਕ ਅਧਿਕਾਰੀ ਨੇ ਦੱਸਿਆ ਕਿ ਸ਼ੁਰੂਆਤੀ ਜਾਂਚ ਤੋਂ ਪਤਾ ਲੱਗਾ ਹੈ ਕਿ ਅਵਦੀਪ ਕਤਲ ਤੋਂ ਲਗਭਗ 5 ਦਿਨ ਪਹਿਲਾਂ ਨਿਊਜ਼ੀਲੈਂਡ ਤੋਂ ਵਾਪਸ ਆਇਆ ਸੀ ਅਤੇ ਉਸ ਨੇ ਰਾਜਨਦੀਪ ਸਿੰਘ ਨਾਲ ਨਵਜੋਤ ਨੂੰ ਮਾਰਨ ਦੀ ਸਾਜ਼ਿਸ਼ ਰਚੀ ਸੀ। ਅਧਿਕਾਰੀ ਨੇ ਦੱਸਿਆ ਕਿ ਦੋਸ਼ੀ ਆਪਣੀ ਮਾਂ ਕਮਲ ਕੌਰ ਦੇ ਨਵਜੋਤ ਨਾਲ ਵਿਆਹ ਕਰਨ ਦਾ ਵਿਰੋਧ ਕਰ ਰਿਹਾ ਸੀ ਕਿਉਂਕਿ ਨਵਜੋਤ ਉਸ ਦੀ ਮਾਂ ਤੋਂ ਕਾਫ਼ੀ ਛੋਟਾ ਸੀ। ਕਮਲ ਕੌਰ ਨੇ ਆਪਣੇ ਪਹਿਲੇ ਪਤੀ ਦੀ ਮੌਤ ਤੋਂ ਬਾਅਦ ਨਵਜੋਤ ਨਾਲ ਵਿਆਹ ਕੀਤਾ ਸੀ। ਪੁਲਸ ਦੇ ਅਨੁਸਾਰ, ਉਸ ਦੇ 2 ਪੁੱਤਰ - ਅਵਦੀਪ ਅਤੇ ਜੋਗਨਪ੍ਰੀਤ ਸਿੰਘ- ਜੋ ਨਿਊਜ਼ੀਲੈਂਡ 'ਚ ਰਹਿੰਦੇ ਹਨ, ਇਸ ਵਿਆਹ ਤੋਂ ਨਾਖੁਸ਼ ਸਨ। ਨਵਜੋਤ ਦੇ ਪਿਤਾ ਨਿਸ਼ਾਨ ਸਿੰਘ ਨੇ ਦਾਅਵਾ ਕੀਤਾ ਕਿ ਉਨ੍ਹਾਂ ਦੀ ਨੂੰਹ ਦੇ ਪੁੱਤਰਾਂ ਨੇ ਵਿਆਹ ਦਾ ਵਿਰੋਧ ਕੀਤਾ ਸੀ ਅਤੇ ਉਨ੍ਹਾਂ ਨੇ ਆਪਣੀ ਨੂੰਹ ਲਈ ਸੁਰੱਖਿਆ ਦੀ ਮੰਗ ਕੀਤੀ ਹੈ।

# ਸ਼ਖਸ ਨੇ ਆਨਲਾਈਨ ਆਰਡਰ ਕੀਤੀ ਫੁੱਲਗੋਭੀ, ਆਈ ਡਿਲੀਵਰੀ ਤਾਂ ਦੇਖ ਰਹਿ ਗਿਆ ਹੈਰਾਨ

ਨੈਸ਼ਨਲ ਡੈਸਕ 17 ਅਕਤੂਬਰ। ਅੱਜ-ਕੱਲ੍ਹ ਆਨਲਾਈਨ ਸਾਮਾਨ ਆਰਡਰ ਕਰਨਾ ਕਾਫ਼ੀ ਆਮ ਹੋ ਗਿਆ ਹੈ। ਲੋਕਾਂ ਨੂੰ ਘਰ ਬੈਠੇ ਕੁਝ ਹੀ ਮਿੰਟਾਂ 'ਚ ਜ਼ਰੂਰਤ ਦਾ ਸਾਮਾਨ ਮਿਲ ਜਾਂਦਾ ਹੈ। ਪਰ ਕਈ ਵਾਰ ਡਿਲੀਵਰੀ ਤੋਂ ਬਾਅਦ ਸਾਮਾਨ ਦੇ ਕੇ ਗਾਹਕ ਸੋਚ 'ਚ ਪੈ ਜਾਂਦੇ ਹਨ। ਅਜਿਹਾ ਹੀ ਕੁਝ ਚੇਨਈ ਦੇ ਰਹਿਣ ਵਾਲੇ ਅਸ਼ਵਨੀ ਮੁਰਲੀ ਨਾਲ ਹੋਇਆ, ਜਦੋਂ ਉਸ ਨੇ ਜ਼ੈਪਟੋ ਤੋਂ ਫੁੱਲਗੋਭੀ ਆਰਡਰ ਕੀਤੀ। ਆਰਡਰ ਮਿਲਣ ਤੋਂ ਬਾਅਦ ਅਸ਼ਵਨੀ ਨੇ ਜਦੋਂ ਪੈਕੇਟ ਖੋਲ੍ਹਿਆ ਤਾਂ ਉਸ ਨੂੰ ਫੁੱਲਗੋਭੀ ਤੋਂ ਜ਼ਿਆਦਾ ਉਸ ਦੇ ਪੱਤੇ ਅਤੇ ਡੰਠਲ ਨਜ਼ਰ ਆਏ। ਉਸ ਨੇ ਇਹ ਤਸਵੀਰ 'ਐਕਸ' 'ਤੇ ਸ਼ੇਅਰ ਕਰਦੇ ਹੋਏ ਦੱਸਿਆ ਕਿ ਉਸ ਨੂੰ ਕਰੀਬ 300 ਗ੍ਰਾਮ ਪੱਤੇ ਅਤੇ ਡੰਠਲ ਮਿਲੇ, ਜਦੋਂ ਕਿ ਖਾਣ ਲਾਇਕ ਫੁੱਲਗੋਭੀ ਦਾ ਭਾਰ ਸਿਰਫ਼ 149 ਗ੍ਰਾਮ ਸੀ। ਅਸ਼ਵਨੀ ਨੇ ਇਸ 'ਤੇ ਨਾਰਾਜ਼ਗੀ ਜਤਾਉਂਦੇ ਹੋਏ ਸਵਾਲ ਕੀਤਾ ਕਿ ਜਦੋਂ ਗਾਹਕ ਸਬਜ਼ੀ ਲਈ ਪੈਸੇ ਦੇ ਰਿਹਾ ਹੈ ਤਾਂ ਉਸ ਨੂੰ ਇੰਨੀ ਖ਼ਰਾਬ ਕੁਆਲਿਟੀ ਦਾ ਸਾਮਾਨ ਕਿਉਂ ਮਿਲਣਾ ਚਾਹੀਦਾ। ਜਦੋਂ ਅਸ਼ਵਨੀ ਨੇ ਜ਼ੈਪਟੋ ਦੇ ਕਸਟਮਰ ਸਪੋਰਟ ਨਾਲ ਸੰਪਰਕ ਕਰ ਕੇ ਰਿਫੰਡ ਜਾਂ ਰਿਪਲੇਸਮੈਂਟ ਦੀ ਮੰਗ ਕੀਤੀ ਤਾਂ ਉਸ ਨੂੰ ਰਾਹਤ ਨਹੀਂ ਮਿਲੀ। ਉਸ ਅਨੁਸਾਰ, ਕੰਪਨੀ ਦੇ ਕਸਟਮਰ-ਸਪੋਰਡ ਬਾਟ ਨੇ ਉਸ ਦੀ



ਸ਼ਿਕਾਇਤ ਨੂੰ ਅੱਗੇ ਵਧਾਉਣ ਦੀ ਬਜਾਏ ਉਸ ਨੂੰ ਈ-ਮੇਲ ਕਰਨ ਲਈ ਕਿਹਾ। ਇਸ ਤੋਂ ਬਾਅਦ ਉਸ ਨੂੰ ਇਕ ਆਟੋਮੇਟਡ ਜਵਾਬ ਮਿਲਿਆ। ਇਸ 'ਚ ਕਿਹਾ ਗਿਆ ਕਿ ਡਿਲੀਵਰੀ ਕੀਤੀ ਗਈ ਫੁੱਲਗੋਭੀ ਦੀ ਜਾਂਚ ਕੀਤੀ ਗਈ ਹੈ ਅਤੇ ਉਹ ਕੰਪਨੀ ਦੇ ਤੈਅ ਕੁਆਲਿਟੀ ਸਟੈਂਡਰਡ ਅਨੁਸਾਰ ਹੈ। ਬਾਟ ਨੇ ਅਸੁਵਿਧਾ ਲਈ ਮੁਆਫ਼ੀ ਵੀ ਮੰਗੀ ਪਰ ਨਾਲ ਹੀ ਸਾਫ਼ ਕਰ ਦਿੱਤਾ ਕਿ ਇਸ ਆਰਡਰ 'ਤੇ ਰਿਫੰਡ ਜਾਂ ਰਿਪਲੇਸਮੈਂਟ ਨਹੀਂ ਦਿੱਤਾ ਜਾ ਸਕਦਾ। ਜਿਵੇਂ ਹੀ ਅਸ਼ਵਨੀ ਦੀ ਪੋਸਟ ਸੋਸ਼ਲ ਮੀਡੀਆ 'ਤੇ ਤੇਜ਼ੀ ਨਾਲ ਵਾਇਰਲ ਹੋਈ। ਲੋਕਾਂ ਨੇ ਮਜ਼ੇਦਾਰ ਕੁਮੈਂਟ ਕਰਨੇ ਸ਼ੁਰੂ ਕਰ ਦਿੱਤੇ। ਇਕ ਯੂਜ਼ਰ ਨੇ ਇਸ ਸਥਿਤੀ 'ਤੇ ਹਾਸੇ-ਮਜ਼ਾਕ ਨਾਲ ਟਿੱਪਣੀ ਕਰਦੇ ਹੋਏ ਕਿਹਾ ਕਿ ਜ਼ੈਪਟੋ ਫੁੱਲਗੋਭੀ ਭੇਜਣਾ ਭੁੱਲ ਗਿਆ ਅਤੇ ਇਸ ਦੀ ਬਜਾਏ ਸਿਰਫ਼ ਫਲਾਵਰ ਭੇਜ ਦਿੱਤਾ। ਹਾਲਾਂਕਿ, ਕਈ ਯੂਜ਼ਰਸ ਨੇ ਇਸ ਘਟਨਾ ਨੂੰ ਮਜ਼ਾਕ ਤੋਂ ਪਰੇ ਲੈ ਲਿਆ ਅਤੇ ਇਕ ਗੰਭੀਰ ਸਵਾਲ ਨਾਲ ਜੋੜਿਆ।

## ਪ੍ਰੇਮੀ ਦਾ ਖ਼ੌਫ਼ਨਾਕ ਕਾਰਾ: ਵਿਆਹ ਤੋਂ ਮੁੱਕਰੀ ਪ੍ਰੇਮਿਕਾ ਨੂੰ ਖੱਡ 'ਚ ਧੱਕਾ ਦੇ ਕੇ ਮਾਰਿਆ

ਪੁਣੇ, 17 ਅਕਤੂਬਰ। ਮਹਾਰਾਸ਼ਟਰ ਦੇ ਕੋਲ੍ਹਾਪੁਰ ਜ਼ਿਲੇ ਵਿਚ ਇਕ ਵਿਅਕਤੀ ਨੇ ਆਪਣੀ 23 ਸਾਲਾ ਪ੍ਰੇਮਿਕਾ ਨੂੰ ਡੂੰਘੀ ਖੱਡ ਵਿਚ ਕਥਿਤ ਤੌਰ 'ਤੇ ਧੱਕਾ ਦੇ ਦਿੱਤਾ, ਜਿਸ ਨਾਲ ਉਸ ਦੀ ਮੌਤ ਹੋ ਗਈ। ਪੁਲਸ ਨੇ ਤਰੰਨੁਮ ਦੀ ਲਾਸ਼ ਨਾਇਕਵਾੜੀ ਝਰਨੇ ਨੇੜੇ ਖੱਡ ਵਿਚੋਂ ਬਰਾਮਦ ਕਰਨ ਤੋਂ ਬਾਅਦ ਮੁਲਜ਼ਮ ਸ਼੍ਰੀਪਦ ਵਡਾਰ (25) ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਭੂਦਰਗੜ੍ਹ ਪੁਲਸ ਥਾਣੇ ਦੇ ਇੰਸਪੈਕਟਰ ਸੰਦੀਪ ਜਗਤਾਪ ਨੇ ਦੱਸਿਆ ਕਿ ਇਹ ਘਟਨਾ 9 ਅਕਤੂਬਰ ਦੀ ਦੁਪਹਿਰ ਨੂੰ ਵਾਪਰੀ, ਜਦੋਂ ਸ਼੍ਰੀਪਦ ਵਡਾਰ ਤਰੰਨੁਮ ਨੂੰ ਭੂਦਰਗੜ੍ਹ ਤਾਲੁਕਾ ਦੇ ਪਾਟਗਾਓਂ ਨੇੜੇ ਇਕ ਸੈਰ-ਸਪਾਟਾ ਕੇਂਦਰ (ਟੂਰਿਸਟ




ਸਪੌਟ) 'ਤੇ ਲੈ ਗਿਆ ਸੀ। ਗਾਰਗੋਟੀ ਕਸਬੇ ਦੇ ਰਹਿਣ ਵਾਲੇ ਵਡਾਰ ਅਤੇ ਤਰੰਨੁਮ ਵਿਚਾਲੇ ਪਿਛਲੇ 4 ਤੋਂ 5 ਸਾਲਾਂ ਤੋਂ ਪ੍ਰੇਮ ਸਬੰਧ ਸਨ ਪਰ 4 ਮਹੀਨੇ ਪਹਿਲਾਂ ਪੀੜਤਾ ਦਾ ਵਿਆਹ ਕਿਸੇ ਹੋਰ ਥਾਂ ਤੈਅ ਹੋ ਗਿਆ ਸੀ, ਜਿਸ ਤੋਂ ਬਾਅਦ ਉਹ ਵਡਾਰ ਤੋਂ ਦੂਰੀ ਬਣਾਉਣ ਲੱਗ ਪਈ ਸੀ। ਉਸ ਦੇ ਵਤੀਰੇ ਵਿਚ ਆਏ ਬਦਲਾਅ ਤੋਂ ਨਾਰਾਜ਼ ਸ਼੍ਰੀਪਦ ਵਡਾਰ, ਤਰੰਨੁਮ ਦਾ ਵਿਆਹ ਹੋਣ ਤੋਂ ਪਹਿਲਾਂ ਉਸ ਨੂੰ ਆਖਰੀ ਵਾਰ ਮਿਲਣ ਲਈ ਉਸ ਜਗ?ਹਾ 'ਤੇ ਲੈ ਗਿਆ। ਵਡਾਰ ਨੇ ਕਥਿਤ ਤੌਰ 'ਤੇ ਤਰੰਨੁਮ ਨੂੰ ਵਿਆਹ ਕਰਵਾਉਣ ਲਈ ਕਿਹਾ ਪਰ ਉਸ ਦੇ ਇਨਕਾਰ ਕਰਨ 'ਤੇ ਦੋਵਾਂ ਵਿਚਾਲੇ ਬਹਿਸ ਹੋ ਗਈ ਅਤੇ ਸ਼੍ਰੀਪਦ ਵਡਾਰ ਨੇ ਉਸ ਨੂੰ ਖੱਡ ਵਿਚ ਧੱਕਾ ਦੇ ਦਿੱਤਾ।

## ਹੋਟਲ 'ਚ ਦੂਜੀ ਔਰਤ ਨਾਲ ਮਿਲਿਆ ਪਤੀ, ਪਤਨੀ ਨੇ ਦੋਵਾਂ 'ਤੇ ਵਰ੍ਹਾਏ ਥੱਪੜ

ਜਬਲਪੁਰ 17 ਅਕਤੂਬਰ। ਮੱਧ ਪ੍ਰਦੇਸ਼ ਦੇ ਜਬਲਪੁਰ ਵਿੱਚ ਇੱਕ ਹੋਟਲ ਦੇ ਕਮਰੇ ਵਿੱਚ ਆਪਣੇ ਪਤੀ ਨੂੰ ਦੂਜੀ ਔਰਤ ਨਾਲ ਦੇਖ ਕੇ ਪਤਨੀ ਦਾ ਗੁੱਸਾ ਭੜਕ ਉੱਠਿਆ। ਸ਼ਾਰਦਾ ਚੌਂਕ ਸਥਿਤ ਹੋਟਲ ਬੈਲੇਂਸਿੰਗ ਰੌਕ ਵਿੱਚ ਪਤਨੀ ਨੇ ਕਮਰਾ ਖੁਲ੍ਹਵਾ ਕੇ ਅੰਦਰ ਮੌਜੂਦ ਪਤੀ ਅਤੇ ਦੂਜੀ ਔਰਤ 'ਤੇ ਥੱਪੜਾਂ ਦੀ ਬਾਰਿਸ਼ ਕਰ ਦਿੱਤੀ, ਜਿਸ ਤੋਂ ਬਾਅਦ ਉੱਥੇ ਭਾਰੀ ਹੰਗਾਮਾ ਹੋ ਗਿਆ। ਘਟਨਾ ਦੀ ਸੂਚਨਾ ਮਿਲਣ 'ਤੇ ਪਹੁੰਚੀ ਪੁਲਸ ਟੀਮ ਨੇ ਮੌਕੇ 'ਤੇ ਜਾ ਕੇ ਦੋਵਾਂ ਧਿਰਾਂ ਵਿਚਾਲੇ ਚੱਲ ਰਹੇ ਵਿਵਾਦ ਨੂੰ ਸ਼ਾਂਤ ਕਰਵਾਇਆ। ਜਾਣਕਾਰੀ ਅਨੁਸਾਰ, ਸਵਿਤਾ ਯਾਦਵ ਨੂੰ ਆਪਣੇ ਪਤੀ ਅਰੁਣ ਯਾਦਵ ਅਤੇ ਜੋਤੀ ਕੋਰੀ ਵਿਚਾਲੇ ਸਬੰਧ ਹੋਣ ਦਾ ਸ਼ੱਕ ਸੀ। ਪਤਨੀ ਦਾ ਦੋਸ਼ ਹੈ ਕਿ ਦੋਵਾਂ ਵਿਚਾਲੇ ਪਿਛਲੇ ਲਗਭਗ ਇੱਕ ਸਾਲ ਤੋਂ ਅਫੇਅਰ ਚੱਲ ਰਿਹਾ ਸੀ। ਇਸੇ ਦੌਰਾਨ ਮੋਬਾਈਲ ਚੈਟ ਦੇ ਜ਼ਰੀਏ ਸਵਿਤਾ ਨੂੰ ਜਾਣਕਾਰੀ ਮਿਲੀ ਕਿ ਉਸ ਦਾ ਪਤੀ ਅਤੇ ਦੂਜੀ ਔਰਤ ਹੋਟਲ ਵਿੱਚ ਮਿਲਣ ਵਾਲੇ ਹਨ। ਇਸ ਤੋਂ ਬਾਅਦ ਉਸ ਨੇ ਪਤੀ ਦਾ ਪਿੱਛਾ ਕੀਤਾ ਅਤੇ ਸ਼ਾਰਦਾ ਚੌਂਕ ਸਥਿਤ ਹੋਟਲ ਬੈਲੇਂਸਿੰਗ ਰੌਕ ਪਹੁੰਚ ਗਈ। ਸਵਿਤਾ ਮੁਤਾਬਕ, ਹੋਟਲ ਦੇ ਕਮਰਾ ਨੰਬਰ 103 ਵਿੱਚ ਅਰੁਣ ਅਤੇ ਜੋਤੀ ਕੋਰੀ ਮੌਜੂਦ ਸਨ। ਜਦੋਂ ਕਮਰੇ ਦਾ ਦਰਵਾਜ਼ਾ ਖੁਲ੍ਹਵਾਇਆ ਗਿਆ ਤਾਂ ਦੋਵਾਂ ਨੂੰ ਇਕੱਠੇ ਦੇਖ ਕੇ ਪਤਨੀ ਆਪਣਾ ਆਪਾ ਖੋਹ ਬੈਠੀ। ਇਸ ਤੋਂ ਬਾਅਦ ਕਮਰੇ ਦੇ ਅੰਦਰ ਹੀ ਉਨ੍ਹਾਂ ਵਿਚਾਲੇ ਬਹਿਸਬਾਜ਼ੀ ਸ਼ੁਰੂ ਹੋ ਗਈ, ਜੋ ਜਲਦ ਹੀ ਕੁੱਟਮਾਰ ਅਤੇ ਥੱਪੜਬਾਜ਼ੀ ਵਿੱਚ ਬਦਲ ਗਈ। ਹੋਟਲ ਵਿੱਚ ਹੰਗਾਮਾ ਵਧਦਾ ਦੇਖ ਕੇ ਉੱਥੇ ਮੌਜੂਦ ਲੋਕਾਂ ਨੇ ਪੁਲਸ ਨੂੰ ਸੂਚਨਾ ਦਿੱਤੀ। ਪਤਨੀ ਨੇ ਦੂਜੀ ਔਰਤ 'ਤੇ ਉਸ ਦੇ ਪਤੀ ਨੂੰ ਬਲੈਕਮੇਲ ਕਰਨ ਦਾ ਵੀ ਦੋਸ਼ ਲਗਾਇਆ ਹੈ। ਘਟਨਾ ਦੀ ਜਾਣਕਾਰੀ ਮਿਲਣ ਤੋਂ ਬਾਅਦ ਪੁਲਸ ਮੌਕੇ 'ਤੇ ਪਹੁੰਚੀ ਅਤੇ ਦੋਵਾਂ ਧਿਰਾਂ ਨੂੰ ਅਲੱਗ ਕਰਕੇ ਸਥਿਤੀ ਨੂੰ ਕਾਬੂ ਵਿੱਚ ਕੀਤਾ।

# ਭਾਰਤ 'ਚ 18 ਸਾਲ ਦੀ ਉਮਰ ਤੋਂ ਪਹਿਲਾਂ ਹੋ ਰਿਹਾ 5 'ਚੋਂ ਇਕ ਕੁੜੀ ਦਾ ਵਿਆਹ, ਯੂਨੀਸੈਫ਼ ਦਾ ਵੱਡਾ ਖੁਲਾਸਾ

**ਕੌਮੀ ਪਤ੍ਰਿਕਾ**

ਨਵੀਂ ਦਿੱਲੀ 17 ਅਕਤੂਬਰ। ਭਾਰਤ 'ਚ 2030 ਤੱਕ ਬਾਲ ਵਿਆਹ ਪ੍ਰਥਾ ਖਤਮ ਕਰਨ ਦਾ ਟੀਚਾ ਨੇੜੇ ਆ ਰਿਹਾ ਹੈ, ਇਸ ਦੇ ਬਾਵਜੂਦ ਦੁਨੀਆ ਦੀ ਹਰ 3 'ਚੋਂ ਇਕ 'ਬਾਲਿਕਾ ਵਧੂ' ਭਾਰਤੀ ਹੈ ਅਤੇ ਦੇਸ਼ 'ਚ ਹਰ 5 'ਚੋਂ ਇਕ ਲੜਕੀ ਦਾ ਵਿਆਹ 18 ਸਾਲ ਦੀ ਉਮਰ ਤੋਂ ਪਹਿਲਾਂ ਹੀ ਹੋ ਜਾਂਦਾ ਹੈ। ਯੂਨੀਸੈਫ਼ ਦੀ ਭਾਰਤ ਪ੍ਰਤੀਨਿਧੀ ਸਿੰਥੀਆ ਮੈਕਕੈਫਰੀ ਨੇ ਕਿਹਾ, "ਇਸ ਸਾਲ 'ਅੰਤਰਰਾਸ਼ਟਰੀ ਬਾਲੜੀ ਦਿਵਸ' ਦਾ ਥੀਮ- 'ਬਾਲ ਵਿਆਹ ਖਤਮ ਕਰੋ ਅਤੇ ਲੜਕੀਆਂ ਦੇ ਅਧਿਕਾਰਾਂ 'ਚ ਨਿਵੇਸ਼ ਕਰੋ'-ਅੱਲ੍ਹੜ ਉਮਰ ਦੌਰਾਨ ਲਗਾਤਾਰ ਨਿਵੇਸ਼ ਕਰਨ ਦਾ ਸੱਦਾ ਦਿੰਦਾ ਹੈ, ਤਾਂ ਜੋ ਲੜਕੀਆਂ ਸਕੂਲ ਨਾ ਛੱਡਣ, ਸਿਹਤਮੰਦ ਅਤੇ ਸੁਰੱਖਿਅਤ ਰਹਿਣ, ਉਨ੍ਹਾਂ 'ਚ ਹੁਨਰ ਵਿਕਾਸ ਹੋਵੇ, ਉਹ ਮੌਕਿਆਂ ਦਾ ਲਾਭ ਉਠਾਉਣ ਅਤੇ ਖੁਦ ਦੇ ਜੀਵਨ ਨੂੰ ਪ੍ਰਭਾਵਿਤ ਕਰਨ ਵਾਲੇ ਫੈਸਲਿਆਂ 'ਚ ਆਪਣਾ ਪੱਖ ਰੱਖ ਸਕਣ।" ਯੂਨੀਸੈਫ਼ ਦੇ ਅੰਕੜਿਆਂ ਮੁਤਾਬਕ, ਭਾਰਤ 'ਚ 20 ਤੋਂ 24 ਸਾਲ ਦੀ ਉਮਰ ਵਰਗ 'ਚ ਸ਼ਾਮਲ 22.4



ਕਰੋੜ ਤੋਂ ਜ਼ਿਆਦਾ ਮੁਟਿਆਰਾਂ ਦਾ ਵਿਆਹ ਉਨ੍ਹਾਂ ਦੇ ਬਾਲਗ ਹੋਣ ਤੋਂ ਪਹਿਲਾਂ ਹੋ ਗਿਆ ਸੀ। ਅੰਕੜਿਆਂ ਅਨੁਸਾਰ, ਇਨ੍ਹਾਂ 'ਚੋਂ 9 ਕਰੋੜ ਤੋਂ ਜ਼ਿਆਦਾ ਮੁਟਿਆਰਾਂ ਦਾ ਵਿਆਹ 15 ਸਾਲ ਤੋਂ ਘੱਟ ਉਮਰ 'ਚ ਹੀ ਕਰ ਦਿੱਤਾ ਗਿਆ ਸੀ। ਯੂਨੀਸੈਫ਼ ਦਾ ਅੰਦਾਜ਼ਾ ਹੈ ਕਿ ਦੁਨੀਆ 'ਚ ਹਰ 3 ਸਕਿੰਟ 'ਚ ਇਕ ਲੜਕੀ ਦਾ ਵਿਆਹ ਹੁੰਦਾ ਹੈ ਅਤੇ ਅਜਿਹੇ ਵਿਆਹਾਂ ਦੀ ਗਿਣਤੀ ਹਰ ਦਿਨ 1,500 ਤੱਕ ਪਹੁੰਚ ਸਕਦੀ ਹੈ। ਯੂਨੀਸੈਫ਼ ਅਤੇ ਸਰਕਾਰ ਦੇ ਅੰਕੜਿਆਂ ਮੁਤਾਬਕ, ਦੇਸ਼ 'ਚ ਹੋਣ ਵਾਲੇ ਕੁੱਲ ਬਾਲ ਵਿਆਹਾਂ 'ਚੋਂ ਅੱਧੇ ਤੋਂ ਵੱਧ 5 ਸੂਬਿਆਂ-ਉੱਤਰ ਪ੍ਰਦੇਸ਼, ਬਿਹਾਰ, ਪੱਛਮੀ ਬੰਗਾਲ, ਮਹਾਰਾਸ਼ਟਰ ਅਤੇ ਮੱਧ ਪ੍ਰਦੇਸ਼- 'ਚ ਹੁੰਦੇ ਹਨ। ਅੰਕੜਿਆਂ ਅਨੁਸਾਰ, ਬਾਲ ਵਿਆਹ 'ਤੇ ਲਗਾਮ ਲਾਉਣ ਦੇ ਮਾਮਲੇ 'ਚ ਕੇਰਲਮ ਅਤੇ ਲਕਸ਼ਦੀਪ ਚੰਗੀ ਤਰੱਕੀ ਕਰ ਰਹੇ ਹਨ। ਭਾਰਤ 'ਚ ਬਾਲ ਵਿਆਹ ਦੀ ਦਰ 1996 'ਚ 50 ਫੀਸਦੀ ਤੋਂ ਵੱਧ ਸੀ, ਜੋ ਹੁਣ ਘਟ ਕੇ ਲੱਗਭਗ 20 ਫੀਸਦੀ ਰਹਿ ਗਈ ਹੈ, ਫਿਰ ਵੀ ਅੰਤਰਰਾਸ਼ਟਰੀ ਬਾਲੜੀ ਦਿਵਸ ਦੇ ਮੌਕੇ ਮਾਹਿਰਾਂ ਨੇ ਚਿਤਾਵਨੀ ਦਿੱਤੀ ਹੈ ਕਿ ਰਾਸ਼ਟਰੀ ਔਸਤ ਨੂੰ ਦੇਖ ਕੇ ਗੁੰਮਰਾਹ ਨਹੀਂ ਹੋਣਾ ਚਾਹੀਦਾ, ਕਿਉਂਕਿ ਕੁਝ ਸੂਬਿਆਂ 'ਚ ਇਹ ਸਮੱਸਿਆ ਕਿਤੇ ਵੱਧ ਗੰਭੀਰ ਹੈ।

## 22 ਅਕਤੂਬਰ ਤੱਕ ਕਈ ਟਰੇਨਾਂ ਰੱਦ, ਓਡੀਸ਼ਾ 'ਚ ਲੈਂਡਸਲਾਈਡ ਕਾਰਨ ਰੇਲ ਸੇਵਾਵਾਂ ਪ੍ਰਭਾਵਿਤ

ਭੁਵਨੇਸ਼ਵਰ 17 ਅਕਤੂਬਰ। ਓਡੀਸ਼ਾ ਦੇ ਰਾਏਗੜ੍ਹਾ ਰੇਲ ਮੰਡਲ ਵਿੱਚ ਮਾਲੀਗੁੜਾ ਅਤੇ ਛੱਤਰਪੁਟ ਰੇਲਵੇ ਸਟੇਸ਼ਨਾਂ ਵਿਚਕਾਰ ਜ਼ਮੀਨ ਖਿਸਕਣ ਕਾਰਨ ਰੇਲ ਆਵਾਜਾਈ 'ਤੇ ਭਾਰੀ ਅਸਰ ਪਿਆ ਹੈ। ਈਸਟ ਕੋਸਟ ਰੇਲਵੇ ਦੁਆਰਾ 13 ਅਕਤੂਬਰ ਤੋਂ 22 ਅਕਤੂਬਰ ਤੱਕ ਕਈ ਟਰੇਨਾਂ ਨੂੰ ਰੱਦ ਕਰ ਦਿੱਤਾ ਗਿਆ ਹੈ, ਜਦਕਿ ਕਈ ਟਰੇਨਾਂ ਦੇ ਰੂਟਾਂ ਅਤੇ ਸ਼ੁਰੂਆਤੀ ਸਟੇਸ਼ਨਾਂ ਵਿੱਚ ਬਦਲਾਅ ਕੀਤਾ ਗਿਆ ਹੈ। ਇਸ ਬਦਲਾਅ ਨਾਲ ਓਡੀਸ਼ਾ, ਆਂਧਰਾ ਪ੍ਰਦੇਸ਼ ਅਤੇ ਛੱਤੀਸਗੜ੍ਹ ਵਿਚਕਾਰ ਯਾਤਰਾ ਕਰਨ ਵਾਲੇ ਯਾਤਰੀਆਂ ਨੂੰ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਸਕਦਾ ਹੈ। ਰੇਲਵੇ ਵੱਲੋਂ ਦਿੱਤੀ ਜਾਣਕਾਰੀ ਅਨੁਸਾਰ, ਜਗਦਲਪੁਰ, ਕਿਰੰਦੁਲ, ਵਿਸ਼ਾਖਾਪੱਟਨਮ, ਰਾਉਰਕੇਲਾ, ਹਾਵੜਾ ਅਤੇ ਭੁਵਨੇਸ਼ਵਰ ਵਿਚਕਾਰ ਚੱਲਣ ਵਾਲੀਆਂ ਕਈ ਪ੍ਰਮੁੱਖ ਟਰੇਨਾਂ ਪ੍ਰਭਾਵਿਤ ਹੋਈਆਂ ਹਨ। ਟਰੇਨ ਨੰਬਰ 18516 (ਕਿਰੰਦੁਲ-ਵਿਸ਼ਾਖਾਪੱਟਨਮ ਐਕਸਪ੍ਰੈਸ), 18515 (ਵਿਸ਼ਾਖਾਪੱਟਨਮ-ਕਿਰੰਦੁਲ ਐਕਸਪ੍ਰੈਸ) ਅਤੇ 18107 (ਰਾਉਰਕੇਲਾ-ਜਗਦਲਪੁਰ ਐਕਸਪ੍ਰੈਸ) 20 ਅਕਤੂਬਰ ਤੱਕ ਰੱਦ ਰਹਿਣਗੀਆਂ। ਇਸ ਤੋਂ ਇਲਾਵਾ ਟਰੇਨ ਨੰਬਰ 18108 (ਜਗਦਲਪੁਰ-ਰਾਉਰਕੇਲਾ ਐਕਸਪ੍ਰੈਸ) 14 ਅਕਤੂਬਰ ਤੋਂ 21 ਅਕਤੂਬਰ ਤੱਕ ਰੱਦ ਕੀਤੀ ਗਈ ਹੈ। ਜ਼ਮੀਨ ਖਿਸਕਣ ਕਾਰਨ ਕੁਝ ਟਰੇਨਾਂ ਨੂੰ



ਜਗਦਲਪੁਰ ਅਤੇ ਕਿਰੰਦੁਲ ਦੀ ਬਜਾਏ ਕੋਰਾਪੁਟ ਸਟੇਸ਼ਨ ਤੱਕ ਹੀ ਚਲਾਉਣ (ਸ਼ਾਰਟ ਟਰਮੀਨੇਟ) ਦਾ ਫੈਸਲਾ ਕੀਤਾ ਗਿਆ ਹੈ। ਹਾਵੜਾ-ਜਗਦਲਪੁਰ ਐਕਸਪ੍ਰੈਸ (18005), ਭੁਵਨੇਸ਼ਵਰ-ਜਗਦਲਪੁਰ ਹੀਰਾਖੰਡ ਐਕਸਪ੍ਰੈਸ (18447) ਅਤੇ ਵਿਸ਼ਾਖਾਪੱਟਨਮ-ਕਿਰੰਦੁਲ ਪੈਸੰਜਰ (58501) 20 ਅਕਤੂਬਰ ਤੱਕ ਕੋਰਾਪੁਟ 'ਚ ਹੀ ਆਪਣੀ ਯਾਤਰਾ ਸਮਾਪਤ ਕਰਨਗੀਆਂ। ਇਸੇ ਤਰ੍ਹਾਂ ਜਗਦਲਪੁਰ-ਹਾਵੜਾ ਐਕਸਪ੍ਰੈਸ (18006) 15 ਤੋਂ 22 ਅਕਤੂਬਰ ਤੱਕ, ਜਗਦਲਪੁਰ-ਭੁਵਨੇਸ਼ਵਰ ਹੀਰਾਖੰਡ ਐਕਸਪ੍ਰੈਸ (18448) 14 ਤੋਂ 21 ਅਕਤੂਬਰ ਤੱਕ ਅਤੇ ਕਿਰੰਦੁਲ-ਵਿਸ਼ਾਖਾਪੱਟਨਮ ਪੈਸੰਜਰ (58502) 20 ਅਕਤੂਬਰ ਤੱਕ ਜਗਦਲਪੁਰ ਜਾਂ ਕਿਰੰਦੁਲ ਦੀ ਬਜਾਏ ਕੋਰਾਪੁਟ ਸਟੇਸ਼ਨ ਤੋਂ ਹੀ ਆਪਣੀ ਯਾਤਰਾ ਸ਼ੁਰੂ ਕਰਨਗੀਆਂ। ਰੇਲਵੇ ਨੇ ਯਾਤਰੀਆਂ ਨੂੰ ਅਪੀਲ ਕੀਤੀ ਹੈ ਕਿ ਉਹ ਯਾਤਰਾ ਸ਼ੁਰੂ ਕਰਨ ਤੋਂ ਪਹਿਲਾਂ ਆਪਣੀ ਟਰੇਨ ਦੀ ਮੌਜੂਦਾ ਸਥਿਤੀ (ਲਾਈਵ ਸਟੇਟਸ) ਦੀ ਜਾਂਚ ਜ਼ਰੂਰ ਕਰ ਲੈਣ।

## ਅੱਤਵਾਦੀ ਸਾਜ਼ਿਸ਼ ਮਾਮਲੇ 'ਚ ਬੰਗਾਲ ਤੋਂ ਇਕ ਹੋਰ ਮੁਲਜ਼ਮ ਗ੍ਰਿਫ਼ਤਾਰ

ਨਵੀਂ ਦਿੱਲੀ 17 ਅਕਤੂਬਰ। ਰਾਸ਼ਟਰੀ ਜਾਂਚ ਏਜੰਸੀ (ਐੱਨ. ਆਈ. ਏ.) ਨੇ ਪਾਬੰਦੀਸ਼ੁਦਾ ਅੱਤਵਾਦੀ ਸੰਗਠਨ ਜਮਾਤੁਲ ਮੁਜਾਹਿਦੀਨ ਬੰਗਲਾਦੇਸ਼ (ਜੇ. ਐੱਮ. ਬੀ.) ਨਾਲ ਜੁੜੇ ਇਕ ਸੰਗਠਨ ਵੱਲੋਂ ਰਚੀ ਗਈ ਅੱਤਵਾਦੀ ਸਾਜ਼ਿਸ਼ ਦੇ ਸਬੰਧ 'ਚ ਪੱਛਮੀ ਬੰਗਾਲ ਤੋਂ ਇਕ ਹੋਰ ਮੁਲਜ਼ਮ ਨੂੰ ਗ੍ਰਿਫ਼ਤਾਰ ਕੀਤਾ ਹੈ। ਐੱਨ. ਆਈ. ਏ.ਦੇ ਇਕ ਬਿਆਨ ਅਨੁਸਾਰ ਗ੍ਰਿਫ਼ਤਾਰ ਮੁਲਜ਼ਮਾਂ ਤੋਂ ਮੋਬਾਈਲ ਫੋਨ ਤੇ ਮੈਮਰੀ ਕਾਰਡ ਸਮੇਤ ਕਈ ਡਿਜੀਟਲ ਡਿਵਾਈਸ ਜ਼ਬਤ ਕੀਤੇ ਗਏ ਹਨ। ਏਜੰਸੀ ਨੇ ਮੁਲਜ਼ਮਾਂ ਬਾਰੇ




ਵੇਰਵੇ ਸਾਂਝੇ ਨਹੀਂ ਕੀਤੇ। ਆਸਾਮ, ਪੱਛਮੀ ਬੰਗਾਲ ਤੇ ਕੇਰਲ 'ਚ 16 ਥਾਵਾਂ 'ਤੇ ਤਲਾਸ਼ੀ ਲੈਣ ਤੋਂ ਬਾਅਦ 29 ਸਤੰਬਰ ਨੂੰ ਇਸ ਮਾਮਲੇ 'ਚ 13 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਸੀ। ਜਾਂਚ ਏਜੰਸੀ ਨੇ ਕਿਹਾ ਕਿ ਐੱਨ. ਆਈ. ਏ. ਦੀ ਜਾਂਚ 'ਚ ਮੁਲਜ਼ਮਾਂ ਦੀ ਪਾਬੰਦੀਸ਼ੁਦਾ ਜੇ. ਐੱਮ. ਬੀ. ਨਾਲ ਜੁੜੀ ਇਕ ਸੰਸਥਾ ਇਮਾਮ ਮਹਿਮੂਦੁਰ ਕਾਫਿਲਾ ਵੱਲੋਂ ਰਚੀ ਗਈ ਸਾਜ਼ਿਸ਼ 'ਚ ਸ਼ਮੂਲੀਅਤ ਦਾ ਖੁਲਾਸਾ ਹੋਇਆ ਹੈ। ਇਸ ਸਾਜ਼ਿਸ਼ ਦਾ ਮੰਤਵ ਪਾਬੰਦੀਸ਼ੁਦਾ ਸੰਗਠਨ ਦੀ ਕੱਟੜਪੰਥੀ ਵਿਚਾਰਧਾਰਾ ਨੂੰ ਫੈਲਾਉਣਾ ਤੇ ਪੱਛਮੀ ਬੰਗਾਲ ਅਤੇ ਭਾਰਤ ਦੇ ਉੱਤਰ-ਪੂਰਬੀ ਸੂਬਿਆਂ 'ਚ ਆਪਣੇ ਅੱਤਵਾਦੀ ਨੈੱਟਵਰਕ ਦਾ ਪਸਾਰ ਕਰਨਾ ਸੀ।

# ਦੁਸ਼ਮਣਾਂ ਦੀਆਂ ਪਣਡੁੱਬੀਆਂ ਦਾ ਕਾਲ ਬਣੇਗਾ 'ਮੰਗਰੋਲ', ਜਲ ਸੈਨਾ 'ਚ ਹੋਇਆ ਸ਼ਾਮਲ

ਮੁੰਬਈ 17 ਅਕਤੂਬਰ। ਭਾਰਤੀ ਜਲ ਸੈਨਾ ਤੀਜੇ ਪਣਡੁੱਬੀ ਵਿਰੋਧੀ ਜੰਗੀ ਬੇੜੇ 'ਮੰਗਰੋਲ' ਨੂੰ ਸੋਮਵਾਰ ਨੂੰ ਇੱਥੇ ਬੇੜੇ 'ਚ ਸ਼ਾਮਲ ਕੀਤਾ ਗਿਆ। ਇਸ ਨਾਲ ਜਲ ਸੈਨਾ ਦੀ ਪਣਡੁੱਬੀ ਵਿਰੋਧੀ ਜੰਗੀ ਸਮਰੱਥਾਵਾਂ ਦੀ ਮਜ਼ਬੂਤ ਹੋਣ ਦੀ ਉਮੀਦ ਹੈ, ਖਾਸ ਕਰਕੇ ਤੱਟਵਰਤੀ ਸਮੁੰਦਰੀ ਖੇਤਰਾਂ 'ਚ, ਜਿੱਥੇ ਵੱਡੇ ਜੰਗੀ ਜਹਾਜ਼ਾਂ ਨੂੰ ਕਾਰਜਸ਼ੀਲ ਸੀਮਾਵਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਕੋਚੀ ਸਥਿਤ ਕੋਚੀਨ ਸ਼ਿਪਯਾਰਡ ਲਿਮਟਿਡ ਦੁਆਰਾ ਬਣਾਇਆ ਗਿਆ, ਇਹ ਜਹਾਜ਼ ਸਮੁੰਦਰੀ ਗਸ਼ਤ ਜਹਾਜ਼ਾਂ, ਹੈਲੀਕਾਪਟਰਾਂ ਅਤੇ ਹੋਰ ਜੰਗੀ ਜਹਾਜ਼ਾਂ ਨਾਲ ਤਾਲਮੇਲ ਕਰ ਕੇ ਕੰਮ ਕਰ ਸਕਦਾ ਹੈ। ਇਹ ਦੁਸ਼ਮਣ ਦੀਆਂ ਪਣਡੁੱਬੀਆਂ ਦਾ ਪਤਾ ਲਗਾਉਣ ਅਤੇ ਉਨ੍ਹਾਂ ਦਾ ਮੁਕਾਬਲਾ ਕਰਨ ਦੇ ਸਮਰੱਥ ਹੈ। ਜਲ ਸੈਨਾ 'ਚ ਜਹਾਜ਼ ਦੀ ਸ਼ਮੂਲੀਅਤ ਬੰਦਰਗਾਹਾਂ ਅਤੇ ਤੱਟਵਰਤੀ ਸਮੁੰਦਰੀ ਮਾਰਗਾਂ ਦੀ ਰੱਖਿਆ ਕਰਨ ਦੀ ਜਲ ਸੈਨਾ ਦੀ ਸਮਰੱਥਾ ਨੂੰ ਵਧਾਏਗੀ। ਇਸ ਨਾਲ ਹੀ, ਇਹ ਬੇੜੇ ਦੇ ਵਿਆਪਕ ਕਾਰਜਾਂ 'ਚ ਵੀ ਮਦਦ ਕਰੇਗਾ। ਬਦਲਦੇ ਸਮੁੰਦਰੀ ਸੁਰੱਖਿਆ ਦ੍ਰਿਸ਼ ਅਤੇ ਵਧਦੇ ਪਾਣੀ ਦੇ ਹੇਠਾਂ ਖਤਰਿਆਂ ਦੇ ਵਿਚਕਾਰ, 'ਮੈਂਗਰੋਲ' ਦੀ ਸ਼ਮੂਲੀਅਤ ਜਲ ਸੈਨਾ ਦੀ ਪਣਡੁੱਬੀ ਵਿਰੋਧੀ ਜੰਗੀ ਸਮਰੱਥਾਵਾਂ ਨੂੰ ਮਜ਼ਬੂਤ ??ਕਰਨ 'ਚ ਇਕ ਮਹੱਤਵਪੂਰਨ ਮੀਲ ਪੱਥਰ ਹੈ, ਖਾਸ ਕਰਕੇ ਤੱਟਵਰਤੀ ਸਮੁੰਦਰੀ ਖੇਤਰਾਂ 'ਚ ਇਸ ਦੀ ਅਹਿਮ ਭੂਮਿਕਾ ਹੋਵੇਗੀ। ਇਸ ਜਹਾਜ਼ ਦਾ ਜਲ ਸੈਨਾ 'ਚ ਸ਼ਾਮਲ ਹੋਣਾ ਭਾਰਤ ਦੀਆਂ ਵਧਦੀਆਂ ਸਵਦੇਸ਼ੀ ਜਹਾਜ਼ ਨਿਰਮਾਣ ਸਮਰੱਥਾਵਾਂ ਨੂੰ ਵੀ



ਦਰਸਾਉਂਦਾ ਹੈ। ਇਸ ਮੌਕੇ 'ਤੇ ਪੱਛਮੀ ਜਲ ਸੈਨਾ ਕਮਾਂਡ ਦੇ ਫਲੈਗ ਅਫਸਰ ਕਮਾਂਡਿੰਗ-ਇਨ-ਚੀਫ਼ ਵਾਈਸ ਐਡਮਿਰਲ ਸੰਜੇ ਵਾਤਸਯਨ ਮੁੱਖ ਮਹਿਮਾਨ ਸਨ। ਇਸ ਜਹਾਜ਼ ਦਾ ਨਾਂ ਗੁਜਰਾਤ ਦੇ ਜੂਨਾਗੜ੍ਹ ਜ਼ਿਲ੍ਹੇ ਦੇ ਤੱਟਵਰਤੀ ਸ਼ਹਿਰ ਅਤੇ ਮੱਛੀ ਫੜਨ ਵਾਲੇ ਮੁੱਖ ਬੰਦਰਗਾਹ 'ਮੰਗਰੋਲ' ਦੇ ਨਾਂ 'ਤੇ ਰੱਖਿਆ ਗਿਆ ਹੈ। ਇਹ ਜਹਾਜ਼ ਸਾਬਕਾ INS ਮੰਗਰੋਲ ($85) ਦੀ ਵਿਰਾਸਤ ਨੂੰ ਅੱਗੇ ਵਧਾਉਂਦਾ ਹੈ। ਸਾਬਕਾ ਬੇੜਾ ਇਕ ਐਂਟੀ-ਮਾਈਨ ਕਾਰਵੇਟ ਸੀ, ਜਿਸ ਨੇ ਅਪ੍ਰੈਲ 2004 ਤੱਕ ਭਾਰਤੀ ਜਲ ਸੈਨਾ 'ਚ ਸੇਵਾਵਾਂ ਦਿੱਤੀਆਂ ਸਨ। ਇਸ ਨਵੇਂ ਜਹਾਜ਼ ਦਾ ਨਾਮਕਰਨ ਜਲ ਸੈਨਾ ਦੀ ਉਸ ਪਰੰਪਰਾ ਨੂੰ ਜਾਰੀ ਰੱਖਦਾ ਹੈ, ਜਿਸ ਦੇ ਅਧੀਨ ਉਸ ਦੇ ਸਾਬਕਾ ਜੰਗੀ ਬੇੜਿਆਂ ਦੀ ਵਿਰਾਸਤ ਨੂੰ ਸੁਰੱਖਿਅਤ ਕੀਤਾ ਜਾਂਦਾ ਹੈ। ਜਲ ਸੈਨਾ ਨੇ ਕਿਹਾ ਕਿ 80 ਫੀਸਦੀ ਤੋਂ ਵੱਧ ਸਵਦੇਸ਼ੀ ਸਮੱਗਰੀ ਨਾਲ ਬਣੇ 'ਮੈਂਗਰੋਲ' ਜੰਗੀ ਜਹਾਜ਼ਾਂ 'ਚ ਉੱਨਤ ਹਥਿਆਰਾਂ ਅਤੇ ਸੈਂਸਰਾਂ ਨੂੰ ਡਿਜ਼ਾਈਨ ਕਰਨ, ਬਣਾਉਣ ਅਤੇ ਏਕੀਕ੍ਰਿਤ ਕਰਨ ਦੀ ਭਾਰਤ ਦੀ ਵਧਦੀ ਸਮਰੱਥਾ ਨੂੰ ਦਰਸਾਉਂਦਾ ਹੈ। ਤੱਟਵਰਤੀ ਅਤੇ ਘੱਟ ਡੂੰਘਾਈ ਵਾਲੇ ਸਮੁੰਦਰੀ ਖੇਤਰਾਂ 'ਚ ਪਾਣੀ ਦੇ ਅੰਦਰ ਮੌਜੂਦ ਖਤਰਿਆਂ ਦਾ ਪਤਾ ਲਗਾਉਣ ਅਤੇ ਉਨ੍ਹਾਂ ਨਾਲ ਨਿਜੱਠਣ ਲਈ ਤਿਆਰ 'ਮੰਗਰੋਲ' ਆਧੁਨਿਕ ਹਥਿਆਰਾਂ ਅਤੇ ਸੈਂਸਰਾਂ ਨਾਲ ਲੈੱਸ ਹੈ। ਇਨ੍ਹਾਂ 'ਚ 'ਅਭੈ' ਹਲ-ਮਾਊਂਟੇਡ ਸੋਨਾਰ, ਹਲਕੇ ਟਾਰਪੀਡੋ, ਸਵਦੇਸ਼ੀ ਐਂਟੀ-ਪਣਡੁੱਬੀ ਰਾਕੇਟ ਲਾਂਚਰ ਅਤੇ 'ਮਾਰੀਚ' ਉੱਨਤ ਟਾਰਪੀਡੋ ਡੀਕੋਏ ਪ੍ਰਣਾਲੀ ਸ਼ਾਮਲ ਹੈ। ਤਿੰਨ ਡੀਜ਼ਲ ਇੰਜਣਾਂ ਅਤੇ ਵਾਟਰਜੈੱਟ ਪ੍ਰੋਪਲਸ਼ਨ ਸਿਸਟਮ ਵਲੋਂ ਸੰਚਾਲਿਤ ਇਕ ਜਹਾਜ਼ ਘੱਟ ਪਾਣੀ ਵਾਲੇ ਸਮੁੰਦਰੀ ਖੇਤਰਾਂ 'ਚ ਬੇਹੱਦ ਕੁਸ਼ਲਤਾ ਨਾਲ ਦਿਸ਼ਾ ਬਦਲਣ ਅਤੇ ਸੰਚਾਲਨ ਕਰਨ 'ਚ ਸਮਰੱਥ ਹੈ। ਇਹ ਪਾਣੀ ਦੇ ਅੰਦਰ ਨਿਗਰਾਨੀ, ਘੱਟ ਤੀਬਰਤਾ ਵਾਲੀਆਂ ਸਮੁੰਦਰੀ ਮੁਹਿੰਮਾਂ ਅਤੇ ਬਾਰੂਦੀ ਸੁਰੰਗਾਂ ਨਾਲ ਜੁੜੀਆਂ ਮੁਹਿੰਮਾਂ ਨੂੰ ਅੰਜਾਮ ਦੇਣ 'ਚ ਵੀ ਸਮਰੱਥ ਹੈ।

# ਹਿਮਾਚਲ: ਪ੍ਰਾਈਵੇਟ ਕੋਚਿੰਗ ਸੈਂਟਰਾਂ ਦੀ ਰਜਿਸਟਰੇਸ਼ਨ ਲਾਜ਼ਮੀ, 50,000 ਰੁਪਏ ਰੱਖੀ ਫੀਸ

**ਕੌਮੀ ਪਤ੍ਰਿਕਾ**

ਨੈਸ਼ਨਲ ਡੈਸਕ 17 ਅਕਤੂਬਰ। ਊਨਾ ਜ਼ਿਲ੍ਹੇ ਵਿੱਚ ਕੰਮ ਕਰਨ ਵਾਲੇ ਸਾਰੇ ਯੋਗ ਪ੍ਰਾਈਵੇਟ ਕੋਚਿੰਗ ਸੈਂਟਰਾਂ ਨੂੰ ਨਿਰਧਾਰਤ ਨਿਯਮਾਂ ਅਧੀਨ ਰਜਿਸਟਰ ਕਰਨਾ ਪਵੇਗਾ। ?50,000 ਦੀ ਰਜਿਸਟ?ਰੇਸ਼ਨ ਫੀਸ ਨਿਰਧਾਰਤ ਕੀਤੀ ਗਈ ਹੈ, ਜਦੋਂ ਕਿ ਰਜਿਸਟ?ਰੇਸ਼ਨ ਸਰਟੀਫਿਕੇਟ ਤਿੰਨ ਸਾਲਾਂ ਲਈ ਮਿਆਦ ਹੋਵੇਗਾ। ?25,000 ਦੀ ਨਵਿਆਉਣ ਫੀਸ ਦੀ ਲੋੜ ਹੋਵੇਗੀ। ਊਨਾ ਦੇ ਵਧੀਕ ਡਿਪਟੀ ਕਮਿਸ਼ਨਰ (ਏ.ਡੀ.ਸੀ.) ਇਸ਼ਾਂਤ ਜਸਵਾਲ ਨੇ ਕੋਚਿੰਗ ਸੈਂਟਰ ਸੰਚਾਲਕਾਂ ਨੂੰ ਨਿਰਧਾਰਤ ਨਿਯਮਾਂ, ਵਿਦਿਆਰਥੀਆਂ ਦੀ ਸੁਰੱਖਿਆ ਤੇ ਜ਼ਰੂਰੀ ਸਹੂਲਤਾਂ ਦੀ ਪਾਲਣਾ ਨੂੰ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਹਨ। ਇਸ ਸਬੰਧੀ ਏ.ਡੀ.ਸੀ. ਨੇ ਦੱਸਿਆ ਕਿ ਇਸ ਸਬੰਧ ਵਿੱਚ ਪਹਿਲਾਂ ਜ਼ਿਲ੍ਹਾ ਪੱਧਰੀ ਕਮੇਟੀ ਦੀ ਮੀਟਿੰਗ ਹੋਈ ਸੀ। ਮੀਟਿੰਗ ਵਿੱਚ ਰਜਿਸਟ?ਰੇਸ਼ਨ, ਬੁਨਿਆਦੀ ਢਾਂਚਾ, ਵਿਦਿਆਰਥੀਆਂ ਦੀ ਸੁਰੱਖਿਆ, ਫੀਸ ਪਾਰਦਰਸ਼ਤਾ ਅਤੇ ਕੋਚਿੰਗ ਸੈਂਟਰਾਂ (ਰਜਿਸਟ?ਰੇਸ਼ਨ ਅਤੇ ਨਿਯਮ) ਨਿਯਮਾਂ ਦੀ ਪਾਲਣਾ ਨਾਲ ਸਬੰਧਤ ਵੱਖ-ਵੱਖ ਪਹਿਲੂਆਂ 'ਤੇ ਚਰਚਾ ਕੀਤੀ ਗਈ ਅਤੇ ਜ਼ਰੂਰੀ ਫੈਸਲੇ ਲਏ ਗਏ। ਊਨਾ ਜ਼ਿਲ੍ਹੇ ਵਿੱਚ ਕੰਮ ਕਰਨ ਵਾਲੇ ਸਾਰੇ ਯੋਗ ਪ੍ਰਾਈਵੇਟ ਕੋਚਿੰਗ ਸੈਂਟਰਾਂ ਨੂੰ ਨਿਰਧਾਰਤ ਅਰਜ਼ੀ ਫਾਰਮ ਭਰਨਾ ਚਾਹੀਦਾ ਹੈ ਅਤੇ ਇਸਨੂੰ ਡਿਪਟੀ ਡਾਇਰੈਕਟਰ, ਉੱਚ ਸਿੱਖਿਆ, ਊਨਾ ਦੇ ਦਫ਼ਤਰ ਵਿੱਚ ਜਮ?ਹਾ ਕਰਨਾ ਚਾਹੀਦਾ ਹੈ। ਅਰਜ਼ੀ ਫਾਰਮ ਨਿਰਧਾਰਤ ਵੈੱਬਸਾਈਟ 'ਤੇ ਉਪਲਬਧ ਹੈ। ਅਰਜ਼ੀ ਦੇ ਨਾਲ ?50,000 ਦੀ ਰਜਿਸਟ?ਰੇਸ਼ਨ ਫੀਸ ਵੀ ਦੇਣੀ ਪਵੇਗੀ। ਪ੍ਰਾਪਤ ਹੋਈਆਂ ਅਰਜ਼ੀਆਂ ਦੀ ਜ਼ਿਲ੍ਹਾ ਪੱਧਰੀ ਕਮੇਟੀ ਦੁਆਰਾ ਸਥਾਪਿਤ ਨਿਯਮਾਂ ਅਤੇ ਮਾਪਦੰਡਾਂ ਅਨੁਸਾਰ ਜਾਂਚ ਕੀਤੀ ਜਾਵੇਗੀ। ਸਾਰੀਆਂ ਲੋੜੀਂਦੀਆਂ ਜ਼ਰੂਰਤਾਂ ਨੂੰ ਪੂਰਾ ਕਰਨ ਵਾਲੇ ਕੋਚਿੰਗ ਸੈਂਟਰਾਂ ਨੂੰ ਤਿੰਨ ਸਾਲਾਂ ਦੀ ਵੈਧਤਾ ਵਾਲਾ ਰਜਿਸਟ?ਰੇਸ਼ਨ ਸਰਟੀਫਿਕੇਟ ਜਾਰੀ ਕੀਤਾ ਜਾਵੇਗਾ। ਨਿਰਧਾਰਤ ਜ਼ਰੂਰਤਾਂ ਨੂੰ ਪੂਰਾ ਨਾ ਕਰਨ ਵਾਲੀਆਂ ਅਰਜ਼ੀਆਂ ਰੱਦ ਕੀਤੀਆਂ ਜਾ ਸਕਦੀਆਂ ਹਨ। ਹਾਲਾਂਕਿ, ਲੋੜੀਂਦੀਆਂ ਕਮੀਆਂ ਨੂੰ ਦੂਰ ਕਰਨ ਤੋਂ ਬਾਅਦ, ਸਬੰਧਤ ਕੇਂਦਰ ਨਿਰਧਾਰਤ ਪ੍ਰਕਿਰਿਆ ਅਨੁਸਾਰ ਆਪਣੀਆਂ ਅਰਜ਼ੀਆਂ ਦੁਬਾਰਾ ਜਮ?ਹਾਂ ਕਰ ਸਕਦੇ ਹਨ। ਜੇਕਰ ਅਰਜ਼ੀ ਦੀ ਜਾਂਚ ਦੌਰਾਨ ਜ਼ਰੂਰੀ ਸਹੂਲਤਾਂ ਜਾਂ ਨਿਰਧਾਰਤ ਮਾਪਦੰਡਾਂ ਨਾਲ ਸਬੰਧਤ ਕਮੀਆਂ ਪਾਈਆਂ ਜਾਂਦੀਆਂ ਹਨ, ਤਾਂ ਸਬੰਧਤ ਕੋਚਿੰਗ ਸੈਂਟਰ ਨੂੰ ਉਨ੍ਹਾਂ ਨੂੰ ਸੁਧਾਰਨ ਲਈ ਵੱਧ ਤੋਂ ਵੱਧ ਤਿੰਨ ਮਹੀਨੇ ਦਿੱਤੇ ਜਾਣਗੇ। ਇਸ ਮਿਆਦ ਦੇ ਅੰਦਰ, ਕੇਂਦਰ ਨੂੰ ਨਿਰਧਾਰਤ ਜ਼ਰੂਰਤਾਂ ਨੂੰ ਪੂਰਾ ਕਰਨ ਦੀ ਲੋੜ ਹੋਵੇਗੀ। ਏਡੀਸੀ ਨੇ ਕਿਹਾ ਕਿ ਕੋਚਿੰਗ ਸੈਂਟਰਾਂ ਨੂੰ ਵਿਦਿਆਰਥੀਆਂ ਦੀ ਗਿਣਤੀ ਦੇ ਅਨੁਸਾਰ ਢੁਕਵੇਂ ਕਲਾਸਰੂਮ, ਢੁਕਵੀਂ ਰੋਸ਼ਨੀ, ਚੰਗੀ ਹਵਾਦਾਰੀ, ਸਾਫ਼ ਪੀਣ ਵਾਲਾ ਪਾਣੀ, ਪਖਾਨੇ, ਅੱਗ ਸੁਰੱਖਿਆ ਅਤੇ ਹੋਰ ਜ਼ਰੂਰੀ ਬੁਨਿਆਦੀ ਢਾਂਚਾ ਸਹੂਲਤਾਂ ਪ੍ਰਦਾਨ ਕਰਨ ਦੀ ਲੋੜ ਹੋਵੇਗੀ। ਇਸ ਤੋਂ ਇਲਾਵਾ, ਸਿੱਖਿਆ ਪ੍ਰਣਾਲੀ, ਪਾਠਕ੍ਰਮ, ਕਲਾਸ ਸੰਚਾਲਨ ਅਤੇ ਵਿਦਿਆਰਥੀਆਂ ਨੂੰ ਮਿਆਰੀ ਸਿੱਖਿਆ ਪ੍ਰਦਾਨ ਕਰਨ ਸੰਬੰਧੀ ਨਿਰਧਾਰਤ ਪ੍ਰਬੰਧਾਂ ਦੀ ਪਾਲਣਾ ਯਕੀਨੀ ਬਣਾਈ ਜਾਣੀ ਚਾਹੀਦੀ ਹੈ। ਕੋਚਿੰਗ ਸੈਂਟਰ ਸੰਚਾਲਕਾਂ ਨੂੰ ਵਿਦਿਆਰਥੀਆਂ ਦੇ ਦਾਖਲੇ, ਫੀਸਾਂ, ਹਾਜ਼ਰੀ ਅਤੇ ਹੋਰ ਜ਼ਰੂਰੀ ਵੇਰਵਿਆਂ ਦਾ ਸਹੀ ਅਤੇ ਅੱਪ ਟੂ



ਡੇਟ ਰਿਕਾਰਡ ਰੱਖਣਾ ਚਾਹੀਦਾ ਹੈ। ਵਿਦਿਆਰਥੀਆਂ ਤੋਂ ਲਈਆਂ ਜਾਣ ਵਾਲੀਆਂ ਟਿਊਸ਼ਨ ਫੀਸਾਂ ਅਤੇ ਹੋਰ ਖਰਚਿਆਂ ਵਿੱਚ ਪਾਰਦਰਸ਼ਤਾ ਬਣਾਈ ਰੱਖਣ ਦੇ ਨਾਲ-ਨਾਲ, ਉਨ੍ਹਾਂ ਨੂੰ ਨਿਰਧਾਰਤ ਫੀਸ ਨਿਯਮਾਂ ਦੀ ਵੀ ਪਾਲਣਾ ਕਰਨੀ ਚਾਹੀਦੀ ਹੈ। ਰਜਿਸਟਰਡ ਕੋਚਿੰਗ ਸੈਂਟਰਾਂ ਨੂੰ ਆਪਣਾ ਰਜਿਸਟਰਡ ਸਥਾਨ ਬਦਲਣ ਤੋਂ ਪਹਿਲਾਂ ਨਿਰਧਾਰਤ ਪ੍ਰਕਿਰਿਆਵਾਂ ਅਨੁਸਾਰ ਸਬੰਧਤ ਅਥਾਰਟੀ ਤੋਂ ਇਜਾਜ਼ਤ ਲੈਣੀ ਚਾਹੀਦੀ ਹੈ। ਏਡੀਸੀ ਨੇ ਕਿਹਾ ਕਿ ਰਜਿਸਟਰਡ ਕੋਚਿੰਗ ਸੈਂਟਰਾਂ ਦੇ ਕੰਮਕਾਜ ਦਾ ਸਮੇਂ-ਸਮੇਂ 'ਤੇ ਨਿਰਧਾਰਤ ਪ੍ਰਕਿਰਿਆਵਾਂ ਅਨੁਸਾਰ ਨਿਰੀਖਣ ਅਤੇ ਨਿਗਰਾਨੀ ਕੀਤੀ ਜਾਵੇਗੀ। ਕੋਚਿੰਗ ਸੈਂਟਰਾਂ ਵਿਰੁੱਧ ਪ੍ਰਾਪਤ ਸ਼ਿਕਾਇਤਾਂ ਦੀ ਜਾਂਚ ਕੀਤੀ ਜਾਵੇਗੀ ਅਤੇ ਨਿਯਮਾਂ ਅਨੁਸਾਰ ਲੋੜੀਂਦੀ ਕਾਰਵਾਈ ਕੀਤੀ ਜਾਵੇਗੀ। ਨਿਰਧਾਰਤ ਨਿਯਮਾਂ ਅਤੇ ਸ਼ਰਤਾਂ ਦੀ ਉਲੰਘਣਾ ਦੀ ਸਥਿਤੀ ਵਿੱਚ, ਸਬੰਧਤ ਕੋਚਿੰਗ ਸੈਂਟਰ ਨੂੰ ਜੁਰਮਾਨਾ ਲਗਾਇਆ ਜਾ ਸਕਦਾ ਹੈ ਅਤੇ ਜ਼ਰੂਰੀ ਹਾਲਤਾਂ ਵਿੱਚ, ਇਸਦੀ ਰਜਿਸਟ?ਰੇਸ਼ਨ ਰੱਦ ਕੀਤੀ ਜਾ ਸਕਦੀ ਹੈ। ਰਜਿਸਟ?ਰੇਸ਼ਨ ਸੰਬੰਧੀ ਕਿਸੇ ਵੀ ਫੈਸਲੇ ਤੋਂ ਅਸੰਤੁਸ਼ਟ ਕੋਚਿੰਗ ਸੈਂਟਰ ਸੰਚਾਲਕ ਨਿਰਧਾਰਤ ਨਿਯਮਾਂ ਅਨੁਸਾਰ ਸਮਰੱਥ ਅਥਾਰਟੀ ਨੂੰ ਅਪੀਲ ਕਰ ਸਕਦੇ ਹਨ। ਇਸ ਤੋਂ ਇਲਾਵਾ, ਸਮਰੱਥ ਅਥਾਰਟੀ ਕੋਚਿੰਗ ਸੈਂਟਰਾਂ ਦੇ ਪ੍ਰਭਾਵਸ਼ਾਲੀ ਅਤੇ ਯੋਜਨਾਬੱਧ ਸੰਚਾਲਨ ਨੂੰ ਯਕੀਨੀ ਬਣਾਉਣ ਲਈ ਸਮੇਂ-ਸਮੇਂ 'ਤੇ ਜ਼ਰੂਰੀ ਦਿਸ਼ਾ-ਨਿਰਦੇਸ਼ ਜਾਰੀ ਕਰ ਸਕਦੀ ਹੈ। ਵਧੀਕ ਡਿਪਟੀ ਕਮਿਸ਼ਨਰ (ਏ.ਡੀ.ਸੀ.) ਇਸ਼ਾਂਤ ਜਸਵਾਲ ਨੇ ਊਨਾ ਜ਼ਿਲ੍ਹੇ ਦੇ ਸਾਰੇ ਨਿੱਜੀ ਕੋਚਿੰਗ ਸੈਂਟਰ ਸੰਚਾਲਕਾਂ ਨੂੰ ਸਥਾਪਿਤ ਨਿਯਮਾਂ ਅਤੇ ਨਿਯਮਾਂ ਦੀ ਪਾਲਣਾ ਨੂੰ ਯਕੀਨੀ ਬਣਾਉਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਰਜਿਸਟ?ਰੇਸ਼ਨ ਪ੍ਰਕਿਰਿਆ, ਵਿਦਿਆਰਥੀਆਂ ਦੀ ਸੁਰੱਖਿਆ, ਜ਼ਰੂਰੀ ਸਹੂਲਤਾਂ ਅਤੇ ਸਿੱਖਿਆ ਦੀ ਗੁਣਵੱਤਾ ਨਾਲ ਸਬੰਧਤ ਪ੍ਰਬੰਧਾਂ ਦੀ ਪ੍ਰਭਾਵਸ਼ਾਲੀ ਪਾਲਣਾ ਨੂੰ ਯਕੀਨੀ ਬਣਾਉਣਾ ਸਾਰੀਆਂ ਸਬੰਧਤ ਸੰਸਥਾਵਾਂ ਦੀ ਜ਼ਿੰਮੇਵਾਰੀ ਹੈ।